Designer & Customized
WEDDING
CARDS & BOXES
Shagun Envelopes & Saha Chithi
More Than 500 Designs
of Wedding Cards & Boxes
More info Call us or Whatsapp:
+91-988881 88887, 988882 88887
weddingsea@gmail.com
SEA DESIGN COMPANY

ਰੋਜ਼ਾਨਾ
ਸ਼ਹੀਦ-ਏ-ਆਜ਼ਮ
SHAHEED-E-AZAM, DAILY PUNJABI NEWSPAPER, PATIALA
ਰੋਜ਼ਾਨਾ ਪੰਜਾਬੀ ਅਖ਼ਬਾਰ, ਪਟਿਆਲਾ

Shaheed-e-Azam
PRINTING PRESS
Customized and Designer
- Wedding Invitations
- Wedding Boxes
(MDF/Acrylic/Folding)
- Shagan Envelop
- Sahi Chithi
98881-88887

PRGI (RNI) Regd. No. 42354 | Website : www.shaheedeazamnews.com | e-mail:seanewspatiala@gmail.com | Tel.: 0175-5124275, 9814632807 | Facebook: ShaheedeAzamnews | Youtube: @ShaheedeAzamnews

Year: 43 Issue : 134 Chief Editor : Chowdhary Prabhjit Singh, Editor : Chhatarpal Singh 98146-32807, Thursday 12 November 2026 Price : 2 Rs. Page : 6

ਪੰਜਾਬ ਦੀ ਤਕਨੀਕੀ ਸਿੱਖਿਆ ਵਿੱਚ ਇਤਿਹਾਸਕ ਬਦਲਾਅ; ਭਗਵੰਤ ਮਾਨ ਸਰਕਾਰ ਵਿਦਿਆਰਥੀਆਂ ਨੂੰ ਹੁਨਰਮੰਦ ਬਣਾਉਣ ਲਈ ਦਿਵਾ ਰਹੀ ਹੈ ਉਦਯੋਗਿਕ ਖੇਤਰ ਦਾ ਤਜਰਬਾ

ਪੌਲੀਟੈਕਨਿਕ ਵਿਦਿਆਰਥੀਆਂ ਲਈ ਪਰਿਵਾਰਕ ਆਮਦਨ ਦੀ ਕੋਈ ਸੀਮਾ ਨਹੀਂ; ਵਿਦਿਆਰਥੀਆਂ ਲਈ ਉਦਯੋਗਿਕ ਤਜਰਬਾ ਹਾਸਲ ਕਰਨ ਅਤੇ ਬਿਹਤਰ ਰੁਜ਼ਗਾਰ ਹਾਸਲ ਕਰਨ ਦਾ ਵੱਡਾ ਮੌਕਾ: ਭਗਵੰਤ ਸਿੰਘ ਮਾਨ

ਚੰਡੀਗੜ੍ਹ, 12 ਨਵੰਬਰ
-ਚੌਧਰੀ ਪ੍ਰਭਜੀਤ ਸਿੰਘ-

ਭਗਵੰਤ ਮਾਨ ਸਰਕਾਰ ਇਹ ਯਕੀਨੀ ਬਣਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਕਿ ਵਿੱਤੀ ਤੰਗੀਆਂ ਕਾਰਨ ਵਿਦਿਆਰਥੀ ਆਪਣੇ ਕਰੀਅਰ ਨੂੰ ਬਣਾਉਣ ਲਈ ਲੋੜੀਂਦਾ ਉਦਯੋਗਿਕ ਤਜਰਬਾ ਹਾਸਲ ਕਰਨ ਤੋਂ ਵਾਂਝੇ ਨਾ ਰਹਿ ਜਾਣ। 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ, ਸਰਕਾਰ ਵੱਲੋਂ ਪੌਲੀਟੈਕਨਿਕ ਵਿਦਿਆਰਥੀਆਂ ਨੂੰ 4 ਮਹੀਨਿਆਂ ਦੀ ਉਦਯੋਗਿਕ ਇੰਟਰਨਸ਼ਿਪ ਦੌਰਾਨ ਵਿੱਤੀ ਸਹਾਇਤਾ ਪ੍ਰਦਾਨ ਕੀਤੀ ਜਾਵੇਗੀ, ਜਿਸ ਨਾਲ ਉਨ੍ਹਾਂ ਨੂੰ ਵਿਹਾਰਕ ਹੁਨਰ ਸਿੱਖਣ ਅਤੇ ਰੁਜ਼ਗਾਰ ਹਾਸਲ ਕਰਨ ਦੇ ਯੋਗ ਬਣਨ ਵਿੱਚ ਮਦਦ ਮਿਲੇਗੀ।

ਇਸ ਪਹਿਲਕਦਮੀ ਤਹਿਤ, 1,700 ਵਿਦਿਆਰਥੀਆਂ ਨੂੰ 4 ਮਹੀਨਿਆਂ ਤੱਕ 5,000 ਰੁਪਏ ਪ੍ਰਤੀ ਮਹੀਨਾ ਦਿੱਤੇ ਜਾਣਗੇ ਅਤੇ ਇਸ ਸਬੰਧੀ ਪਰਿਵਾਰਕ ਆਮਦਨ ਦੀ ਕੋਈ ਸੀਮਾ ਨਹੀਂ ਰੱਖੀ ਗਈ ਹੈ। ਇਹ ਯੋਜਨਾ ਛੇ ਡਿਪਲੋਮਾ ਸਟ੍ਰੀਮਾਂ ਦੇ 2024-27 ਬੈਚ ਦੇ ਛੇਵੇਂ ਸਮੈਸਟਰ ਦੇ ਵਿਦਿਆਰਥੀਆਂ ਲਈ ਲਾਗੂ ਹੋਵੇਗੀ, ਜਿਸ ਨਾਲ ਉਹ ਬਿਨਾਂ ਕਿਸੇ ਵਿੱਤੀ ਰੁਕਾਵਟ ਦੇ ਉਦਯੋਗਿਕ ਖੇਤਰ ਦਾ ਵਿਹਾਰਕ ਤਜਰਬਾ ਹਾਸਲ ਕਰ ਸਕਣਗੇ।

ਇਸ ਬਾਰੇ ਗੱਲ ਕਰਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ, ਹਰ ਨੌਜਵਾਨ ਕੋਲ ਆਪਣੀ ਸਿੱਖਿਆ ਨੂੰ ਇੱਕ ਸਾਰਥਕ ਕਰੀਅਰ ਵਿੱਚ ਬਦਲਣ ਦਾ ਮੌਕਾ ਹੋਣਾ ਚਾਹੀਦਾ ਹੈ। 'ਪੰਜਾਬ ਸਿੱਖਿਆ ਕ੍ਰਾਂਤੀ' ਰਾਹੀਂ, ਅਸੀਂ ਇਹ ਯਕੀਨੀ ਬਣਾਉਣ ਲਈ ਕੰਮ ਕਰ ਰਹੇ ਹਾਂ ਕਿ ਸਰਕਾਰੀ ਸੰਸਥਾਵਾਂ ਵਿਦਿਆਰਥੀਆਂ ਨੂੰ ਸਿਰਫ਼ ਡਿਗਰੀਆਂ ਹੀ ਨਾ ਦੇਣ, ਸਗੋਂ ਉਨ੍ਹਾਂ ਨੂੰ ਅਜਿਹੇ ਹੁਨਰ ਅਤੇ ਤਜਰਬੇ ਨਾਲ ਲੈਸ ਕਰਨ ਜੋ ਉਨ੍ਹਾਂ ਨੂੰ ਜੀਵਨ ਵਿੱਚ ਸਫਲ ਬਣਾਉਣ ਲਈ ਜ਼ਰੂਰੀ ਹਨ। ਪੰਜਾਬ ਵਿੱਚ ਪੌਲੀਟੈਕਨਿਕ ਵਿਦਿਆਰਥੀਆਂ ਲਈ ਸ਼ੁਰੂ ਕੀਤੀ ਗਈ ਇਹ ਆਪਣੀ ਕਿਸਮ ਦੀ ਪਹਿਲੀ ਪਹਿਲਕਦਮੀ ਹੈ, ਜੋ ਸਾਡੇ ਨੌਜਵਾਨਾਂ ਨੂੰ ਉਸ ਸਮੇਂ ਸਹਾਇਤਾ ਪ੍ਰਦਾਨ ਕਰਦੀ ਹੈ ਜਦੋਂ ਉਹ



ਕਲਾਸਰੂਮ ਤੋਂ ਨਿਕਲ ਕੇ ਕੰਮਕਾਜੀ ਦੁਨੀਆ ਵਿੱਚ ਕਦਮ ਰੱਖਦੇ ਹਨ ਅਤੇ ਆਪਣਾ ਭਵਿੱਖ ਸਿਰਜਦੇ ਹਨ।

ਤਕਨੀਕੀ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ, ਉਦਯੋਗਿਕ ਸਿਖਲਾਈ ਉਹ ਪੜਾਅ ਹੈ ਜਿੱਥੇ ਵਿਦਿਆਰਥੀ ਕਲਾਸਰੂਮ ਵਿੱਚ ਸਿੱਖੀਆਂ ਗੱਲਾਂ ਨੂੰ ਅਸਲ ਦੁਨੀਆ ਦੀਆਂ ਚੁਣੌਤੀਆਂ 'ਤੇ ਲਾਗੂ ਕਰਨਾ ਸ਼ੁਰੂ ਕਰਦੇ ਹਨ। ਇਸ ਦੌਰਾਨ 20,000 ਰੁਪਏ ਤੱਕ ਦੀ ਵਿੱਤੀ ਸਹਾਇਤਾ ਪ੍ਰਦਾਨ ਕਰਕੇ, ਅਸੀਂ ਵਿਦਿਆਰਥੀਆਂ ਦੀ ਮਦਦ ਕਰਨਾ ਚਾਹੁੰਦੇ ਹਾਂ ਤਾਂ ਜੋ ਉਹ ਵਿਹਾਰਕ ਤਜਰਬਾ ਹਾਸਲ ਕਰ ਸਕਣ, ਉਦਯੋਗਿਕ ਮਾਹਿਰਾਂ ਤੋਂ ਹੁਨਰ ਸਿੱਖ ਸਕਣ ਅਤੇ ਰੁਜ਼ਗਾਰ ਲਈ ਤਿਆਰ ਹੋ ਸਕਣ।

ਸਾਡਾ ਉਦੇਸ਼ ਤਕਨੀਕੀ ਸਿੱਖਿਆ ਨੂੰ ਵਧੇਰੇ ਵਿਹਾਰਕ, ਉਦਯੋਗ-ਮੁਖੀ ਅਤੇ ਪੰਜਾਬ ਦੇ ਨੌਜਵਾਨਾਂ ਦੀਆਂ ਉਮੀਦਾਂ ਦੇ ਅਨੁਕੂਲ ਬਣਾਉਣਾ ਹੈ।

ਵਿੱਤੀ ਸਹਾਇਤਾ ਮੈਨੂੰ ਵਿਹਾਰਕ ਸਿਖਲਾਈ ਅਤੇ ਕਰੀਅਰ ਲਈ ਤਿਆਰੀ ਵੱਲ ਧਿਆਨ ਕੇਂਦਰਿਤ ਕਰਨ ਵਿੱਚ ਮਦਦ ਕਰੇਗੀ: ਪੌਲੀਟੈਕਨਿਕ ਵਿਦਿਆਰਥੀ ਸਰਕਾਰੀ ਪੌਲੀਟੈਕਨਿਕ ਕਾਲਜ ਮੋਹਾਲੀ (ਖੂਨੀਮਾਜਰਾ) ਦੇ ਇੱਕ ਵਿਦਿਆਰਥੀ ਨੇ ਕਿਹਾ: ÷ਇਹ ਵਿੱਤੀ ਸਹਾਇਤਾ ਮੇਰੀ ਉਦਯੋਗਿਕ ਸਿਖਲਾਈ ਦੌਰਾਨ ਮੇਰੇ ਲਈ ਬਹੁਤ ਵੱਡਾ ਸਹਾਰਾ ਬਣੇਗੀ। ਇਸ ਨਾਲ ਮੈਨੂੰ ਆਪਣੇ ਕੁਝ ਖਰਚਿਆਂ ਦਾ ਪ੍ਰਬੰਧ ਕਰਨ ਵਿੱਚ ਮਦਦ ਮਿਲੇਗੀ ਅਤੇ ਮੈਂ ਨਵੇਂ ਹੁਨਰ ਸਿੱਖਣ, ਵਿਹਾਰਕ ਤਜਰਬਾ ਹਾਸਲ ਕਰਨ ਅਤੇ ਇਹ ਸਮਝਣ 'ਤੇ ਧਿਆਨ ਕੇਂਦਰਿਤ ਕਰ ਸਕਾਂਗਾ ਕਿ ਉਦਯੋਗਾਂ ਵਿੱਚ ਕੰਮ ਕਿਵੇਂ ਹੁੰਦਾ ਹੈ। ਮੈਨੂੰ ਯਕੀਨ ਹੈ ਕਿ ਇਹ ਤਜਰਬਾ ਮੈਨੂੰ ਬਿਹਤਰ ਕਰੀਅਰ ਸਿਰਜਣ ਵਿੱਚ ਮਦਦ ਕਰੇਗਾ।÷

ਪਹਿਲਾਂ ਹੀ ਹੋਰ ਵਜ਼ੀਫ਼ੇ ਲੈ ਰਹੇ ਵਿਦਿਆਰਥੀ ਵੀ 5,000 ਰੁਪਏ ਪ੍ਰਤੀ ਮਹੀਨਾ ਦੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ।ਜਿਹੜੇ ਵਿਦਿਆਰਥੀ ਪਹਿਲਾਂ ਹੀ ਆਪਣੇ ਉਦਯੋਗ ਜਾਂ ਕਿਸੇ ਹੋਰ ਸਰੋਤ ਤੋਂ ਵਜ਼ੀਫ਼ਾ ਜਾਂ ਵਿੱਤੀ ਸਹਾਇਤਾ ਪ੍ਰਾਪਤ ਕਰ ਰਹੇ ਹਨ, ਉਹ ਵੀ ਇਸ ਸਹਾਇਤਾ ਲਈ ਯੋਗ ਹੋਣਗੇ। ਜੇਕਰ ਉਨ੍ਹਾਂ ਨੂੰ ਮਿਲਣ ਵਾਲੀ ਰਕਮ 5,000 ਰੁਪਏ ਪ੍ਰਤੀ ਮਹੀਨਾ ਤੋਂ ਘੱਟ ਹੈ, ਤਾਂ ਨਿਰਧਾਰਤ ਸ਼ਰਤਾਂ ਦੇ ਅਧੀਨ, ਉਸ ਅੰਤਰ ਨੂੰ ਪੂਰਾ ਕਰਨ ਲਈ ਉਨ੍ਹਾਂ ਨੂੰ ਸਹਾਇਤਾ ਦਿੱਤੀ ਜਾਵੇਗੀ। ਇਹ ਸਹਾਇਤਾ ਸਿਖਲਾਈ ਦੌਰਾਨ ਵਿਦਿਆਰਥੀ ਦੀ ਭਾਗੀਦਾਰੀ ਅਤੇ ਪ੍ਰਗਤੀ ਮੁਤਾਬਕ ਦਿੱਤੀ ਜਾਵੇਗੀ। ਵਿਦਿਆਰਥੀਆਂ ਲਈ ਘੱਟੋ-ਘੱਟ 90 ਫ਼ੀਸਦੀ ਮਹੀਨਾਵਾਰ ਹਾਜ਼ਰੀ ਬਰਕਰਾਰ ਰੱਖਣੀ ਅਤੇ ਤਸਦੀਕਸ਼ੁਦਾ ਹਾਜ਼ਰੀ ਤੇ ਪ੍ਰਗਤੀ ਰਿਪੋਰਟਾਂ ਜਮ੍ਹਾਂ ਕਰਵਾਉਣੀ ਲਾਜ਼ਮੀ ਹੋਵੇਗੀ।

ਪੰਜਾਬ ਦੀ ਇੰਡਸਟਰੀ ਨੂੰ ਪੰਜਾਬ ਵਿਚ ਹੀ ਪ੍ਰਫੁੱਲਤ ਕਰਨ ਲਈ ਸਿਸਟਮ ਬਦਲਣ ਦੀ ਲੋੜ: ਸੁਖਬੀਰ ਸਿੰਘ ਬਾਦਲ



ਜੈਤੋਂ, 11 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਅੱਜ ਵਿਧਾਨ ਸਭਾ ਹਲਕਾ ਜੈਤੋ ਵਿਖੇ ਇਲਾਕੇ ਦੇ ਉਦਯੋਗਪਤੀਆਂ ਅਤੇ ਵਪਾਰੀ ਵਰਗ ਨਾਲ ਵਿਸ਼ੇਸ਼ ਮਿਲਣੀ ਕੀਤੀ। ਹਲਕਾ ਇੰਚਾਰਜ ਸੂਬਾ ਸਿੰਘ ਬਾਦਲ ਦੀ ਅਗਵਾਈ ਹੇਠ ਜੈਤੋ ਦੀ ਕਾਲੂ ਰਾਮ ਦੀ ਬਗੀਚੀ ਵਿਖੇ ਹੋਈ। ਇਸ ਮਿਲਣੀ ਦੌਰਾਨ ਉਨ੍ਹਾਂ ਨੇ ਵਪਾਰੀਆਂ ਅਤੇ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਪੰਜਾਬ ਦੇ ਉਦਯੋਗਿਕ ਵਿਕਾਸ, ਵਪਾਰਕ ਸਰਗਰਮੀਆਂ ਨੂੰ ਹੁਲਾਰਾ ਦੇਣ ਅਤੇ ਸੂਬੇ ਦੀ ਤਰੱਕੀ ਤੇ ਖੁਸ਼ਹਾਲੀ ਸੰਬੰਧੀ ਵਿਚਾਰ-ਵਟਾਂਦਰਾ ਕੀਤਾ।

ਇਸ ਮੌਕੇ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਵਿਚ ਉਦਯੋਗਾਂ ਨੂੰ ਪ੍ਰਫੁੱਲਤ ਕਰਨ ਲਈ ਮੌਜੂਦਾ ਸਿਸਟਮ ਵਿਚ ਵੱਡੇ ਬਦਲਾਅ ਲਿਆਉਣ ਦੀ ਲੋੜ ਹੈ। ਪੰਜਾਬ ਦੇ ਉਦਯੋਗਪਤੀਆਂ ਨੂੰ ਅਜਿਹਾ ਮਾਹੌਲ ਅਤੇ ਸਹੂਲਤਾਂ ਮਿਲਣੀਆਂ ਚਾਹੀਦੀਆਂ ਹਨ, ਜਿਸ ਨਾਲ ਉਹ ਆਪਣੇ ਉਦਯੋਗ ਪੰਜਾਬ ਵਿਚ ਹੀ ਸਥਾਪਤ ਕਰਨ ਅਤੇ ਇੱਥੇ ਹੀ ਆਪਣੇ ਕਾਰੋਬਾਰ ਦਾ ਵਿਸਥਾਰ ਕਰ ਸਕਣ। ਉਨ੍ਹਾਂ ਕਿਹਾ ਕਿ ਸੂਬੇ ਵਿਚ ਨਵੀਂ ਇੰਡਸਟਰੀ ਲਿਆਉਣ ਦੇ ਨਾਲ-ਨਾਲ ਪਹਿਲਾਂ ਤੋਂ ਚੱਲ ਰਹੇ ਉਦਯੋਗਾਂ ਦੀਆਂ ਮੁਸ਼ਕਿਲਾਂ ਦਾ ਹੱਲ ਕਰਨਾ ਵੀ ਜ਼ਰੂਰੀ ਹੈ। ਉਦਯੋਗਪਤੀਆਂ ਨੂੰ ਸਰਕਾਰੀ ਦਫ਼ਤਰਾਂ ਵਿਚ ਬੇਲੋੜੀਆਂ ਪ੍ਰਕਿਰਿਆਵਾਂ ਅਤੇ ਹੋਰ ਮੁਸ਼ਕਿਲਾਂ ਤੋਂ ਰਾਹਤ ਮਿਲਣੀ ਚਾਹੀਦੀ ਹੈ।

ਉਨ੍ਹਾਂ ਪੰਜਾਬ ਸਰਕਾਰ ਦੀ ਇਸ਼ਤਿਹਾਰਬਾਜ਼ੀ ਨੀਤੀ 'ਤੇ ਸਵਾਲ ਉਠਾਉਂਦਿਆਂ ਦਾਅਵਾ ਕੀਤਾ ਕਿ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਇਸ਼ਤਿਹਾਰਬਾਜ਼ੀ 'ਤੇ ਲਗਭਗ 550 ਕਰੋੜ ਰੁਪਏ ਖਰਚ ਕੀਤੇ ਗਏ ਹਨ। ਉਨ੍ਹਾਂ ਕਿਹਾ ਕਿ ਪੰਜਾਬ ਦੇ ਖ਼ਜ਼ਾਨੇ ਵਿਚੋਂ ਲੋਕਾਂ ਦਾ ਪੈਸਾ ਖਰਚ ਕਰਕੇ ਹੋਰਨਾਂ ਸੂਬਿਆਂ ਵਿਚ ਸਰਕਾਰ ਦੀ ਇਸ਼ਤਿਹਾਰਬਾਜ਼ੀ ਕੀਤੀ ਗਈ, ਜਦਕਿ ਇਸ ਪੈਸੇ ਦੀ ਵਰਤੋਂ ਪੰਜਾਬ ਦੇ ਉਦਯੋਗਿਕ ਵਿਕਾਸ, ਵਪਾਰੀਆਂ ਨੂੰ ਸਹੂਲਤਾਂ ਦੇਣ ਅਤੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਵਾਸਤੇ ਕੀਤੀ ਜਾ ਸਕਦੀ ਸੀ।

ਨੌਜਵਾਨਾਂ ਦੇ ਹੁਨਰ ਵਿਕਾਸ ਬਾਰੇ ਗੱਲ ਕਰਦਿਆਂ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਦੇ ਹਰ ਬੱਚੇ ਨੂੰ ਹਰ ਸਾਲ ਕਿਸੇ ਨਾ ਕਿਸੇ ਹੁਨਰ ਵਿਚ ਮਾਹਿਰ ਬਣਾਉਣ ਦਾ ਟੀਚਾ ਰੱਖਿਆ ਜਾਵੇਗਾ।

ਉਨ੍ਹਾਂ ਕਿਹਾ ਕਿ ਦਸਵੀਂ ਜਮਾਤ ਤੋਂ ਹੀ ਵਿਦਿਆਰਥੀਆਂ ਲਈ ਵਿਸ਼ੇਸ਼ ਸਕਿੱਲ ਸਟ੍ਰੀਮ ਸ਼ੁਰੂ ਕਰਨ ਦੀ ਯੋਜਨਾ ਬਣਾਈ ਜਾਵੇਗੀ, ਜਿਸ ਰਾਹੀਂ ਬੱਚਿਆਂ ਨੂੰ ਉਨ੍ਹਾਂ ਦੀ ਰੁਚੀ ਅਤੇ ਯੋਗਤਾ ਅਨੁਸਾਰ ਵੱਖ-ਵੱਖ ਕਿੱਤਾਮੁਖੀ ਹੁਨਰਾਂ ਦੀ ਸਿਖਲਾਈ ਦਿੱਤੀ ਜਾਵੇਗੀ। ਇਸ ਦਾ ਮਕਸਦ ਨੌਜਵਾਨਾਂ ਨੂੰ ਪੜ੍ਹਾਈ ਦੇ ਨਾਲ-ਨਾਲ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਕਾਬਲ ਬਣਾਉਣਾ ਹੋਵੇਗਾ। ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਬਣਾਉਣ ਵਿਚ ਵਪਾਰੀ ਅਤੇ ਉਦਯੋਗਪਤੀ ਵਰਗ ਦੀ ਅਹਿਮ ਭੂਮਿਕਾ ਹੈ। ਆਗਾਮੀ ਸਮੇਂ ਵਿਚ ਸ਼੍ਰੋਮਣੀ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਵਪਾਰੀਆਂ ਅਤੇ ਉਦਯੋਗਪਤੀਆਂ ਦੀਆਂ ਲੋੜਾਂ ਨੂੰ ਧਿਆਨ ਵਿਚ ਰੱਖਦਿਆਂ ਨਵੀਆਂ ਯੋਜਨਾਵਾਂ ਅਤੇ ਸਕੀਮਾਂ ਤਿਆਰ ਕੀਤੀਆਂ ਜਾਣਗੀਆਂ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਬਣਾਉਣ ਸਮੇਂ ਕਾਰੋਬਾਰੀ ਵਰਗ ਦੇ ਤਜਰਬੇ ਅਤੇ ਜ਼ਮੀਨੀ ਹਕੀਕਤਾਂ ਨੂੰ ਅਹਿਮੀਅਤ ਦਿੱਤੀ ਜਾਵੇਗੀ। ਇਸ ਮੌਕੇ ਉਦਯੋਗਪਤੀਆਂ ਅਤੇ ਵਪਾਰੀਆਂ ਨੇ ਵੀ ਆਪਣੇ ਕਾਰੋਬਾਰਾਂ ਨਾਲ ਸੰਬੰਧਿਤ ਮੁਸ਼ਕਿਲਾਂ, ਉਦਯੋਗਿਕ ਵਿਕਾਸ ਵਿਚ ਆ ਰਹੀਆਂ ਰੁਕਾਵਟਾਂ ਅਤੇ ਸਰਕਾਰੀ ਸਹੂਲਤਾਂ ਸੰਬੰਧੀ ਆਪਣੇ ਸੁਝਾਅ ਸਾਂਝੇ ਕੀਤੇ।

ਸੰਗਰੂਰ 'ਚ ਸੀਐੱਮ ਰਿਹਾਇਸ਼ ਨੇੜੇ ਬੱਸ ਫਲਾਈਓਵਰ ਨਾਲ ਟਕਰਾਉਣ ਕਾਰਨ 3 ਦੀ ਮੌਤ, 26 ਜ਼ਖ਼ਮੀ

ਸੰਗਰੂਰ, 11 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਧੂਰੀ ਤੋਂ ਚੰਡੀਗੜ੍ਹ ਜਾ ਰਹੀ ਪੀ ਆਰ ਟੀ ਸੀ ਦੀ ਬੱਸ ਅੱਜ ਤੜਕੇ ਸੰਗਰੂਰ ਵਿਖੇ ਕੌਮੀ ਹਾਈਵੇ ਦੇ ਬਾਈਪਾਸ ਨੇੜੇ ਬੇਕਾਬੂ ਹੁੰਦਿਆਂ ਪੁਲ ਨਾਲ ਟਕਰਾ ਕੇ ਪਲਟ ਗਈ। ਇਸ ਭਿਆਨਕ ਸੜਕ ਹਾਦਸੇ ਚ ਦੋ ਔਰਤਾਂ ਸਣੇ 3 ਸਵਾਰੀਟਾਂ ਦੀ ਮੌਤ ਹੋ ਗਈ ਹੈ ਜਦ ਕਿ 26 ਜ਼ਖ਼ਮੀ ਹੋ ਗਏ ਹਨ ਜਿਨ੍ਹਾਂ ਨੂੰ ਸਥਾਨਕ ਸਿਵਲ ਹਸਪਤਾਲ ਦਾਖ਼ਲ ਕਰਵਾਇਆ ਗਿਆ। ਵੇਰਵਿਆਂ ਅਨੁਸਾਰ ਜ਼ਖ਼ਮੀਆਂ ਚੋਂ 10 ਦੀ ਹਾਲਤ ਨੂੰ ਵੇਖਦਿਆਂ ਡਾਕਟਰਾਂ ਨੇ ਪਟਿਆਲਾ ਰੈਫਰ ਕਰ ਦਿੱਤਾ ਹੈ।

ਸਿਵਲ ਹਸਪਤਾਲ 'ਚ ਹਾਦਸੇ ਬਾਰੇ ਜਾਣਕਾਰੀ ਦਿੰਦਿਆਂ ਡੀ ਐੱਸ ਪੀ ਦਲਵੀਰ ਸਿੰਘ ਨੇ ਦੱਸਿਆ ਕਿ ਅੱਜ ਤੜਕੇ ਕਰੀਬ ਪੌਣੇ ਪੰਜ ਵਜੇ ਪੀ ਆਰ ਟੀ ਸੀ ਦੀ ਬੱਸ ਧੂਰੀ ਤੋਂ ਚੰਡੀਗੜ੍ਹ ਲਈ ਰਵਾਨਾ ਹੋਈ ਜੋ ਕਿ ਸੰਗਰੂਰ ਬੱਸ ਸਟੈਂਡ ਹੁੰਦਿਆਂ ਜਿਉਂ ਹੀ ਬਠਿੰਡਾ ਚੰਡੀਗੜ੍ਹ ਕੌਮੀ ਹਾਈਵੇ ਦੇ ਸਥਾਨਕ ਪਟਿਆਲਾ ਬਾਈਪਾਸ ਦੇ ਓਵਰਬ੍ਰਿਜ ਨੇੜੇ ਪੁੱਜੀ ਤਾਂ ਬੇਕਾਬੂ ਹੋ ਕੇ ਪੁਲ ਦੀ ਕੰਧ ਨਾਲ ਟਕਰਾ ਕੇ ਪਲਟ ਗਈ।

ਉਨ੍ਹਾਂ ਦੱਸਿਆ ਕਿ ਡਰਾਈਵਰ ਲਾਪਰਵਾਹੀ ਨਾਲ ਬੱਸ ਚਲਾ ਰਿਹਾ ਸੀ ਕਿਉਂਕਿ ਧੂਰੀ ਤੋਂ ਹੀ ਬੱਸ ਲੇਟ ਚੱਲੀ



ਸੀ, ਜਿਸ ਕਾਰਨ ਡਰਾਈਵਰ ਕਾਹਲ ਵਿਚ ਸੀ। ਹਾਦਸੇ 'ਚ ਰਾਜਵਿੰਦਰ ਕੌਰ ਵਾਸੀ ਪਿੰਡ ਫਤਹਿਗੜ੍ਹ ਛੰਨਾਂ, ਨਰਿੰਦਰ ਕੌਰ ਵਾਸੀ ਧੂਰੀ ਅਤੇ ਮਨਜੀਤ ਸਿੰਘ ਪਿੰਡ ਥਲੇਸਾਂ ਦੀ ਮੌਤ ਹੋ ਗਈ ਹੈ। ਜਦੋਂ ਕਿ 26 ਸਵਾਰੀਆਂ ਜਖਮੀ ਹੋ ਗਈਆਂ ਹਨ ਜਿਨ੍ਹਾਂ ਚੋਂ 10 ਨੂੰ ਰੈਫਰ ਕੀਤਾ ਗਿਆ ਹੈ। 16 ਜ਼ਖਮੀਆਂ ਦਾ ਸਿਵਲ ਹਸਪਤਾਲ ਚ ਇਲਾਜ ਚੱਲ ਰਿਹਾ ਹੈ।

ਪੁਲੀਸ ਅਧਿਕਾਰੀਆਂ ਨੇ ਕਿਹਾ ਕਿ ਇਸ ਮਾਮਲੇ ਸਬੰਧੀ ਕੇਸ ਦਰਜ ਕੀਤਾ ਗਿਆ ਹੈ।

ਬਰਿੰਦਰ ਗੋਇਲ ਨੇ ਹਾਦਸਾਗ੍ਰਸਤ ਪੀਆਰਟੀਸੀ ਬੱਸ ਦੀਆਂ ਜ਼ਖ਼ਮੀ ਸਵਾਰੀਆਂ ਦਾ ਰਾਜਿੰਦਰਾ ਹਸਪਤਾਲ ਵਿਖੇ ਦਾ ਹਾਲ-ਚਾਲ ਜਾਣਿਆ

ਪਟਿਆਲਾ, 12 ਨਵੰਬਰ
-ਛਤਰਪਾਲ ਸਿੰਘ-

ਪੰਜਾਬ ਦੇ ਜਲ ਸਰੋਤ, ਖਣਨ ਤੇ ਭੂ-ਵਿਗਿਆਨ ਅਤੇ ਭੂਮੀ ਤੇ ਪਾਣੀ ਦੀ ਸੰਭਾਲ ਮੰਤਰੀ ਸ੍ਰੀ ਬਰਿੰਦਰ ਗੋਇਲ ਅੱਜ ਸਰਕਾਰੀ ਰਾਜਿੰਦਰਾ ਹਸਪਤਾਲ, ਪਟਿਆਲਾ ਵਿਖੇ ਸੰਗਰੂਰ ਨੇੜੇ ਵਾਪਰੇ ਪੀਆਰਟੀਸੀ ਬੱਸ ਹਾਦਸੇ ਦੇ ਜ਼ਖ਼ਮੀਆਂ ਦਾ ਹਾਲ-ਚਾਲ ਪੁੱਛਣ ਲਈ ਪਹੁੰਚੇ। ਇਸ ਮੌਕੇ ਉਨ੍ਹਾਂ ਜ਼ਖ਼ਮੀਆਂ ਦੇ ਇਲਾਜ ਸਬੰਧੀ ਡਾਕਟਰਾਂ ਤੋਂ ਜਾਣਕਾਰੀ ਹਾਸਲ ਕੀਤੀ ਅਤੇ ਉਨ੍ਹਾਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਉਣ ਦੇ ਨਿਰਦੇਸ਼ ਦਿੱਤੇ।ਇਸ ਮੌਕੇ ਓਹਨਾ ਦੇ ਨਾਲ ਪੀਆਰਟੀਸੀ ਦੇ ਚੇਅਰਮੈਨ ਐਡਵੋਕੇਟ ਹਰਪਾਲ ਜੁਨੇਜਾ, ਵਾਈਸ ਚੇਅਰਮੈਨ ਸ੍ਰੀ ਗੁਰਵਿੰਦਰ ਸਿੰਘ ਅਤੇ ਪੀਆਰਟੀਸੀ ਦੇ ਐਡੀਸ਼ਨਲ ਮੈਨੇਜਿੰਗ ਡਾਇਰੈਕਟਰ ਸ਼੍ਰੀ ਨਵਦੀਪ ਕੁਮਾਰ, ਐਸ.ਡੀ.ਐਮ. ਗੁਰਦੇਵ ਸਿੰਘ ਵੀ ਮੌਜੂਦ ਸਨ। ਇਸ ਮੌਕੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਗੋਇਲ ਨੇ ਦੱਸਿਆ ਕਿ ਧੂਰੀ ਤੋਂ ਪਟਿਆਲਾ ਹੁੰਦੇ ਹੋਏ ਚੰਡੀਗੜ੍ਹ ਜਾ ਰਹੀ ਪੀਆਰਟੀਸੀ ਦੀ ਬੱਸ ਸੰਗਰੂਰ ਨੇੜੇ ਹਾਦਸੇ ਦਾ ਸ਼ਿਕਾਰ ਹੋ ਗਈ, ਜਿਸ ਵਿੱਚ ਤਿੰਨ ਵਿਅਕਤੀਆਂ ਦੀ ਮੌਤ ਹੋ ਗਈ, ਜਿਨ੍ਹਾਂ ਵਿੱਚ ਦੋ ਔਰਤਾਂ ਅਤੇ ਇੱਕ ਪੁਰਸ਼ ਸ਼ਾਮਲ ਹਨ, ਜਦਕਿ ਕਰੀਬ 25 ਵਿਅਕਤੀ ਜ਼ਖ਼ਮੀ ਹੋਏ ਹਨ। ਹਾਦਸੇ ਤੋਂ ਬਾਅਦ 14 ਜ਼ਖ਼ਮੀਆਂ ਨੂੰ ਸੰਗਰੂਰ ਦੇ ਹਸਪਤਾਲ ਅਤੇ 11 ਨੂੰ ਪਟਿਆਲਾ ਦੇ ਰਾਜਿੰਦਰਾ ਹਸਪਤਾਲ ਵਿਖੇ ਦਾਖ਼ਲ ਕਰਵਾਇਆ ਗਿਆ ਸੀ। ਸੰਗਰੂਰ ਵਿਖੇ ਦਾਖ਼ਲ 14 ਜ਼ਖ਼ਮੀਆਂ ਵਿੱਚੋਂ 13 ਨੂੰ ਛੁੱਟੀ ਦੇ ਦਿੱਤੀ ਗਈ ਹੈ, ਜਦਕਿ ਰਾਜਿੰਦਰਾ ਹਸਪਤਾਲ ਵਿਖੇ ਦਾਖ਼ਲ 11 ਮਰੀਜ਼ਾਂ ਵਿੱਚੋਂ 6 ਨੂੰ ਛੁੱਟੀ ਮਿਲ ਚੁੱਕੀ ਹੈ ਅਤੇ ਬਾਕੀ 5 ਮਰੀਜ਼ਾਂ ਦਾ ਇਲਾਜ ਜਾਰੀ ਹੈ।

ਉਨ੍ਹਾਂ ਦੱਸਿਆ ਕਿ ਜਿਨ੍ਹਾਂ ਮਰੀਜ਼ਾਂ ਦੇ ਫ੍ਰੈਕਚਰ ਹੋਏ ਹਨ, ਉਨ੍ਹਾਂ ਦੇ ਲੋੜੀਂਦੇ ਆਪ੍ਰੇਸ਼ਨ ਕਰਨ ਲਈ ਡਾਕਟਰਾਂ ਦੀਆਂ ਟੀਮਾਂ ਤਾਇਨਾਤ ਹਨ ਅਤੇ ਸਾਰੇ ਜ਼ਖ਼ਮੀਆਂ ਨੂੰ ਬਿਹਤਰ ਇਲਾਜ ਮੁਹੱਈਆ ਕਰਵਾਇਆ ਜਾ ਰਿਹਾ ਹੈ।

ਸਾਬਕਾ ਕੇਂਦਰੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਦਾ ਗੁਰਜੀਤ ਸਿੰਘ ਕੋਹਲੀ ਵੱਲੋਂ ਪਟਿਆਲਾ ਵਿਖੇ ਨਿੱਘਾ ਸਵਾਗਤ



ਪਟਿਆਲਾ, 12 ਨਵੰਬਰ
-ਛਤਰਪਾਲ ਸਿੰਘ-

ਭਾਰਤ ਸਰਕਾਰ ਦੇ ਸਾਬਕਾ ਰੇਲਵੇ ਰਾਜ ਮੰਤਰੀ ਅਤੇ ਭਾਰਤੀ ਜਨਤਾ ਪਾਰਟੀ ਦੇ ਸੀਨੀਅਰ ਆਗੂ ਸ. ਰਵਨੀਤ ਸਿੰਘ ਬਿੱਟੂ ਜੀ ਦੇ ਪਟਿਆਲਾ ਦੌਰੇ ਦੌਰਾਨ ਮਹਾਰਾਣੀ ਕਲੱਬ ਵਿਖੇ ਭਾਜਪਾ ਦੇ ਸੀਨੀਅਰ ਆਗੂ ਅਤੇ ਹਲਕਾ ਪਟਿਆਲਾ ਦੇਹਾਤੀ ਤੋਂ ਸ. ਗੁਰਜੀਤ ਸਿੰਘ ਕੋਹਲੀ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਅਤੇ ਸਨਮਾਨ ਕੀਤਾ ਗਿਆ।

ਇਸ ਮੌਕੇ ਸ. ਗੁਰਜੀਤ ਸਿੰਘ ਕੋਹਲੀ ਨੇ ਸ. ਰਵਨੀਤ ਸਿੰਘ ਬਿੱਟੂ ਜੀ ਨੂੰ ਪਟਿਆਲਾ ਦੇ ਇਤਿਹਾਸਕ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਜੀ ਦੀ ਸੁੰਦਰ ਪੇਂਟਿੰਗ ਭੇਟ ਕਰਕੇ ਸਨਮਾਨਿਤ ਕੀਤਾ।

ਇਸ ਮੌਕੇ ਗੱਲਬਾਤ ਕਰਦਿਆਂ ਸ. ਗੁਰਜੀਤ ਸਿੰਘ ਕੋਹਲੀ ਨੇ ਕਿਹਾ ਕਿ ਸ. ਰਵਨੀਤ ਸਿੰਘ ਬਿੱਟੂ ਜੀ ਨਾਲ ਮੁਲਾਕਾਤ ਕਰਕੇ ਉਨ੍ਹਾਂ ਨੂੰ ਬਹੁਤ ਖੁਸ਼ੀ ਹੋਈ।

ਉਨ੍ਹਾਂ ਕਿਹਾ ਕਿ ਪਟਿਆਲਾ ਦੀ ਧਰਤੀ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਵਿਰਾਸਤ ਨਾਲ ਭਰਪੂਰ ਹੈ ਅਤੇ ਗੁਰਦੁਆਰਾ ਸ੍ਰੀ ਦੁੱਖ ਨਿਵਾਰਨ ਸਾਹਿਬ ਜੀ ਦੀ ਪੇਂਟਿੰਗ ਭੇਟ ਕਰਨਾ ਇਸ ਪਵਿੱਤਰ ਵਿਰਾਸਤ ਪ੍ਰਤੀ ਸਤਿਕਾਰ ਪ੍ਰਗਟ ਕਰਨ ਦਾ ਇੱਕ ਨਿਮਾਣਾ ਉਪਰਾਲਾ ਹੈ।

ਸ. ਕੋਹਲੀ ਨੇ ਕਿਹਾ ਕਿ ਅਜਿਹੀਆਂ ਮੁਲਾਕਾਤਾਂ ਰਾਹੀਂ ਆਪਸੀ ਵਿਚਾਰ-ਵਟਾਂਦਰੇ ਦਾ ਮੌਕਾ ਮਿਲਦਾ ਹੈ ਅਤੇ ਪੰਜਾਬ ਤੇ ਪਟਿਆਲਾ ਨਾਲ ਸਬੰਧਤ ਵੱਖ-ਵੱਖ ਵਿਸ਼ਿਆਂ ਬਾਰੇ ਗੱਲਬਾਤ ਕਰਨ ਦਾ ਮੌਕਾ ਵੀ ਪ੍ਰਾਪਤ ਹੁੰਦਾ ਹੈ।

ਉਨ੍ਹਾਂ ਸ. ਰਵਨੀਤ ਸਿੰਘ ਬਿੱਟੂ ਜੀ ਦੀ ਚੰਗੀ ਸਿਹਤ, ਲੰਬੀ ਉਮਰ ਅਤੇ ਚੜ੍ਹਦੀ ਕਲਾ ਲਈ ਪਰਮਾਤਮਾ ਅੱਗੇ ਅਰਦਾਸ ਕਰਦਿਆਂ ਉਨ੍ਹਾਂ ਨੂੰ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ।

ਇਸ ਮੌਕੇ ਪਟਿਆਲਾ ਜ਼ਿਲ੍ਹੇ ਦੇ ਭਾਰਤੀ ਜਨਤਾ ਪਾਰਟੀ ਦੇ ਹੋਰ ਆਗੂ ਸਾਹਿਬਾਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਵਿਧਾਨ ਸਭਾ ਚੋਣਾਂ-2027: ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ 12 ਨਵੰਬਰ ਤੋਂ ਈਵੀਐਮਜ਼ ਅਤੇ ਵੀਵੀਪੀਏਟੀ ਮਸ਼ੀਨਾਂ ਦੀ ਕੀਤੀ ਜਾਵੇਗੀ ਫਸਟ ਲੈਵਲ ਚੈਕਿੰਗ

ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫਐਲਸੀ) 12 ਨਵੰਬਰ, 2026 ਤੋਂ ਸ਼ੁਰੂ ਹੋਵੇਗੀ। ਪੰਜਾਬ ਦੇ ਮੁੱਖ ਚੋਣ ਅਫ਼ਸਰ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਦੱਸਿਆ ਕਿ ਈਵੀਐਮਜ਼ ਅਤੇ ਵੀਵੀਪੀਏਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈਸੀਆਈ) ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿੱਚ ਵਰਤੀਆਂ ਜਾਣ ਵਾਲੀਆਂ ਈਵੀਐਮਜ਼ ਅਤੇ ਵੀਵੀਪੀਏਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਦੁਆਰਾ ਕੀਤੀ ਜਾਂਦੀ ਹੈ।



ਸੀਈਓ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਵਿੱਚ ਦਰੁਸਤ ਪਾਈਆਂ ਜਾਣ ਵਾਲੀਆਂ ਈਵੀਐਮ ਅਤੇ ਵੀਵੀਪੀਏਟੀ ਮਸ਼ੀਨਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵਰਤਿਆ ਜਾਵੇਗਾ। ਫਸਟ ਲੈਵਲ ਚੈਕਿੰਗ ਲਈ ਵਿਸਥਾਰਕ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇਗੀ। ਇਹ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਮੌਜੂਦਾ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ। ਫਸਟ ਲੈਵਲ ਚੈਕਿੰਗ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ। ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਐਫਐਲਸੀ ਪ੍ਰਕਿਰਿਆ ਸਬੰਧਿਤ ਜ਼ਿਲ੍ਹਾ ਚੋਣ ਅਫ਼ਸਰਾਂ ਦੀ ਦੇਖ-ਰੇਖ ਅਧੀਨ ਕਰਵਾਈ ਜਾਵੇਗੀ ਅਤੇ ਇਸ ਦੀ ਨਿਗਰਾਨੀ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਾਲ-ਨਾਲ ਭਾਰਤ ਚੋਣ ਕਮਿਸ਼ਨ ਦੇ ਪੱਧਰ 'ਤੇ ਕੀਤੀ ਜਾਵੇਗੀ।

ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸਾਰੇ 23 ਸਥਾਨਾਂ 'ਤੇ ਪੂਰੀ ਐਫਐਲਸੀ ਪ੍ਰਕਿਰਿਆ ਦੀ ਲਾਈਵ ਵੈੱਬਕਾਸਟਿੰਗ ਕੀਤੀ ਜਾਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ 'ਤੇ ਦੋ ਡਿਸਪਲੇਅ ਸਕ੍ਰੀਨਾਂ (ਇੱਕ ਐਫਐਲਸੀ ਸਾਈਟ 'ਤੇ ਅਤੇ ਦੂਜੀ ਸਬੰਧਿਤ ਡੀ.ਸੀ. ਦਫ਼ਤਰਾਂ 'ਚ) ਲਗਾਈਆਂ ਗਈਆਂ ਹਨ ਤਾਂ ਜੋ ਨੁਮਾਇੰਦੇ ਕਾਰਵਾਈ ਨੂੰ ਨੇੜਿਓਂ ਦੇਖ ਸਕਣ। ਮੁੱਖ ਚੋਣ ਅਫ਼ਸਰ (ਸੀਈਓ) ਹੈੱਡਕੁਆਰਟਰ 'ਤੇ ਸਮੁੱਚੀ ਪ੍ਰਕਿਰਿਆ ਨੂੰ ਲਾਈਵ ਦੇਖਣ ਲਈ ਵਿਸ਼ੇਸ਼ ਸਕ੍ਰੀਨਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਭਾਰਤ ਚੋਣ ਕਮਿਸ਼ਨ ਨੇ ਇਹਨਾਂ ਕਾਰਜਾਂ ਦੀ ਦੇਖ-ਰੇਖ ਲਈ ਓਬਜ਼ਰਵਰ ਲਗਾਏ ਗਏ ਹਨ।

ਮੁੱਖ ਚੋਣ ਅਫ਼ਸਰ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨੁਮਾਇੰਦਿਆਂ ਨੂੰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫਐਲਸੀ)) ਦੌਰਾਨ ਮੌਜੂਦ ਰਹਿਣ ਲਈ ਅਧਿਕਾਰਤ ਕਰਨ। ਉਨ੍ਹਾਂ ਅੱਗੇ ਕਿਹਾ ਕਿ ਐਫਐਲਸੀ ਪ੍ਰਕਿਰਿਆ ਦੌਰਾਨ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਕਰੇਗੀ, ਭਾਈਵਾਲਾਂ ਵਿੱਚ ਵਿਸ਼ਵਾਸ ਪੈਦਾ ਕਰੇਗੀ ਅਤੇ ਸਮੁੱਚੀ ਪ੍ਰਕਿਰਿਆ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਏਗੀ।

ਰੋਜ਼ਾਨਾ ਸ਼ਹੀਦ-ਏ-ਆਜ਼ਮ
Shaheedeazamnews.com
SHAHEEDEAZAMNEWS.COM PRINT & DIGITAL MEDIA
शहीद-ए-आजम
Shaheedeazamnewsnational.com
ਅਦਾਰਾ ਸ਼ਹੀਦ-ਏ-ਆਜ਼ਮ ਵੱਲੋਂ ਗੁ: ਸਿੰਘ ਸਾਹਿਬ ਸ਼ਹੀਦ ਅਕਾਲੀ ਬਾਬਾ ਫੂਲਾ ਸਿੰਘ ਜੀ, ਅਰਬਨ ਅਸਟੇਟ ਫੇਜ਼-2, ਪਟਿਆਲਾ ਵਿਖੇ ਚਲ ਰਹੇ ਰੋਜ਼ਾਨਾ ਗੁਰਮਤਿ ਸਮਾਗਮ ਲਾਈਵ ਦੇਖੋ
ਗੁਰੂ ਗੋਬਿੰਦ ਸਿੰਘ ਪ੍ਰੀਵਾਰ ਸੰਸਥਾ ਦੇ ਅਨਾਥ ਬੱਚਿਆਂ ਵੱਲੋਂ ਗੁਰਬਾਣੀ ਦੇ 25-30 ਰਾਗਾਂ ਵਿਚ
ਅਨੰਦਮਈ ਅੰਮ੍ਰਿਤ ਵੇਲੇ ਆਸਾ ਦੀ ਵਾਰ ਅਤੇ ਕੀਰਤਨ ਸਵੇਰੇ 5:30 ਵਜੇ
ਸੰਧਿਆ ਸਮੇਂ ਕਥਾ: ਪ੍ਰਾਚੀਨ ਪੰਥ ਪ੍ਰਕਾਸ਼ ਸ਼ਾਮ 6 ਵਜੇ ਸਿੱਖ ਪੰਥ ਦੇ ਮਹਾਨ ਕਥਾਕਾਰ ਗਿਆਨੀ ਪ੍ਰਿਤਪਾਲ ਸਿੰਘ ਜੀ ਦੇ ਪਰਮ ਸੇਵਕ: ਭਾਈ ਬਲੀ ਸਿੰਘ ਜੀ ਵੱਲੋਂ
ਰਹਿਰਾਸ ਸਾਹਿਬ, ਆਰਤੀ ਅਤੇ ਕੀਰਤਨ ਸ਼ਾਮ 7:00 ਵਜੇ
YOUTUBE WHATSAPP THREAD Twitter X TELEGRAM INSTAGRAM FACEBOOK E-Paper Shaheed-e-Azam
ਅਦਾਰਾ ਸ਼ਹੀਦ-ਏ-ਆਜ਼ਮ 1982 ਤੋਂ ਸੱਚੀ, ਨਿਰਪੱਖ ਤੇ ਜ਼ਿੰਮੇਵਾਰ ਪੱਤਰਕਾਰਤਾ ਰਾਹੀਂ ਲੋਕਾਂ ਦੀ ਆਵਾਜ਼ ਬਣਿਆ ਹੋਇਆ ਹੈ। ਚੌਧਰੀ ਪ੍ਰਭਜੀਤ ਸਿੰਘ ਵੱਲੋਂ ਸਥਾਪਿਤ ਇਹ ਮੀਡੀਆ ਸੰਸਥਾ ਅੱਜ ਪ੍ਰਿੰਟ ਅਤੇ ਸ਼ੋਸਲ ਮੀਡੀਆ, ਡਿਜ਼ੀਟਲ ਪਲੇਟਫਾਰਮ ਰਾਹੀਂ ਪੰਜਾਬ, ਭਾਰਤ ਅਤੇ ਵਿਦੇਸ਼ਾਂ ਤਕ ਗੁਰਬਾਣੀ, ਖ਼ਬਰਾਂ, ਲੋਕ ਭਲਾਈ ਦੇ ਮੁੱਦੇ, ਲੋਕਾਂ ਤੱਕ ਨਿਰੰਤਰ ਪਹੁੰਚਾ ਰਿਹਾ ਹੈ।

ਸੰਪਾਦਕੀ

ਕਾਬਲੀਅਤ ’ਚ ਕਾਣ, ਕਾਰੋਬਾਰ ਦਾ ਨੁਕਸਾਨ !

ਜਦੋਂ ਸੰਸਥਾਵਾਂ ਹੁਨਰਮੰਦ ਲੋਕਾਂ ਦੀ ਥਾਂ ਸਸਤੇ ਕਰਮਚਾਰੀਆਂ ਨੂੰ ਤਰਜੀਹ ਦੇਣ ਲੱਗ ਪੈਣ, ਤਾਂ ਤਨਖ਼ਾਹਾਂ ਦਾ ਖ਼ਰਚਾ ਤਾਂ ਘਟ ਸਕਦਾ ਹੈ, ਪਰ ਕਾਰਗੁਜ਼ਾਰੀ, ਭਰੋਸੇਯੋਗਤਾ ਅਤੇ ਸੰਸਥਾ ਦਾ ਭਵਿੱਖ ਵੀ ਦਾਅ ’ਤੇ ਲੱਗ ਜਾਂਦਾ ਹੈ। ਕਿਸੇ ਨਿੱਜੀ ਦਫ਼ਤਰ ਦਾ ਇਕ ਅਜੀਬ ਨਜ਼ਾਰਾ ਵੇਖਣ ਨੂੰ ਮਿਲਿਆ। ਛੇ ਕਰਮਚਾਰੀ ਕੰਮ ਕਰ ਰਹੇ ਹਨ, ਪਰ ਹੈਰਾਨੀ ਦੀ ਗੱਲ ਇਹ ਕਿ ਉਨ੍ਹਾਂ ਵਿੱਚੋਂ ਕਿਸੇ ਨੂੰ ਵੀ ਨੌਕਰੀ ਦੀ ਕੋਈ ਖ਼ਾਸ ਲੋੜ ਮਹਿਸੂਸ ਨਹੀਂ ਹੁੰਦੀ। ਅਜਿਹੇ ਮਾਹੌਲ ਵਿੱਚ ਮਾਲਕ ਦੀ ਸਥਿਤੀ ਵੀ ਵਿਚਾਰਨਯੋਗ ਹੈ। ਉਹ ਕੰਮ ਦੀ ਗੁਣਵੱਤਾ ਅਤੇ ਨਤੀਜਿਆਂ ਨਾਲੋਂ ਵਧੇਰੇ ਸਮਾਂ ਕਰਮਚਾਰੀਆਂ ਦੀ ਨਾਰਾਜ਼ਗੀ ਦੂਰ ਕਰਨ, ਉਨ੍ਹਾਂ ਨੂੰ ਮਨਾਉਣ ਅਤੇ ਕਿਸੇ ਤਰ੍ਹਾਂ ਦਫ਼ਤਰ ਨਾਲ ਜੋੜੀ ਰੱਖਣ ਵਿੱਚ ਲਾਉਂਦਾ ਦਿਖਾਈ ਦਿੰਦਾ ਹੈ। ਸਵਾਲ ਇਹ ਹੈ ਕਿ ਜਿਸ ਸੰਸਥਾ ਵਿੱਚ ਕਰਮਚਾਰੀ ਨੂੰ ਆਪਣੀ ਨੌਕਰੀ ਦੀ ਕਦਰ ਨਾ ਹੋਵੇ, ਉੱਥੇ ਕੰਮ ਦੀ ਜਵਾਬਦੇਹੀ ਕਿਵੇਂ ਪੈਦਾ ਹੋਵੇਗੀ ?

ਇਸ ਵਰਤਾਰੇ ਦੀ ਜੜ੍ਹ ਸਮਝਣ ਲਈ ਨਿੱਜੀ ਖੇਤਰ ਦੇ ਰੁਜ਼ਗਾਰ ਪ੍ਰਬੰਧਨ ਨੂੰ ਸਮਝਣਾ ਜ਼ਰੂਰੀ ਹੈ। ਇਕ ਹੁਨਰਮੰਦ ਕਰਮਚਾਰੀ ਆਪਣੀ ਯੋਗਤਾ, ਤਜਰਬੇ, ਸਮੇਂ ਅਤੇ ਕੰਮ ਦੇ ਮਿਆਰ ਅਨੁਸਾਰ ਤਨਖ਼ਾਹ ਦੀ ਉਮੀਦ ਰੱਖਦਾ ਹੈ। ਉਹ ਸੰਸਥਾ ਲਈ ਨਵੇਂ ਮੌਕੇ ਪੈਦਾ ਕਰ ਸਕਦਾ ਹੈ, ਗਾਹਕਾਂ ਦਾ ਭਰੋਸਾ ਜਿੱਤ ਸਕਦਾ ਹੈ, ਉਤਪਾਦਕਤਾ ਵਧਾ ਸਕਦਾ ਹੈ ਅਤੇ ਗ਼ਲਤੀਆਂ ਦੀ ਸੰਭਾਵਨਾ ਘਟਾ ਸਕਦਾ ਹੈ। ਪਰ ਇਸੇ ਯੋਗਤਾ ਦੀ ਕੀਮਤ ਚੁਕਾਉਣ ਤੋਂ ਬਚਣ ਵਾਲੇ ਮਾਲਕ ਅਕਸਰ ਅਜਿਹੇ ਕਰਮਚਾਰੀਆਂ ਨੂੰ ਗੁਆ ਬੈਠਦੇ ਹਨ। ਉਨ੍ਹਾਂ ਦੀ ਥਾਂ ਘੱਟ ਤਨਖ਼ਾਹ ’ਤੇ ਕੰਮ ਕਰਨ ਲਈ ਤਿਆਰ ਵਿਅਕਤੀਆਂ ਨੂੰ ਰੱਖ ਲਿਆ ਜਾਂਦਾ ਹੈ। ਇੱਥੇ ਇਕ ਬੁਨਿਆਦੀ ਆਰਥਿਕ ਸਿਧਾਂਤ ਨੂੰ ਅਣਡਿੱਠਾ ਕੀਤਾ ਜਾਂਦਾ ਹੈ—ਕਰਮਚਾਰੀ ਦੀ ਤਨਖ਼ਾਹ ਸਿਰਫ਼ ਖ਼ਰਚਾ ਨਹੀਂ, ਸਗੋਂ ਉਤਪਾਦਕਤਾ ਵਿੱਚ ਕੀਤਾ ਨਿਵੇਸ਼ ਵੀ ਹੁੰਦੀ ਹੈ। ਮਨੁੱਖੀ ਸਰੋਤ ਪ੍ਰਬੰਧਨ ਦੇ ਅਧਿਐਨ ਇਹ ਦਰਸਾਉਂਦੇ ਹਨ ਕਿ ਕਰਮਚਾਰੀ ਦੀ ਯੋਗਤਾ, ਤਜਰਬਾ, ਸਿਖਲਾਈ ਅਤੇ ਕੰਮ ਪ੍ਰਤੀ ਵਚਨਬੱਧਤਾ ਸੰਸਥਾ ਦੀ ਕਾਰਗੁਜ਼ਾਰੀ ਨਾਲ ਸਿੱਧਾ ਸਬੰਧ ਰੱਖਦੇ ਹਨ। ਇਸ ਲਈ ਘੱਟ ਤਨਖ਼ਾਹ ਨੂੰ ਹਮੇਸ਼ਾ ਵੱਧ ਮੁਨਾਫ਼ੇ ਦਾ ਆਧਾਰ ਮੰਨਣਾ ਵਪਾਰਕ ਸਮਝਦਾਰੀ ਨਹੀਂ। ਦੂਜਾ ਵੱਡਾ ਮਸਲਾ ਹੈ ਯੋਗਤਾ ਅਤੇ ਅਯੋਗਤਾ ਵਿਚਲਾ ਫ਼ਰਕ ਨਾ ਸਮਝਣਾ। ਇਕ ਪੜ੍ਹਿਆ-ਲਿਖਿਆ, ਤਜਰਬੇਕਾਰ ਅਤੇ ਕੰਮ ਦੀਆਂ ਬਾਰੀਕੀਆਂ ਸਮਝਣ ਵਾਲਾ ਵਿਅਕਤੀ ਜਿਸ ਮਿਆਰ ਨਾਲ ਕੰਮ ਕਰਦਾ ਹੈ, ਉਹੀ ਮਿਆਰ ਬਿਨਾਂ ਸਿਖਲਾਈ ਜਾਂ ਤਜਰਬੇ ਵਾਲੇ ਵਿਅਕਤੀ ਤੋਂ ਉਮੀਦ ਨਹੀਂ ਕੀਤਾ ਜਾ ਸਕਦਾ। ਦੋਵਾਂ ਨੂੰ ਇਕੋ ਜਿਹੀ ਜ਼ਿੰਮੇਵਾਰੀ ਦੇ ਕੇ ਇਕੋ ਜਿਹੇ ਨਤੀਜਿਆਂ ਦੀ ਆਸ ਰੱਖਣਾ ਪ੍ਰਬੰਧਕੀ ਭੁੱਲ ਹੈ। ਇਸ ਦਾ ਅਸਰ ਕੰਮ ਦੀ ਰਫ਼ਤਾਰ, ਗੁਣਵੱਤਾ, ਗਾਹਕ ਸੇਵਾ ਅਤੇ ਸੰਸਥਾ ਦੇ ਅਕਸ ਉੱਤੇ ਪੈਂਦਾ ਹੈ। ਇਸ ਤੋਂ ਵੀ ਗੰਭੀਰ ਸਥਿਤੀ ਉਦੋਂ ਪੈਦਾ ਹੁੰਦੀ ਹੈ ਜਦੋਂ ਦਫ਼ਤਰ ਵਿੱਚ ਕੰਮ ਕਰਨ ਵਾਲਿਆਂ ਦੀ ਚੋਣ ਯੋਗਤਾ ਦੀ ਬਜਾਏ ਤਰਸ, ਨਿੱਜੀ ਸਬੰਧਾਂ ਜਾਂ ਕਿਸੇ ਦੀ ਮਜਬੂਰੀ ਦੇ ਆਧਾਰ ’ਤੇ ਹੋਣ ਲੱਗ ਪਵੇ। ਮਨੁੱਖਤਾ ਦੇ ਨਾਤੇ ਕਿਸੇ ਲੋੜਵੰਦ ਨੂੰ ਰੁਜ਼ਗਾਰ ਦੇਣਾ ਸ਼ਲਾਘਾਯੋਗ ਹੈ, ਪਰ ਰੁਜ਼ਗਾਰ ਦੇਣਾ ਅਤੇ ਕਿਸੇ ਸੰਸਥਾ ਦੀ ਪੇਸ਼ੇਵਰ ਜ਼ਿੰਮੇਵਾਰੀ ਕਿਸੇ ਦੇ ਹਵਾਲੇ ਕਰਨਾ ਦੋ ਵੱਖਰੇ ਮਾਮਲੇ ਹਨ। ਸਮਾਜਿਕ ਹਮਦਰਦੀ ਆਪਣੀ ਥਾਂ ਹੈ, ਪਰ ਕਾਰੋਬਾਰੀ ਜਵਾਬਦੇਹੀ ਨਾਲ ਸਮਝੌਤਾ ਨਹੀਂ ਹੋ ਸਕਦਾ। ਅਜਿਹੇ ਫ਼ੈਸਲੇ ਦਾ ਨੁਕਸਾਨ ਸਿਰਫ਼ ਮਾਲਕ ਨੂੰ ਨਹੀਂ, ਸਗੋਂ ਬਾਕੀ ਕਰਮਚਾਰੀਆਂ ਅਤੇ ਸੰਸਥਾ ਨਾਲ ਜੁੜੇ ਲੋਕਾਂ ਨੂੰ ਵੀ ਭੁਗਤਣਾ ਪੈਂਦਾ ਹੈ। ਇਸ ਸਥਿਤੀ ਦਾ ਇਕ ਹੋਰ ਪੱਖ ਵੀ ਹੈ। ਜਦੋਂ ਕਾਬਿਲ ਕਰਮਚਾਰੀ ਨੂੰ ਉਸ ਦੀ ਯੋਗਤਾ ਅਨੁਸਾਰ ਮਾਣ, ਤਨਖ਼ਾਹ ਅਤੇ ਫ਼ੈਸਲਾ ਲੈਣ ਦੀ ਆਜ਼ਾਦੀ ਨਹੀਂ ਮਿਲਦੀ, ਤਾਂ ਉਹ ਬਿਹਤਰ ਮੌਕੇ ਦੀ ਭਾਲ ਵਿੱਚ ਸੰਸਥਾ ਛੱਡ ਦਿੰਦਾ ਹੈ। ਇਸ ਨੂੰ ਮਨੁੱਖੀ ਸਰੋਤ ਪ੍ਰਬੰਧਨ ਵਿੱਚ ਕਰਮਚਾਰੀ ਪਲਾਇਨ ਕਿਹਾ ਜਾਂਦਾ ਹੈ। ਵਾਰ-ਵਾਰ ਕਰਮਚਾਰੀ ਬਦਲਣ ਨਾਲ ਭਰਤੀ, ਸਿਖਲਾਈ ਅਤੇ ਕੰਮ ਦੀ ਨਿਰੰਤਰਤਾ ਉੱਤੇ ਵਾਧੂ ਖ਼ਰਚ ਪੈਂਦਾ ਹੈ। ਪੁਰਾਣੇ ਗਾਹਕਾਂ ਨਾਲ ਬਣਿਆ ਭਰੋਸਾ ਵੀ ਕਮਜ਼ੋਰ ਹੋ ਸਕਦਾ ਹੈ। ਇਸ ਤਰ੍ਹਾਂ ਘੱਟ ਤਨਖ਼ਾਹ ਦੇ ਲਾਲਚ ਵਿੱਚ ਕੀਤੀ ਬੱਚਤ ਕਈ ਗੁਣਾ ਵੱਡੇ ਨੁਕਸਾਨ ਦਾ ਕਾਰਨ ਬਣ ਸਕਦੀ ਹੈ। ਕਿਸੇ ਵੀ ਦਫ਼ਤਰ ਦੀ ਸਫ਼ਲਤਾ ਸਿਰਫ਼ ਕਰਮਚਾਰੀਆਂ ਦੀ ਗਿਣਤੀ ਨਾਲ ਨਹੀਂ ਮਾਪੀ ਜਾਂਦੀ। ਇਸ ਦਾ ਅਸਲ ਮੁਲਾਂਕਣ ਕੰਮ ਦੀ ਮਾਤਰਾ, ਗੁਣਵੱਤਾ, ਸਮੇਂ ਦੀ ਪਾਬੰਦੀ, ਗਾਹਕਾਂ ਦੀ ਸੰਤੁਸ਼ਟੀ, ਆਮਦਨ ਅਤੇ ਨਿਰਧਾਰਤ ਟੀਚਿਆਂ ਦੀ ਪ੍ਰਾਪਤੀ ਨਾਲ ਹੁੰਦਾ ਹੈ। ਇਸ ਲਈ ਮਾਲਕ ਨੂੰ ਹਰ ਕਰਮਚਾਰੀ ਦੀ ਜ਼ਿੰਮੇਵਾਰੀ ਨਿਰਧਾਰਤ ਕਰਨੀ ਚਾਹੀਦੀ ਹੈ, ਕੰਮ ਦੀ ਨਿਯਮਤ ਸਮੀਖਿਆ ਕਰਨੀ ਚਾਹੀਦੀ ਹੈ ਅਤੇ ਕਾਰਗੁਜ਼ਾਰੀ ਦੇ ਆਧਾਰ ’ਤੇ ਤਰੱਕੀ ਤੇ ਤਨਖ਼ਾਹ ਤੈਅ ਕਰਨੀ ਚਾਹੀਦੀ ਹੈ। ਸਭ ਤੋਂ ਵੱਡੀ ਗੱਲ ਇਹ ਹੈ ਕਿ ਮਾਲਕ ਨੂੰ ਇਹ ਸਮਝਣਾ ਪਵੇਗਾ ਕਿ ਸਸਤਾ ਕਰਮਚਾਰੀ ਹਮੇਸ਼ਾ ਸਸਤਾ ਸਾਬਤ ਨਹੀਂ ਹੁੰਦਾ ਅਤੇ ਮਹਿੰਗਾ ਹੁਨਰਮੰਦ ਕਰਮਚਾਰੀ ਹਮੇਸ਼ਾ ਮਹਿੰਗਾ ਨਹੀਂ ਪੈਂਦਾ। ਜਿਹੜਾ ਵਿਅਕਤੀ ਘੱਟ ਸਮੇਂ ਵਿੱਚ ਵੱਧ ਅਤੇ ਬਿਹਤਰ ਕੰਮ ਕਰਦਾ ਹੈ, ਉਹ ਸੰਸਥਾ ਦੀ ਅਸਲ ਪੂੰਜੀ ਹੁੰਦਾ ਹੈ। ਆਖ਼ਰਕਾਰ, ਕਿਸੇ ਵੀ ਦਫ਼ਤਰ ਦਾ ਭਵਿੱਖ ਕਰਮਚਾਰੀਆਂ ਨੂੰ ਮਨਾਉਣ ਵਿੱਚ ਨਹੀਂ, ਉਨ੍ਹਾਂ ਦੀ ਯੋਗਤਾ ਨੂੰ ਪਛਾਣਨ, ਸਹੀ ਥਾਂ ਵਰਤਣ ਅਤੇ ਕੰਮ ਦੇ ਨਤੀਜਿਆਂ ਦੀ ਜਵਾਬਦੇਹੀ ਤੈਅ ਕਰਨ ਵਿੱਚ ਲੁਕਿਆ ਹੁੰਦਾ ਹੈ। ਜਿੱਥੇ ਕਾਬਲੀਅਤ ਦੀ ਥਾਂ ਸਸਤੀ ਉਪਲਬਧਤਾ ਨੂੰ ਤਰਜੀਹ ਮਿਲੇ, ਉੱਥੇ ਤਨਖ਼ਾਹਾਂ ਦਾ ਹਿਸਾਬ ਤਾਂ ਛੋਟਾ ਹੋ ਸਕਦਾ ਹੈ, ਪਰ ਵਿਕਾਸ ਦਾ ਖਾਤਾ ਵੀ ਖਾਲੀ ਰਹਿ ਜਾਂਦਾ ਹੈ। ਅਜਿਹੀ ਪ੍ਰਬੰਧਕੀ ਸੋਚ ਨਾਲ ਦਫ਼ਤਰ ਚੱਲ ਤਾਂ ਸਕਦਾ ਹੈ, ਪਰ ਅੱਗੇ ਨਹੀਂ ਵਧ ਸਕਦਾ।

-ਛੱਤਰਪਾਲ ਸਿੰਘ


Shaheedeazamnews.com
ਖਬਰਾਂ ਅਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ:
9814632807

Shaheed-e-Azam Printed, published and owned by Harjinder Chaudhary printed at Raftaar Printing Press, Factory Area, Patiala and published at Office Shaheed-e-Azam, Dukhniwaran Chowk Patiala.
Editor : Chhatarpal Singh
PRGI (RNI) Regd. No. 42354

ਨੋਟ : ਸੰਪਾਦਕ ਸਿਰਫ਼ ਪੀ ਆਰ ਬੀ ਐਕਟ ਅਧੀਨ ਖ਼ਬਰਾਂ ਲਈ ਜ਼ਿੰਮੇਵਾਰ ਕਿਸੇ ਵੀ ਕਿਸਮ ਦੇ ਝਗੜਿਆਂ ਦਾ ਨਿਪਟਾਰਾ ਸਿਰਫ਼ ਪਟਿਆਲਾ ਅਦਾਲਤ ’ਚ ਹੀ ਹੋਵੇਗਾ।

Shaheed-e-Azam, Daily Punjabi Newspaper, Patiala
Editor-in-Chief : Prabhjit Singh
Editor : Chhatarpal Singh
Contact : 93165-23260, 98146-32807
Email : seanewspatiala@gmail.com
www.shaheedeazamnews.com
For Advertisement : 93165-23260, 98146-32807

ਤਰੱਕੀ ਦੇ ਸਫ਼ਰ ਦੀ ਡਗਰ


ਗੁਰਮੀਤ ਸਿੰਘ ਤੁੰਗ
ਬਿਊਰੋ ਚੀਫ.
9855221193

ਵਿਸ਼ੇਸ਼ ਆਰਥਿਕ ਵਿਸ਼ਲੇਸ਼ਣ । ਗੁਰਮੀਤ ਸਿੰਘ ਤੁੰਗ. ਪੰਜਾਬ ਦੀ ਨਵੀਂ ਉੱਦਮੀ ਨੀਤੀ, ਸਰਕਾਰੀ ਵਿੱਤੀ ਸਹਾਇਤਾ ਅਤੇ ਤਕਨੀਕੀ ਵਿਕਾਸ ਤਹਿਤ ਨਵੇਂ ਉੱਦਮਾਂ ਲਈ ਪੂੰਜੀ ਦੇ ਦਰਵਾਜ਼ੇ, ਨੌਜਵਾਨਾਂ ਲਈ ਰੁਜ਼ਗਾਰ ਦੀਆਂ ਸੰਭਾਵਨਾਵਾਂ ਦੀ ਪੜਚੋਲ.

ਪੰਜਾਬ ਦੀ ਆਰਥਿਕਤਾ ਵਿੱਚ ਖੇਤੀਬਾੜੀ, ਸਨਅਤ ਅਤੇ ਵਪਾਰ ਦਾ ਰਵਾਇਤੀ ਤੌਰ ’ਤੇ ਵੱਡਾ ਯੋਗਦਾਨ ਰਿਹਾ ਹੈ। ਪਰ ਬਦਲਦੇ ਆਰਥਿਕ ਹਾਲਾਤ, ਤਕਨੀਕੀ ਤਰੱਕੀ ਅਤੇ ਦੁਨੀਆ ਭਰ ਵਿੱਚ ਵਧ ਰਹੇ ਨਵੇਂ ਕਾਰੋਬਾਰੀ ਰੁਝਾਨਾਂ ਨੇ ਸੂਬੇ ਸਾਹਮਣੇ ਵਿਕਾਸ ਦੀਆਂ ਨਵੀਆਂ ਸੰਭਾਵਨਾਵਾਂ ਵੀ ਖੋਲ ਦਿੱਤੀਆਂ ਹਨ। ਹੁਣ ਸਿਰਫ਼ ਵੱਡੀਆਂ ਸਨਅਤਾਂ ਲਾਉਣੀਆਂ ਹੀ ਆਰਥਿਕ ਤਰੱਕੀ ਦਾ ਇਕਲੌਤਾ ਰਾਹ ਨਹੀਂ ਰਹੀਆਂ। ਨਵੀਆਂ ਕਾਢਾਂ, ਤਕਨੀਕੀ ਖੋਜ, ਛੋਟੇ ਉੱਦਮ, ਨੌਜਵਾਨਾਂ ਦੇ ਕਾਰੋਬਾਰੀ ਵਿਚਾਰ ਅਤੇ ਉਨ੍ਹਾਂ ਨੂੰ ਮਿਲਣ ਵਾਲੀ ਪੂੰਜੀ ਵੀ ਆਰਥਿਕ ਵਿਕਾਸ ਦੇ ਅਹਿਮ ਆਧਾਰ ਵਜੋਂ ਸਿਰ ਚੁੱਕ ਰਹੇ ਹਨ।

ਇਸੇ ਪਿਛੋਕੜ ਵਿੱਚ ਪੰਜਾਬ ਸਰਕਾਰ ਦਾ ਪੰਜਾਬ ਇਨਵੈਸਟਰ ਸਰਕਲ 2026 ਨਵੇਂ ਉੱਦਮਾਂ ਨੂੰ ਨਿਵੇਸ਼ਕਾਂ, ਵਿੱਤੀ ਸੰਸਥਾਵਾਂ, ਸਨਅਤਕਾਰਾਂ ਅਤੇ ਮਾਹਿਰਾਂ ਨਾਲ ਜੋੜਨ ਵਾਲੀ ਪਹਿਲਕਦਮੀ ਵਜੋਂ ਸਾਹਮਣੇ ਆਇਆ ਹੈ। ਇਸ ਮੰਚ ਦਾ ਮਕਸਦ ਸਿਰਫ਼ ਨਵੇਂ ਕਾਰੋਬਾਰੀ ਵਿਚਾਰਾਂ ਦੀ ਨੁਮਾਇਸ਼ ਕਰਨਾ ਨਹੀਂ, ਸਗੋਂ ਉਨ੍ਹਾਂ ਨੂੰ ਪੂੰਜੀ, ਤਕਨੀਕੀ ਸਹਾਇਤਾ, ਸਲਾਹ ਅਤੇ ਬਾਜ਼ਾਰ ਤੱਕ ਪਹੁੰਚ ਦੇ ਮੌਕੇ ਮੁਹੱਈਆ ਕਰਵਾਉਣਾ ਹੈ।

ਚਾਰ ਮਹੀਨਿਆਂ ਵਿੱਚ ਦੂਜਾ ਪੜਾਅ, 28 ਉੱਦਮਾਂ ਨੂੰ 1.17 ਕਰੋੜ ਦੀ ਸਹਾਇਤਾ: 4 ਨਵੰਬਰ 2026 ਨੂੰ ਚੰਡੀਗੜ੍ਹ ਵਿਖੇ ਪੰਜਾਬ ਦੇ ਉਦਯੋਗ ਅਤੇ ਵਣਜ ਮੰਤਰੀ ਅਮਨ ਅਰੋੜਾ ਨੇ ਪੰਜਾਬ ਇਨਵੈਸਟਰ ਸਰਕਲ ਦੇ ਦੂਜੇ ਪੜਾਅ ਦੀ ਸ਼ੁਰੂਆਤ ਕੀਤੀ। ਇਸ ਮੌਕੇ 28 ਨਵੇਂ ਉੱਦਮਾਂ ਨੂੰ ਕੁੱਲ 1 ਕਰੋੜ 17 ਲੱਖ ਰੁਪਏ ਦੀ ਮੁੱਢਲੀ ਕਾਰੋਬਾਰੀ ਗ੍ਰਾਂਟ ਵੰਡੀ ਗਈ।

ਇਸ ਤੋਂ ਪਹਿਲਾਂ ਇਸ ਮੰਚ ਦਾ ਪਹਿਲਾ ਪੜਾਅ ਜੁਲਾਈ 2026 ਵਿੱਚ ਮੋਹਾਲੀ ਸਥਿਤ ਨੈਨੋ ਵਿਗਿਆਨ ਅਤੇ ਤਕਨਾਲੋਜੀ ਸੰਸਥਾ ਵਿਖੇ ਆਯੋਜਿਤ ਕੀਤਾ ਗਿਆ ਸੀ। ਇਸ ਤਰ੍ਹਾਂ ਚਾਰ ਮਹੀਨਿਆਂ ਦੇ ਅੰਦਰ ਦੂਜਾ ਪੜਾਅ ਕਰਵਾਉਣਾ ਸਰਕਾਰ ਵੱਲੋਂ ਨਿਵੇਸ਼ਕਾਂ ਅਤੇ ਨਵੇਂ ਉੱਦਮੀਆਂ ਵਿਚਕਾਰ ਲਗਾਤਾਰ ਸੰਪਰਕ ਬਣਾਉਣ ਦੀ ਕੋਸ਼ਿਸ਼ ਨੂੰ ਦਰਸਾਉਂਦਾ ਹੈ।

ਇਸ ਸਮਾਗਮ ਦਾ ਇੱਕ ਅਹਿਮ ਹਿੱਸਾ ਦਸ ਚੁਣੀਆਂ ਹੋਈਆਂ ਨਵੀਆਂ ਕਾਰੋਬਾਰੀ ਇਕਾਈਆਂ ਦੀ ਪੇਸ਼ਕਾਰੀ ਸੀ। ਇਨ੍ਹਾਂ ਨੇ ਨਿਵੇਸ਼ਕਾਂ ਅਤੇ ਮਾਹਿਰਾਂ ਦੀ ਕਮੇਟੀ ਸਾਹਮਣੇ ਆਪਣੇ ਕਾਰੋਬਾਰੀ ਨਮੂਨੇ, ਤਕਨੀਕੀ ਕਾਢਾਂ ਅਤੇ ਉਤਪਾਦਾਂ ਦੀ ਵਰਤੋਂ ਬਾਰੇ ਜਾਣਕਾਰੀ ਰੱਖੀ। ਇਨ੍ਹਾਂ ਦੇ ਖੋਜ ਖੇਤਰਾਂ ਵਿੱਚ ਨਕਲੀ ਬੁੱਧੀ, ਰੋਬੋਟਿਕਸ, ਜੀਵ-ਤਕਨਾਲੋਜੀ, ਸਿਹਤ ਤਕਨਾਲੋਜੀ, ਖੇਤੀਬਾੜੀ ਨਾਲ ਜੁੜੀਆਂ ਕਾਢਾਂ, ਉੱਨਤ ਸਮੱਗਰੀ, ਵਾਤਾਵਰਣ ਪੱਖੀ ਨਿਰਮਾਣ ਅਤੇ ਸਿੱਖਿਆ ਨਾਲ ਸਬੰਧਤ ਤਕਨੀਕਾਂ ਸ਼ਾਮਲ ਸਨ।

ਸਮਾਗਮ ਦੇ ਨਾਲ ਲੱਗੀ ਨਵੀਨਤਾ ਪ੍ਰਦਰਸ਼ਨੀ ਵਿੱਚ ਸਮਾਰਟ ਕੱਪੜਾ ਉਦਯੋਗ, ਖੁਰਾਕ ਅਤੇ ਖੇਤੀ ਤਕਨਾਲੋਜੀ, ਪੋਸ਼ਣ ਵਿਗਿਆਨ, ਰੋਬੋਟਿਕਸ ਅਤੇ ਤਕਨੀਕੀ ਸਿੱਖਿਆ ਨਾਲ ਸਬੰਧਤ ਉਤਪਾਦ ਵੀ ਪੇਸ਼ ਕੀਤੇ ਗਏ। ਇਸ ਨਾਲ ਪੰਜਾਬ ਦੇ ਨਵੇਂ ਉੱਦਮਾਂ ਦੀ ਕਾਰਜਸ਼ੀਲਤਾ ਅਤੇ ਖੇਤਰਾਂ ਦੀ ਵਿਭਿੰਨਤਾ ਸਾਹਮਣੇ ਆਈ।

ਪੰਜ ਸਾਲਾਂ ਵਿੱਚ 36 ਤੋਂ 404 ਹੋਈਆਂ ਨਵੀਆਂ ਕਾਰੋਬਾਰੀ ਇਕਾਈਆਂ: ਸਮਾਗਮ ਦੌਰਾਨ ਉਦਯੋਗ ਮੰਤਰੀ ਅਮਨ ਅਰੋੜਾ ਵੱਲੋਂ ਪੇਸ਼ ਕੀਤੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਨਵੇਂ ਉੱਦਮਾਂ ਦੀ ਗਿਣਤੀ 2021-22 ਵਿੱਚ 36 ਸੀ, ਜੋ 2026 ਵਿੱਚ ਵਧ ਕੇ 404 ਹੋ ਗਈ ਹੈ। ਇਹ ਗਿਣਤੀ ਪੰਜ ਸਾਲਾਂ ਦੌਰਾਨ ਗਿਆਰਾਂ ਗੁਣਾ ਤੋਂ ਵੱਧ ਵਾਧੇ ਨੂੰ ਦਰਸਾਉਂਦੀ ਹੈ।

ਮੰਤਰੀ ਅਨੁਸਾਰ ਹੁਣ ਤੱਕ 222 ਨਵੇਂ ਉੱਦਮਾਂ ਨੂੰ ਲਗਭਗ 6 ਕਰੋੜ 80 ਲੱਖ ਰੁਪਏ ਦੀ ਮੁੱਢਲੀ ਵਿੱਤੀ ਸਹਾਇਤਾ ਦਿੱਤੀ ਜਾ ਚੁੱਕੀ ਹੈ। ਇਨ੍ਹਾਂ ਵਿੱਚੋਂ ਲਗਭਗ 50 ਫ਼ੀਸਦੀ ਉੱਦਮਾਂ ਦੀ ਅਗਵਾਈ ਮਹਿਲਾ ਨਿਰਦੇਸ਼ਕਾਂ ਵੱਲੋਂ ਕੀਤੀ ਜਾ ਰਹੀ ਹੈ।

ਇਸ ਅੰਕੜੇ ਦਾ ਮਹੱਤਵ ਇਸ ਲਈ ਵੀ ਹੈ ਕਿ ਪੰਜਾਬ ਵਿੱਚ ਮਹਿਲਾਵਾਂ ਦੀ ਕਾਰੋਬਾਰੀ ਭਾਗੀਦਾਰੀ ਹੁਣ ਰਵਾਇਤੀ ਸਵੈ-ਰੁਜ਼ਗਾਰ ਤੱਕ ਸੀਮਤ ਨਹੀਂ ਰਹੀ। ਤਕਨੀਕੀ ਸੇਵਾਵਾਂ, ਸਿਹਤ, ਸਿੱਖਿਆ, ਖੁਰਾਕੀ ਉਤਪਾਦਾਂ ਅਤੇ ਨਵੇਂ ਕਾਰੋਬਾਰੀ ਖੇਤਰਾਂ ਵਿੱਚ ਵੀ ਉਨ੍ਹਾਂ ਦੀ ਸ਼ਮੂਲੀਅਤ ਸਾਹਮਣੇ ਆ ਰਹੀ ਹੈ।

ਹਾਲਾਂਕਿ, ਇੱਥੇ ਇੱਕ ਫ਼ਰਕ ਸਮਝਣਾ ਜ਼ਰੂਰੀ ਹੈ। 404 ਉੱਦਮਾਂ ਦੀ ਗਿਣਤੀ ਸਰਕਾਰ ਵੱਲੋਂ ਦੱਸੀ ਗਈ ਹੈ। ਇਸ ਨੂੰ ਪੰਜਾਬ ਵਿੱਚ ਚੱਲ ਰਹੀਆਂ ਸਾਰੀਆਂ ਨਵੀਆਂ ਕੰਪਨੀਆਂ ਜਾਂ ਸਫ਼ਲ ਕਾਰੋਬਾਰਾਂ ਦੀ ਕੁੱਲ ਗਿਣਤੀ ਨਹੀਂ ਮੰਨਿਆ ਜਾਣਾ ਚਾਹੀਦਾ। ਇਸੇ ਤਰ੍ਹਾਂ ਗ੍ਰਾਂਟ ਪ੍ਰਾਪਤ ਕਰਨਾ ਅਤੇ ਨਿੱਜੀ ਨਿਵੇਸ਼ ਹਾਸਲ ਕਰਨਾ ਦੋ ਵੱਖਰੀਆਂ ਪ੍ਰਾਪਤੀਆਂ ਹਨ।

ਪੰਜਾਬ ਦੀ ਨਵੀਂ ਉੱਦਮੀ ਨੀਤੀ: 15 ਲੱਖ ਰੁਪਏ ਤੱਕ ਦੀ ਗ੍ਰਾਂਟ: ਪੰਜਾਬ ਸਰਕਾਰ ਵੱਲੋਂ 8 ਮਾਰਚ 2026 ਨੂੰ ਜਾਰੀ ਕੀਤੀ ਗਈ ਸਰਕਾਰੀ ਗਜ਼ਟ ਅਧਿਸੂਚਨਾ ਵਿੱਚ ਨਵੀਂ ਉੱਦਮੀ ਨੀਤੀ ਲਈ ਵਿੱਤੀ ਸਹਾਇਤਾ ਦੀਆਂ ਵਿਵਸਥਾਵਾਂ ਦਰਜ ਹਨ। ਇਸ ਨੀਤੀ ਦੀ ਲਾਗੂ ਮਿਆਦ ਤਿੰਨ ਸਾਲ ਰੱਖੀ ਗਈ ਹੈ।

ਨੀਤੀ ਅਨੁਸਾਰ ਯੋਗ ਨਵੇਂ ਉੱਦਮ ਨੂੰ ਪਹਿਲੇ ਪੜਾਅ ਵਿੱਚ 5 ਲੱਖ ਰੁਪਏ ਦੀ ਮੁੱਢਲੀ ਗ੍ਰਾਂਟ ਦਿੱਤੀ ਜਾ ਸਕਦੀ ਹੈ। ਇਸ ਤੋਂ ਇਲਾਵਾ ਦੂਜੇ ਪੜਾਅ ਵਿੱਚ 10 ਲੱਖ ਰੁਪਏ ਤੱਕ ਦੀ ਹੋਰ ਸਹਾਇਤਾ ਦੀ ਵਿਵਸਥਾ ਹੈ। ਪਰ ਇਹ ਦੂਜੀ ਕਿਸ਼ਤ ਹਰ ਇਕਾਈ ਲਈ ਆਪਣੇ ਆਪ ਮਨਜ਼ੂਰ ਨਹੀਂ ਹੁੰਦੀ। ਇਸ ਲਈ ਪਹਿਲੀ ਗ੍ਰਾਂਟ ਦੀ ਮਨਜ਼ੂਰੀ ਤੋਂ 18 ਮਹੀਨੇ ਬਾਅਦ ਕਾਰਗੁਜ਼ਾਰੀ ਦਾ ਮੁਲਾਂਕਣ ਕੀਤਾ ਜਾਵੇਗਾ ਅਤੇ ਹਰ ਸਾਲ ਵੱਧ ਤੋਂ ਵੱਧ 20 ਚੁਣੀਆਂ ਇਕਾਈਆਂ ਨੂੰ ਹੀ ਇਹ ਵਾਧੂ ਸਹਾਇਤਾ ਮਿਲ ਸਕੇਗੀ। ਰਕਮ ਸਿੱਧੀ ਲਾਭਪਾਤਰੀ ਇਕਾਈ ਦੇ ਖਾਤੇ ਵਿੱਚ ਭੇਜਣ ਦੀ ਵਿਵਸਥਾ ਹੈ।

ਇਸ ਤੋਂ ਇਲਾਵਾ ਨੀਤੀ ਵਿੱਚ ਤਿੰਨ ਹੋਰ ਅਹਿਮ ਸਹੂਲਤਾਂ ਰੱਖੀਆਂ ਗਈਆਂ ਹਨ:

ਕਿਰਾਏ ਦੀ ਸਹਾਇਤਾ: ਮਨਜ਼ੂਰਸ਼ੁਦਾ ਇਨਕਿਊਬੇਸ਼ਨ ਕੇਂਦਰਾਂ, ਸੂਚਨਾ ਤਕਨਾਲੋਜੀ ਪਾਰਕਾਂ ਅਤੇ ਸਨਅਤੀ ਖੇਤਰਾਂ ਵਿੱਚ ਕੰਮ ਕਰਨ ਵਾਲੀਆਂ ਯੋਗ ਇਕਾਈਆਂ ਨੂੰ ਤਿੰਨ ਸਾਲਾਂ ਤੱਕ 25 ਫ਼ੀਸਦੀ ਕਿਰਾਇਆ ਵਾਪਸ ਕਰਨ ਦੀ ਵਿਵਸਥਾ ਹੈ। ਇਸ ਦੀ ਸਾਲਾਨਾ ਹੱਦ 5 ਲੱਖ ਰੁਪਏ ਹੈ।

ਕਰਜ਼ੇ ਉੱਤੇ ਵਿਆਜ ਸਹਾਇਤਾ: ਤਹਿ-ਸ਼ੁਦਾ ਬੈਂਕਾਂ ਅਤੇ ਵਿੱਤੀ ਸੰਸਥਾਵਾਂ ਤੋਂ ਲਏ ਕਰਜ਼ੇ ਉੱਤੇ ਸਾਲਾਨਾ ਵੱਧ ਤੋਂ ਵੱਧ 8 ਫ਼ੀਸਦੀ ਜਾਂ ਅਸਲ ਵਿਆਜ ਦਰ, ਜੋ ਵੀ ਘੱਟ ਹੋਵੇ, ਦੇ ਹਿਸਾਬ ਨਾਲ ਤਿੰਨ ਸਾਲਾਂ ਤੱਕ ਸਾਲਾਨਾ 7 ਲੱਖ ਰੁਪਏ ਦੀ ਹੱਦ ਅੰਦਰ ਸਹਾਇਤਾ ਮਿਲ ਸਕਦੀ ਹੈ।

ਸਰਕਾਰੀ ਖਰੀਦ ਵਿੱਚ ਤਰਜੀਹ: ਯੋਗ ਨਵੇਂ ਉੱਦਮਾਂ ਨੂੰ 10 ਲੱਖ ਰੁਪਏ ਤੱਕ ਦੇ ਪ੍ਰਤੀ ਸਰਕਾਰੀ ਖਰੀਦ ਹੁਕਮ ਲਈ ਤਰਜੀਹ ਦੇਣ ਦੀ ਵਿਵਸਥਾ ਹੈ। ਇੱਕ ਇਕਾਈ ਨੂੰ ਵੱਧ ਤੋਂ ਵੱਧ ਤਿੰਨ ਅਜਿਹੇ ਹੁਕਮਾਂ ਦਾ ਲਾਭ ਮਿਲ ਸਕਦਾ ਹੈ।

ਇਸ ਨੀਤੀ ਦਾ ਲਾਭ ਲੈਣ ਲਈ ਇਕਾਈ ਦਾ ਪੰਜਾਬ ਵਿੱਚ ਸਥਿਤ ਹੋਣਾ, ਇੱਥੇ ਭੌਤਿਕ ਤੌਰ ’ਤੇ ਕਿਸੇ ਸਹਾਇਤਾ ਕੇਂਦਰ ਵਿੱਚ ਕੰਮ ਕਰਨਾ ਜਾਂ ਸੂਬੇ ਵਿੱਚ ਕਾਰੋਬਾਰੀ ਸਰਗਰਮੀ ਹੋਣਾ ਅਤੇ ਪੰਜਾਬ ਦੇ ਨਵੇਂ ਉੱਦਮ ਸੈੱਲ ਵਿੱਚ ਰਜਿਸਟਰੇਸ਼ਨ ਲਾਜ਼ਮੀ ਹੈ। ਵਿੱਤੀ ਸਹਾਇਤਾ ਲਈ ਸੂਬਾਈ ਪੱਧਰ ਦੀ ਕਮੇਟੀ ਦੀ ਪ੍ਰਵਾਨਗੀ ਵੀ ਜ਼ਰੂਰੀ ਹੈ।

ਨੀਤੀ ਵਿੱਚ ਪੇਂਡੂ ਵਿਕਾਸ ਨਾਲ ਜੁੜੇ ਉੱਦਮਾਂ, ਮਹਿਲਾਵਾਂ ਦੀ ਅਗਵਾਈ ਵਾਲੀਆਂ ਇਕਾਈਆਂ, ਰਹਿੰਦ-ਖੂੰਹਦ ਨੂੰ ਮੁੜ ਵਰਤੋਂਯੋਗ ਵਸਤਾਂ ਵਿੱਚ ਬਦਲਣ ਵਾਲੇ ਕਾਰੋਬਾਰਾਂ ਅਤੇ ਸਮਾਜਕ ਭਲਾਈ ਨਾਲ ਸਬੰਧਤ ਤਕਨੀਕੀ ਉੱਦਮਾਂ ਨੂੰ ਵੀ ਵੱਖਰੇ ਤੌਰ ’ਤੇ ਪਰਿਭਾਸ਼ਿਤ ਕੀਤਾ ਗਿਆ ਹੈ। ਇਸ ਨਾਲ ਖੇਤੀਬਾੜੀ ਆਧਾਰਿਤ ਪੇਂਡੂ ਕਾਰੋਬਾਰਾਂ ਅਤੇ ਮਹਿਲਾ ਉੱਦਮੀਆਂ ਲਈ ਵੀ ਨੀਤੀ ਦੇ ਦਾਇਰੇ ਵਿੱਚ ਆਉਣ ਦਾ ਰਾਹ ਬਣਦਾ ਹੈ।

ਨਿਊਰੋਨ 2.0: ਮੋਹਾਲੀ ਵਿੱਚ 29 ਕਰੋੜ ਰੁਪਏ ਦਾ ਤਕਨੀਕੀ ਕੇਂਦਰ: ਪੰਜਾਬ ਦੇ ਨਵੇਂ ਉੱਦਮਾਂ ਨੂੰ ਤਕਨੀਕੀ ਢਾਂਚਾ ਮੁਹੱਈਆ ਕਰਵਾਉਣ ਲਈ ਸਰਕਾਰ ਨੇ ਸਾਫਟਵੇਅਰ ਟੈਕਨਾਲੋਜੀ ਪਾਰਕਸ ਆਫ਼ ਇੰਡੀਆ ਨਾਲ ਸਮਝੌਤਾ ਕਰਕੇ ਮੋਹਾਲੀ ਵਿਖੇ ਸਟਾਰਟਅੱਪ ਪੰਜਾਬ ਹੱਬ-ਨਿਊਰੋਨ 2.0 ਸਥਾਪਤ ਕਰਨ ਦੀ ਯੋਜਨਾ ਬਣਾਈ ਹੈ।

19 ਅਗਸਤ 2026 ਨੂੰ ਇਸ ਸਬੰਧੀ ਸਮਝੌਤਾ ਕੀਤਾ ਗਿਆ। ਇਸ ਪ੍ਰਾਜੈਕਟ ਦੀ ਕੁੱਲ ਲਾਗਤ 29 ਕਰੋੜ ਰੁਪਏ ਰੱਖੀ ਗਈ ਹੈ। ਇਸ ਵਿੱਚ ਪੰਜਾਬ ਸਰਕਾਰ ਵੱਲੋਂ 12 ਕਰੋੜ ਰੁਪਏ ਦੀ ਸਿਧਾਂਤਕ ਵਿੱਤੀ ਸਹਾਇਤਾ ਅਤੇ ਸਾਫਟਵੇਅਰ ਟੈਕਨਾਲੋਜੀ ਪਾਰਕਸ ਆਫ਼ ਇੰਡੀਆ ਵੱਲੋਂ 17 ਕਰੋੜ ਰੁਪਏ ਦਾ ਯੋਗਦਾਨ ਦਿੱਤਾ ਜਾਣਾ ਹੈ।

ਇਸ ਕੇਂਦਰ ਦਾ ਮੁੱਖ ਧਿਆਨ ਪੰਜ ਤਕਨੀਕੀ ਖੇਤਰਾਂ ਉੱਤੇ ਹੋਵੇਗਾ:

ਸਾਈਬਰ ਸੁਰੱਖਿਆ।

ਨਕਲੀ ਬੁੱਧੀ।

ਅੰਕੜਾ ਵਿਸ਼ਲੇਸ਼ਣ।

ਵਸਤਾਂ ਨੂੰ ਆਪਸੀ ਸੰਪਰਕ ਨਾਲ ਚਲਾਉਣ ਵਾਲੀ ਤਕਨੀਕ।

ਦ੍ਰਿਸ਼-ਸੁਣਨ ਤਕਨਾਲੋਜੀ।

ਇੱਥੇ ਸਾਈਬਰ ਸੁਰੱਖਿਆ ਲਈ ਵਿਸ਼ੇਸ਼ ਪ੍ਰਯੋਗਸ਼ਾਲਾ ਬਣਾਉਣ ਦੀ ਵੀ ਵਿਵਸਥਾ ਹੈ, ਜਿੱਥੇ ਨਵੇਂ ਉਤਪਾਦਾਂ ਦੀ ਤਿਆਰੀ, ਜਾਂਚ ਅਤੇ ਤਜਰਬੇ ਕੀਤੇ ਜਾ ਸਕਣਗੇ।

ਇਸ ਪ੍ਰਾਜੈਕਟ ਦਾ ਪੰਜ ਸਾਲਾਂ ਵਿੱਚ ਘੱਟੋ-ਘੱਟ 50 ਨਵੇਂ ਉੱਦਮਾਂ ਨੂੰ ਸਹਾਇਤਾ ਦੇਣ ਅਤੇ 2,000 ਪੇਸ਼ੇਵਰਾਂ ਨੂੰ ਸਿਖਲਾਈ ਦੇਣ ਦਾ ਟੀਚਾ ਹੈ। ਸਿਖਲਾਈ ਮੁੱਢਲੇ, ਵਿਚਕਾਰਲੇ ਅਤੇ ਮਾਹਿਰ ਪੱਧਰਾਂ ਉੱਤੇ ਦਿੱਤੀ ਜਾਣੀ ਹੈ। ਸਰਕਾਰੀ ਅਤੇ ਸਰਕਾਰੀ ਸਹਾਇਤਾ ਪ੍ਰਾਪਤ ਸਕੂਲਾਂ ਤੇ ਕਾਲਜਾਂ ਦੇ ਵਿਦਿਆਰਥੀਆਂ ਨੂੰ ਵੀ ਇਸ ਨਾਲ ਜੋੜਨ ਦੀ ਵਿਵਸਥਾ ਹੈ।

ਇਸ ਕੇਂਦਰ ਦਾ ਪ੍ਰਬੰਧ ਸਾਫਟਵੇਅਰ ਟੈਕਨਾਲੋਜੀ ਪਾਰਕਸ ਆਫ਼ ਇੰਡੀਆ ਵੱਲੋਂ ਕੀਤਾ ਜਾਣਾ ਹੈ। ਇਸ ਸੰਸਥਾ ਵੱਲੋਂ ਤਕਨੀਕੀ ਸਿਖਲਾਈ, ਨਵੇਂ ਵਿਚਾਰਾਂ ਦੀਆਂ ਮੁਕਾਬਲਾਵਾਰ ਪੇਸ਼ਕਾਰੀਆਂ, ਕਾਰਜਸ਼ਾਲਾਵਾਂ ਅਤੇ ਨਿਵੇਸ਼ਕਾਂ ਨਾਲ ਮਿਲਣੀਆਂ ਕਰਵਾਈਆਂ ਜਾਣਗੀਆਂ।

ਇਸ ਤੋਂ ਪਹਿਲਾਂ ਨਿਊਰੋਨ 1.0 ਤਹਿਤ 114 ਨਵੇਂ ਉੱਦਮਾਂ ਨੂੰ ਸਹਾਇਤਾ ਦੇਣ, 158 ਉਤਪਾਦਾਂ ਅਤੇ 171 ਨਮੂਨਿਆਂ ਦੇ ਵਿਕਾਸ ਅਤੇ ਲਗਭਗ 2,700 ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਅੰਕੜੇ ਸਰਕਾਰ ਵੱਲੋਂ ਪੇਸ਼ ਕੀਤੇ ਗਏ ਸਨ। ਇਨ੍ਹਾਂ ਇਕਾਈਆਂ ਵੱਲੋਂ ਲਗਭਗ 251 ਕਰੋੜ ਰੁਪਏ ਦਾ ਨਿਵੇਸ਼ ਹਾਸਲ ਕਰਨ ਅਤੇ ਉਨ੍ਹਾਂ ਦੀ ਸਾਂਝੀ ਕਾਰੋਬਾਰੀ ਕੀਮਤ 2,890 ਕਰੋੜ ਰੁਪਏ ਹੋਣ ਦਾ ਦਾਅਵਾ ਵੀ ਕੀਤਾ ਗਿਆ ਸੀ।

ਜ਼ੋਹੋ ਨਾਲ ਸਮਝੌਤਾ: ਨਵੇਂ ਕਾਰੋਬਾਰਾਂ ਨੂੰ ਤਕਨੀਕੀ ਸਹੂਲਤ: 4 ਨਵੰਬਰ ਦੇ ਸਮਾਗਮ ਦੌਰਾਨ ਸਟਾਰਟਅੱਪ ਪੰਜਾਬ ਨੇ ਜ਼ੋਹੋ ਕਾਰਪੋਰੇਸ਼ਨ ਨਾਲ ਵੀ ਸਮਝੌਤਾ ਕੀਤਾ। ਇਸ ਤਹਿਤ ਯੋਗ ਅਤੇ ਰਜਿਸਟਰਡ ਨਵੇਂ ਉੱਦਮਾਂ ਨੂੰ 1.86 ਲੱਖ ਰੁਪਏ ਤੱਕ ਦੇ ਜ਼ੋਹੋ ਵਾਲਿਟ ਕ੍ਰੈਡਿਟ ਮੁਫ਼ਤ ਮੁਹੱਈਆ ਕਰਵਾਉਣ ਦੀ ਵਿਵਸਥਾ ਹੈ।

ਇਸ ਸਹੂਲਤ ਰਾਹੀਂ ਨਵੇਂ ਕਾਰੋਬਾਰ ਆਪਣੇ ਲੇਖਾ-ਜੋਖਾ, ਗਾਹਕਾਂ ਨਾਲ ਸੰਪਰਕ, ਦਫ਼ਤਰੀ ਪ੍ਰਬੰਧ, ਕਾਰੋਬਾਰੀ ਅੰਕੜਿਆਂ ਅਤੇ ਹੋਰ ਡਿਜੀਟਲ ਕੰਮਾਂ ਲਈ ਲੋੜੀਂਦੇ ਸਾਧਨ ਵਰਤ ਸਕਣਗੇ।

ਇਸ ਦੇ ਨਾਲ ਹੀ ਪੰਜਾਬ ਵਿੱਚ 25 ਤੋਂ ਵੱਧ ਮਾਨਤਾ ਪ੍ਰਾਪਤ ਉੱਦਮ ਸਹਾਇਤਾ ਕੇਂਦਰਾਂ ਅਤੇ ਵਿਕਾਸ ਕੇਂਦਰਾਂ ਦਾ ਜ਼ਿਕਰ ਕੀਤਾ ਗਿਆ ਹੈ। ਇਨ੍ਹਾਂ ਨਾਲ ਭਾਰਤੀ ਤਕਨਾਲੋਜੀ ਸੰਸਥਾ ਰੋਪੜ, ਭਾਰਤੀ ਵਿਗਿਆਨ ਸਿੱਖਿਆ ਤੇ ਖੋਜ ਸੰਸਥਾ ਮੋਹਾਲੀ, ਭਾਰਤੀ ਵਪਾਰਕ ਸਕੂਲ ਮੋਹਾਲੀ, ਪਲਾਕਸ਼ਾ ਯੂਨੀਵਰਸਿਟੀ, ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਗੁਰੂ ਅੰਗਦ ਦੇਵ ਪਸ਼ੂ ਚਿਕਿਤਸਾ ਅਤੇ ਪਸ਼ੂ ਵਿਗਿਆਨ ਯੂਨੀਵਰਸਿਟੀ ਅਤੇ ਥਾਪਰ ਸੰਸਥਾ ਵਰਗੀਆਂ ਵਿੱਦਿਅਕ ਸੰਸਥਾਵਾਂ ਦੀ ਭਾਗੀਦਾਰੀ ਵੀ ਇਸ ਖੇਤਰ ਲਈ ਅਹਿਮ ਹੈ।

ਪੰਜਾਬ ਦੇ ਜ਼ਿਲ੍ਹਿਆਂ ਵਿੱਚ ਉੱਦਮਾਂ ਲਈ ਸੰਭਾਵਨਾਵਾਂ: ਪੰਜਾਬ ਦੀ ਨਵੀਂ ਉੱਦਮੀ ਵਿਵਸਥਾ ਦਾ ਲਾਭ ਸਿਰਫ਼ ਮੋਹਾਲੀ, ਚੰਡੀਗੜ੍ਹ ਜਾਂ ਵੱਡੇ ਸ਼ਹਿਰਾਂ ਤੱਕ ਸੀਮਤ ਨਹੀਂ ਰਹਿਣਾ ਚਾਹੀਦਾ। ਸੂਬੇ ਦੇ ਵੱਖ-ਵੱਖ ਜ਼ਿਲ੍ਹਿਆਂ ਵਿੱਚ ਪਹਿਲਾਂ ਤੋਂ ਮੌਜੂਦ ਸਨਅਤੀ ਅਤੇ ਖੇਤੀਬਾੜੀ ਢਾਂਚੇ ਨੂੰ ਨਵੇਂ ਕਾਰੋਬਾਰਾਂ ਨਾਲ ਜੋੜਿਆ ਜਾ ਸਕਦਾ ਹੈ।

ਲੁਧਿਆਣਾ: ਸਾਈਕਲ, ਮਸ਼ੀਨਰੀ, ਹੱਥ-ਔਜ਼ਾਰ, ਕੱਪੜਾ ਅਤੇ ਤਿਆਰ ਪਹਿਰਾਵੇ ਦੇ ਖੇਤਰ ਵਿੱਚ ਨਵੇਂ ਉਤਪਾਦ ਅਤੇ ਸਵੈਚਾਲਿਤ ਮਸ਼ੀਨਾਂ ਤਿਆਰ ਕਰਨ ਵਾਲੇ ਉੱਦਮਾਂ ਲਈ ਮੌਕੇ ਹਨ।

ਜਲੰਧਰ: ਖੇਡਾਂ ਦੇ ਸਾਮਾਨ, ਚਮੜੇ ਦੀਆਂ ਵਸਤਾਂ ਅਤੇ ਛੋਟੇ ਸਨਅਤੀ ਉਤਪਾਦਾਂ ਵਿੱਚ ਨਵੀਂ ਤਕਨੀਕ, ਗੁਣਵੱਤਾ ਜਾਂਚ ਅਤੇ ਵਿਦੇਸ਼ੀ ਬਾਜ਼ਾਰਾਂ ਤੱਕ ਪਹੁੰਚ ਨਾਲ ਜੁੜੇ ਕਾਰੋਬਾਰ ਵਿਕਸਤ ਹੋ ਸਕਦੇ ਹਨ। ਅੰਮ੍ਰਿਤਸਰ: ਖੁਰਾਕੀ ਵਸਤਾਂ ਦੀ ਤਿਆਰੀ, ਪੈਕਿੰਗ, ਸੰਭਾਲ, ਸੈਰ-ਸਪਾਟਾ ਅਤੇ ਵਿਰਾਸਤੀ ਵਪਾਰ ਨਾਲ ਜੁੜੇ ਨਵੇਂ ਉੱਦਮਾਂ ਲਈ ਸੰਭਾਵਨਾਵਾਂ ਹਨ। ਪਟਿਆਲਾ: ਖੇਤੀਬਾੜੀ ਸੰਦਾਂ, ਖੇਤੀ ਉਪਜ ਦੀ ਸੰਭਾਲ, ਦੁੱਧ ਉਤਪਾਦਨ, ਪਸ਼ੂ ਪਾਲਣ, ਖੁਰਾਕੀ ਵਸਤਾਂ ਦੀ ਤਿਆਰੀ ਅਤੇ ਸਿੱਖਿਆ ਨਾਲ ਜੁੜੀਆਂ ਤਕਨੀਕੀ ਸੇਵਾਵਾਂ ਵਿੱਚ ਨਵੇਂ ਕਾਰੋਬਾਰ ਖੜ੍ਹੇ ਹੋ ਸਕਦੇ ਹਨ।

ਬਠਿੰਡਾ ਅਤੇ ਮਾਲਵਾ ਖੇਤਰ: ਖੇਤੀਬਾੜੀ ਰਹਿੰਦ-ਖੂੰਹਦ ਦੀ ਵਰਤੋਂ, ਨਵਿਆਉਣਯੋਗ ਊਰਜਾ, ਪਾਣੀ ਦੀ ਬੱਚਤ, ਖੇਤੀ ਸੰਦਾਂ ਅਤੇ ਖੁਰਾਕੀ ਉਤਪਾਦਾਂ ਦੀ ਪ੍ਰਕਿਰਿਆ ਨਾਲ ਜੁੜੇ ਉੱਦਮਾਂ ਲਈ ਖੇਤਰ ਮੌਜੂਦ ਹੈ।

ਇਨ੍ਹਾਂ ਖੇਤਰਾਂ ਵਿੱਚ ਨਵੇਂ ਉੱਦਮਾਂ ਨੂੰ ਸਿਰਫ਼ ਵਿੱਤੀ ਸਹਾਇਤਾ ਹੀ ਨਹੀਂ, ਸਗੋਂ ਤਕਨੀਕੀ ਮਾਰਗਦਰਸ਼ਨ, ਉਤਪਾਦਾਂ ਦੀ ਜਾਂਚ, ਗੁਣਵੱਤਾ ਪ੍ਰਮਾਣੀਕਰਨ ਅਤੇ ਬਾਜ਼ਾਰ ਨਾਲ ਜੋੜਨ ਵਾਲੀ ਵਿਵਸਥਾ ਵੀ ਲੋੜੀਂਦੀ ਹੈ।

ਪੰਜਾਬ ਦੀ ਆਰਥਿਕਤਾ ਲਈ ਅਗਲਾ ਮਹੱਤਵਪੂਰਨ ਪੜਾਅ: ਪੰਜਾਬ ਇਨਵੈਸਟਰ ਸਰਕਲ ਅਤੇ ਨਵੀਂ ਉੱਦਮੀ ਨੀਤੀ ਨਾਲ ਸਬੰਧਤ ਅੰਕੜੇ ਇੱਕ ਵਿਸਥਾਰ ਲੈਂਦੇ ਨਵੇਂ ਕਾਰੋਬਾਰੀ ਢਾਂਚੇ ਵੱਲ ਇਸ਼ਾਰਾ ਕਰਦੇ ਹਨ। ਪਰ ਇਸ ਖੇਤਰ ਦੀ ਅਸਲ ਤਸਵੀਰ ਸਾਹਮਣੇ ਲਿਆਉਣ ਲਈ ਕੁਝ ਅਹਿਮ ਜਾਣਕਾਰੀਆਂ ਦਾ ਜਨਤਕ ਹੋਣਾ ਵੀ ਜ਼ਰੂਰੀ ਹੈ।

ਸਰਕਾਰ ਨੂੰ ਹਰ ਸਾਲ ਇਹ ਵੇਰਵਾ ਜਾਰੀ ਕਰਨਾ ਚਾਹੀਦਾ ਹੈ ਕਿ ਕਿੰਨੀਆਂ ਇਕਾਈਆਂ ਨੇ ਗ੍ਰਾਂਟ ਪ੍ਰਾਪਤ ਕੀਤੀ, ਕਿੰਨੀਆਂ ਨੇ ਆਪਣਾ ਉਤਪਾਦ ਬਾਜ਼ਾਰ ਵਿੱਚ ਉਤਾਰਿਆ, ਕਿੰਨੀਆਂ ਨੂੰ ਨਿੱਜੀ ਨਿਵੇਸ਼ ਮਿਲਿਆ, ਕਿੰਨੇ ਨਵੇਂ ਰੁਜ਼ਗਾਰ ਪੈਦਾ ਹੋਏ ਅਤੇ ਕਿੰਨੀਆਂ ਇਕਾਈਆਂ ਪੰਜ ਸਾਲਾਂ ਬਾਅਦ ਵੀ ਆਪਣਾ ਕਾਰੋਬਾਰ ਚਲਾ ਰਹੀਆਂ ਹਨ।

ਇਸ ਦੇ ਨਾਲ ਹੀ ਜ਼ਿਲ੍ਹਾਵਾਰ ਲਾਭਪਾਤਰੀਆਂ, ਮਹਿਲਾ ਉੱਦਮੀਆਂ, ਪੇਂਡੂ ਇਕਾਈਆਂ ਅਤੇ ਸਿੱਖਿਆ ਸੰਸਥਾਵਾਂ ਤੋਂ ਨਿਕਲੇ ਨਵੇਂ ਕਾਰੋਬਾਰਾਂ ਦੇ ਅੰਕੜੇ ਵੀ ਵੱਖਰੇ ਤੌਰ ’ਤੇ ਜਾਰੀ ਹੋਣੇ ਚਾਹੀਦੇ ਹਨ।

ਪੰਜਾਬ ਕੋਲ ਖੇਤੀਬਾੜੀ, ਮਸ਼ੀਨਰੀ, ਖੁਰਾਕੀ ਵਸਤਾਂ, ਖੇਡਾਂ ਦੇ ਸਾਮਾਨ, ਕੱਪੜਾ ਉਦਯੋਗ, ਸਿਹਤ ਸੇਵਾਵਾਂ ਅਤੇ ਸਿੱਖਿਆ ਦੇ ਖੇਤਰਾਂ ਵਿੱਚ ਪਹਿਲਾਂ ਤੋਂ ਮੌਜੂਦ ਤਜਰਬਾ ਹੈ। ਜੇਕਰ ਇਸ ਤਜਰਬੇ ਨੂੰ ਨਵੀਂ ਤਕਨੀਕ, ਖੋਜ ਅਤੇ ਪੂੰਜੀ ਨਾਲ ਜੋੜਿਆ ਜਾਂਦਾ ਹੈ ਤਾਂ ਸੂਬੇ ਦੇ ਨੌਜਵਾਨਾਂ ਨੂੰ ਆਪਣੇ ਹੀ ਸੂਬੇ ਵਿੱਚ ਕਾਰੋਬਾਰ ਸ਼ੁਰੂ ਕਰਨ ਅਤੇ ਰੁਜ਼ਗਾਰ ਪੈਦਾ ਕਰਨ ਦੇ ਹੋਰ ਮੌਕੇ ਮਿਲ ਸਕਦੇ ਹਨ।

ਪੰਜਾਬ ਇਨਵੈਸਟਰ ਸਰਕਲ 2026 ਇਸੇ ਦਿਸ਼ਾ ਵਿੱਚ ਸਰਕਾਰ ਦੀ ਇੱਕ ਅਹਿਮ ਸੰਸਥਾਗਤ ਪਹਿਲਕਦਮੀ ਹੈ। ਇਸ ਦੀ ਅਗਲੀ ਤਸਵੀਰ 404 ਉੱਦਮਾਂ ਦੇ ਅੰਕੜੇ ਨਾਲ ਨਹੀਂ, ਸਗੋਂ ਉਨ੍ਹਾਂ ਵਿੱਚੋਂ ਕਿੰਨੇ ਉੱਦਮ ਮਜ਼ਬੂਤ ਕਾਰੋਬਾਰ ਬਣਦੇ ਹਨ, ਕਿੰਨੇ ਨੌਜਵਾਨਾਂ ਨੂੰ ਕੰਮ ਮਿਲਦਾ ਹੈ ਅਤੇ ਪੰਜਾਬ ਦੇ ਉਤਪਾਦ ਦੇਸ਼-ਵਿਦੇਸ਼ ਦੇ ਬਾਜ਼ਾਰਾਂ ਵਿੱਚ ਕਿੰਨੀ ਥਾਂ ਬਣਾਉਂਦੇ ਹਨ, ਇਸ ਨਾਲ ਸਾਹਮਣੇ ਆਵੇਗੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵੱਲੋਂ ਰਾਸ਼ਟਰੀ ਸਿੱਖਿਆ ਦਿਵਸ ਮੌਕੇ ਕਿਸ਼ੋਰਾਂ ਵਿੱਚ ਹਮਲਾਵਰ ਵਿਵਹਾਰ ਬਾਰੇ ਖੋਜ ਕਾਨਫਰੰਸ




ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ, ਫ਼ਤਿਹਗੜ੍ਹ ਸਾਹਿਬ ਦੇ ਸਿੱਖਿਆ ਵਿਭਾਗ ਵੱਲੋਂ ਰਾਸ਼ਟਰੀ ਸਿੱਖਿਆ ਦਿਵਸ ਮੌਕੇ ਕਿਸ਼ੋਰਾਂ ਵਿੱਚ ਹਮਲਾਵਰ ਵਿਵਹਾਰ ਦੇ ਮਨੋਵਿਗਿਆਨਕ, ਸਮਾਜਿਕ ਅਤੇ ਵਿਵਹਾਰਕ ਪਹਿਲੂਆਂ ਨੂੰ ਸਮਝਣ ਦੇ ਉਦੇਸ਼ ਨਾਲ ਵਿਦਿਆਰਥੀ ਖੋਜ ਕਾਨਫਰੰਸ ਕਰਵਾਈ ਗਈ। ਕਾਨਫਰੰਸ ਦਾ ਵਿਸ਼ਾ ਕਿਸ਼ੋਰਾਂ ਵਿੱਚ ਹਮਲਾਵਰ ਵਿਵਹਾਰ: ਜੋਖਮ ਕਾਰਕਾਂ ਤੋਂ ਮਾਨਸਿਕ ਦ੍ਰਿੜ੍ਹਤਾ ਤੱਕ—ਖੋਜ, ਰੋਕਥਾਮ ਅਤੇ ਦਖ਼ਲਅੰਦਾਜ਼ੀ ਸੀ। ਪ੍ਰੋ. (ਡਾ.) ਪਰਿਤ ਪਾਲ ਸਿੰਘ, ਵਾਈਸ ਚਾਂਸਲਰ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਯੂਨੀਵਰਸਿਟੀਆਂ ਨੂੰ ਸਿੱਖਿਆ ਦੇ ਨਾਲ-ਨਾਲ ਸਮਾਜਿਕ ਅਤੇ ਮਨੋਵਿਗਿਆਨਕ ਚੁਣੌਤੀਆਂ ਦੇ ਹੱਲ ਲਈ ਵੀ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਨੇ ਗੁਣਵੱਤਾਪੂਰਨ ਖੋਜ ਅਤੇ ਸਮਾਜਿਕ ਸਰੋਕਾਰਾਂ ਨਾਲ ਜੁੜੀ ਸਿੱਖਿਆ ਨੂੰ ਉਤਸ਼ਾਹਿਤ ਕਰਨ ਦੀ ਵਚਨਬੱਧਤਾ ਦੁਹਰਾਈ। ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ, ਡੀਨ ਅਕਾਦਮਿਕ ਮਾਮਲੇ ਨੇ ਉਦਘਾਟਨੀ ਭਾਸ਼ਣ ਦਿੰਦਿਆਂ ਖੋਜ ਅਤੇ ਅਕਾਦਮਿਕ ਸੰਵਾਦ ਦੀ ਮਹੱਤਤਾ ਉੱਤੇ ਜ਼ੋਰ ਦਿੱਤਾ ਅਤੇ ਵਿਦਿਆਰਥੀਆਂ ਨੂੰ ਵਿਗਿਆਨਕ ਦ੍ਰਿਸ਼ਟੀਕੋਣ ਅਪਣਾਉਣ ਲਈ ਪ੍ਰੇਰਿਤ ਕੀਤਾ।

ਇਸ ਮੌਕੇ ਡਾ. ਹਰਨੀਤ ਬਿਲਿੰਗ, ਮੁਖੀ, ਸਿੱਖਿਆ ਵਿਭਾਗ ਨੇ ਸਵਾਗਤੀ ਭਾਸ਼ਣ ਦਿੱਤਾ। ਉਨ੍ਹਾਂ ਨੇ ਕਿਸ਼ੋਰਾਂ ਵਿੱਚ ਹਮਲਾਵਰ ਵਿਵਹਾਰ ਨੂੰ ਬਹੁਪੱਖੀ ਸਮੱਸਿਆ ਦੱਸਦਿਆਂ ਇਸ ਦੇ ਮਨੋਵਿਗਿਆਨਕ ਅਤੇ ਸਮਾਜਿਕ ਕਾਰਨਾਂ ਨੂੰ ਸਮਝਣ ਦੀ ਲੋੜ ਉੱਤੇ ਜ਼ੋਰ ਦਿੱਤਾ। ਪਹਿਲੇ ਤਕਨੀਕੀ ਸੈਸ਼ਨ ਵਿੱਚ ਡਾ. ਇੰਦਰਪ੍ਰੀਤ ਕੌਰ ਸੰਧੂ, ਐਸੋਸੀਏਟ ਪ੍ਰੋਫੈਸਰ, ਮਨੋਵਿਗਿਆਨ ਵਿਭਾਗ, ਪੰਜਾਬੀ ਯੂਨੀਵਰਸਿਟੀ, ਪਟਿਆਲਾ ਅਤੇ ਡਾ. ਅੰਕਿਤ ਡਾਂਗੀ, ਮਨੋਚਿਕਿਤਸਾ ਵਿਭਾਗ, ਪੀ.ਜੀ.ਆਈ., ਚੰਡੀਗੜ੍ਹ ਨੇ ਵਿਸ਼ਾ ਮਾਹਿਰਾਂ ਵਜੋਂ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਮਾਨਸਿਕ ਸਿਹਤ ਪ੍ਰਤੀ ਜਾਗਰੂਕਤਾ, ਸਮੱਸਿਆਵਾਂ ਦੀ ਸਮੇਂ ਸਿਰ ਪਛਾਣ ਅਤੇ ਪੇਸ਼ੇਵਰ ਸਹਾਇਤਾ ਦੀ ਮਹੱਤਤਾ ਉਜਾਗਰ ਕੀਤੀ।

ਦੂਜੇ ਅਤੇ ਤੀਜੇ ਤਕਨੀਕੀ ਸੈਸ਼ਨਾਂ ਵਿੱਚ ਪੰਜਾਬ ਦੇ ਵੱਖ-ਵੱਖ ਸਿੱਖਿਆ ਕਾਲਜਾਂ ਦੇ ਖੋਜਾਰਥੀਆਂ ਅਤੇ ਵਿਦਿਆਰਥੀਆਂ ਵੱਲੋਂ ਆਨਲਾਈਨ ਅਤੇ ਆਫਲਾਈਨ ਮਾਧਿਅਮ ਰਾਹੀਂ 15 ਖੋਜ ਪੱਤਰ ਪੇਸ਼ ਕੀਤੇ ਗਏ। ਇਨ੍ਹਾਂ ਸੈਸ਼ਨਾਂ ਦੀ ਪ੍ਰਧਾਨਗੀ ਡਾ. ਕਿਰਨ ਸਚਦੇਵਾ, ਮਨੋਵਿਗਿਆਨੀ ਅਤੇ ਪੁਨਰਵਾਸ ਕੌਂਸਲਰ ਨੇ ਕੀਤੀ। ਉਨ੍ਹਾਂ ਨੇ ਕਿਸ਼ੋਰਾਂ ਦੀ ਭਾਵਨਾਤਮਕ ਸਿਹਤ ਅਤੇ ਵਿਵਹਾਰਕ ਸਮੱਸਿਆਵਾਂ ਦੇ ਹੱਲ ਲਈ ਕੌਂਸਲਿੰਗ ਅਤੇ ਮਾਨਸਿਕ ਦ੍ਰਿੜ੍ਹਤਾ ਦੀ ਮਹੱਤਤਾ ਬਾਰੇ ਚਾਨਣਾ ਪਾਇਆ। ਸਮਾਪਤੀ ਸੈਸ਼ਨ ਵਿੱਚ ਮਿਸ ਨਵਜੋਤ ਕੌਰ, ਕਾਨਫਰੰਸ ਕੋਆਰਡੀਨੇਟਰ ਨੇ ਰਿਪੋਰਟ ਪੇਸ਼ ਕੀਤੀ। ਡਾ. ਸੁਮਨ ਪ੍ਰੀਤ ਕੌਰ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ। ਇਸ ਮੌਕੇ ਸਨਮਾਨ ਸਮਾਰੋਹ ਵੀ ਕਰਵਾਇਆ ਗਿਆ। ਕਾਨਫਰੰਸ ਨੇ ਕਿਸ਼ੋਰਾਂ ਦੀ ਮਾਨਸਿਕ ਸਿਹਤ ਅਤੇ ਭਾਵਨਾਤਮਕ ਤੰਦਰੁਸਤੀ ਸਬੰਧੀ ਚੁਣੌਤੀਆਂ ਦੇ ਹੱਲ ਲਈ ਖੋਜ ਅਤੇ ਸਿੱਖਿਆ ਸੰਸਥਾਵਾਂ ਦੀ ਭੂਮਿਕਾ ਨੂੰ ਉਜਾਗਰ ਕੀਤਾ।

ਪਟਿਆਲਾ ਵਿਖੇ ਚੌਥੀ ਕੈਡੇਟ ਜੂਨੀਅਰ ਸਟੇਟ ਕੁਰਾਸ਼ ਚੈਂਪੀਅਨਸ਼ਿਪ ਕਰਵਾਈ



ਪਟਿਆਲਾ, 12 ਨਵੰਬਰ
-ਛਤਰਪਾਲ ਸਿੰਘ-

ਸ. ਹਰਸਨਦੀਪ ਸਿੰਘ ਗਿੱਲ ਮੈਮੋਰੀਅਲ ਚੈਰੀਟੇਬਲ ਸੁਸਾਇਟੀ (ਰਜਿ.) ਵੱਲੋਂ ਸਪੋਰਟਸ ਕਲੱਬ, ਸਾਹਿਬ ਨਗਰ ਥੇੜੀ, ਅਰਬਨ ਅਸਟੇਟ, ਫੇਜ਼ 1, ਪਟਿਆਲਾ ਵਿਖੇ ਦੋ-ਰੋਜ਼ਾ ‘ਚੌਥੀ ਕੈਡੇਟ ਜੂਨੀਅਰ ਸਟੇਟ ਕੁਰਾਸ਼ ਚੈਂਪੀਅਨਸ਼ਿਪ 2026’ ਦਾ ਬਹੁਤ ਹੀ ਸ਼ਾਨਦਾਰ ਆਯੋਜਨ ਕੀਤਾ ਗਿਆ। ਇਹ ਚੈਂਪੀਅਨਸ਼ਿਪ 10 ਅਤੇ 11 ਨਵੰਬਰ ਨੂੰ ਕਰਵਾਈ ਗਈ। ਇਹ ਟੂਰਨਾਮੈਂਟ ਸ. ਜਗਜੀਤ ਸਿੰਘ ਗਿੱਲ (ਰਿਟਾਇਰਡ ਐੱਸ.ਪੀ.) ਜੀ ਦੇ ਹੋਣਹਾਰ ਸਪੁੱਤਰ, ਸ. ਹਰਸਨਦੀਪ ਸਿੰਘ ਗਿੱਲ (ਸਾਬਕਾ ਐੱਸ.ਐੱਚ.ਓ. ਸਦਰ ਸਮਾਣਾ) ਜੀ ਦੇ 40ਵੇਂ ਜਨਮ ਦਿਨ ਨੂੰ ਸਮਰਪਿਤ ਸੀ। ਇਸ ਚੈਂਪੀਅਨਸ਼ਿਪ ਵਿੱਚ ਅੰਡਰ 14, ਅੰਡਰ 18 ਅਤੇ ਓਪਨ ਵਰਗ ਦੇ ਲੜਕੇ ਅਤੇ ਲੜਕੀਆਂ ਦੇ ਵੱਖ-ਵੱਖ ਭਾਰ ਵਰਗ ਦੇ ਰੋਮਾਂਚਕ ਮੁਕਾਬਲੇ ਕਰਵਾਏ ਗਏ। 10 ਨਵੰਬਰ ਨੂੰ ਖਿਡਾਰੀਆਂ ਦਾ ਵਜ਼ਨ ਕੀਤਾ ਗਿਆ ਸੀ ਅਤੇ ਅੱਜ 11 ਨਵੰਬਰ ਨੂੰ ਫਾਈਨਲ ਮੁਕਾਬਲੇ ਅਤੇ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।

ਇਸ ਖੇਡ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ. ਮਨਦੀਪ ਸਿੰਘ ਸਿੱਧੂ (ਡੀ.ਆਈ.ਜੀ., ਆਈ.ਪੀ.ਐੱਸ.) ਜੀ ਨੇ ਉਚੇਚੇ ਤੌਰ @ਤੇ ਸ਼ਿਰਕਤ ਕੀਤੀ ਅਤੇ ਜੇਤੂ ਖਿਡਾਰੀਆਂ ਨੂੰ ਇਨਾਮ ਵੰਡ ਕੇ ਉਨ੍ਹਾਂ ਦਾ ਹੌਸਲਾ ਵਧਾਇਆ।

ਜ਼ਿਕਰਯੋਗ ਹੈ ਕਿ ਇਹ ਸਪੋਰਟਸ ਕਲੱਬ ਸ੍ਰੀ ਸੁਰਜੀਤ ਵਾਲੀਆ (ਇੰਟਰਨੈਸ਼ਨਲ ਕੋਚ) ਜੀ ਦੀ ਯੋਗ ਅਗਵਾਈ ਹੇਠ ਚੱਲ ਰਿਹਾ ਹੈ ਅਤੇ ਖਿਡਾਰੀਆਂ ਦੇ ਉਤਸ਼ਾਹ ਨੂੰ ਦੇਖਦੇ ਹੋਏ ਇਹ ਟੂਰਨਾਮੈਂਟ 2023 ਤੋਂ ਲਗਾਤਾਰ ਹਰ ਸਾਲ ਕਰਵਾਇਆ ਜਾ ਰਿਹਾ ਹੈ।

ਸੁਸਾਇਟੀ ਪ੍ਰਬੰਧਕਾਂ ਨੇ ਦੱਸਿਆ ਕਿ ਸੰਸਥਾ ਖੇਡਾਂ ਦੇ ਨਾਲ-ਨਾਲ ਸਮਾਜ ਸੇਵਾ ਦੇ ਖੇਤਰ ਵਿੱਚ ਵੀ ਮੋਹਰੀ ਭੂਮਿਕਾ ਨਿਭਾ ਰਹੀ ਹੈ। ਸੁਸਾਇਟੀ ਵੱਲੋਂ ਪਿੰਡ ਢੀਲਵਾਲ, ਪਟਿਆਲਾ ਵਿਖੇ ਔਰਤਾਂ ਨੂੰ ਆਤਮ-ਨਿਰਭਰ ਬਣਾਉਣ ਲਈ ਇੱਕ ਮੁਫ਼ਤ ਸਿਲਾਈ ਸੈਂਟਰ ਚਲਾਇਆ ਜਾ ਰਿਹਾ ਹੈ ਅਤੇ ਗਰੀਬ ਤੇ ਲੋੜਵੰਦ ਬੱਚਿਆਂ ਦੇ ਸੁਨਹਿਰੀ ਭਵਿੱਖ ਲਈ ਮੁਫ਼ਤ ਟਿਊਸ਼ਨ ਕਲਾਸਾਂ ਵੀ ਲਗਾਈਆਂ ਜਾ ਰਹੀਆਂ ਹਨ।


ਅਦਾਰਾ
ਸ਼ਹੀਦ-ਏ-ਆਜ਼ਮ
ਅਖ਼ਬਾਰ ਅਤੇ ਚੈਨਲ
ਸੱਚ ਦੀ ਕਲਮ, ਲੋਕਾਂ ਦੀ ਆਵਾਜ਼
ਨੂੰ ਸਾਰੇ ਪੰਜਾਬ ਤੋਂ
ਪੱਤਰਕਾਰਾਂ ਦੀ ਜ਼ਰੂਰਤ ਹੈ!
ਪੱਤਰਕਾਰੀ ਨੂੰ ਨਵੀਆਂ ਬੁਲੰਦੀਆਂ ਤੱਕ ਲਿਜਾਣ ਵਾਲੇ
ਚਾਹਵਾਨ ਸੰਪਰਕ ਕਰਨ
PRESS
ਸ਼ਹੀਦ-ਏ-ਆਜ਼ਮ NEWS
ਨਿਡਰ ਪੱਤਰਕਾਰਤਾ
ਲੋਕਾਂ ਦੀ ਅਵਾਜ਼
ਸੱਚਾਈ ਸਾਡਾ ਮਿਸ਼ਨ
ਪੰਜਾਬ ਭਰ ਵਿਚ ਮੌਕੇ
ਜੇ ਤੁਸੀਂ ਹੋ ਜਜ਼ਬੇ ਵਾਲੇ, ਸੱਚ ਲਿਖਣ ਅਤੇ ਦਿਖਾਉਣ ਦਾ ਹੈ ਜਿਗਰਾ,
ਤਾਂ ਸਾਡਾ ਹਿੱਸਾ ਬਣੋਂ!
9855221193
98146 32807
ਵਧੇਰੇ ਜਾਣਕਾਰੀ ਲਈ ਵੇਖੋ:
www.shaheedeazamnews.com
ਸਾਥ ਦਿਓ, ਬਦਲਾਵ ਲਿਆਓ, ਪੱਤਰਕਾਰਤਾ ਨੂੰ ਨਵੀਆਂ ਬੁਲੰਦੀਆਂ ਤੱਕ ਲੈ ਜਾਈਏ!



ਜਨਗਣਨਾ-2027 ਸਬੰਧੀ ਜਿਲਾ ਪ੍ਰਸ਼ਾਸ਼ਨ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ ਫਤਹਿਗੜ੍ਹ ਸਾਹਿਬ ਵਿਖੇ ਕਰਵਾਇਆ ਜਾਗਰੂਕਤਾ ਸੈਮੀਨਾਰ



ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਜਿਲ੍ਹਾ ਫਤਹਿਗੜ੍ਹ ਸਾਹਿਬ ਵਿਖੇ ਲੋਕਾਂ ਨੂੰ ਜਨਗਣਨਾ 2027 ਸਬੰਧੀ ਜਾਗਰੂਕ ਕਰਨ ਲਈ ਜਿਲਾ ਪ੍ਰਸ਼ਾਸ਼ਨ ਵੱਲੋਂ ਬਾਬਾ ਬੰਦਾ ਸਿੰਘ ਬਹਾਦਰ ਇੰਜੀਨੀਅਰਿੰਗ ਕਾਲਜ, ਫਤਹਿਗੜ੍ਹ ਸਾਹਿਬ ਵਿਖੇ ਵਿਸ਼ੇਸ ਸੈਮੀਨਾਰ ਕਰਵਾਇਆ ਗਿਆ। ਇਹ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਸੈਂਸਸ ਅਫ਼ਸਰ-ਕਮ-ਡਿਪਟੀ ਕਮਿਸ਼ਨਰ ? ਡਾ ਸੋਨਾ ਥਿੰਦ ਨੇ ਦੱਸਿਆ ਕਿ ਸੈਮੀਨਾਰ ਦੌਰਾਨ ਲੋਕਾਂ ਨੂੰ ਅਪੀਲ ਕੀਤੀ ਕਿ ਇਸ ਜਨਗਣਨਾ ਵਿੱਚ ਸੈਲਫ ਇਨੁਮੀਰੇਸ਼ਨ ਤਹਿਤ ਵੱਧ ਤੋਂ ਵੱਧ ਯੋਗਦਾਨ ਪਾਇਆ ਜਾਵੇ। ਇਸ ਵਿੱਚ ਕੋਈ ਵੀ ਨਾਗਰਿਕ ਆਪ ਵੈੱਬਸਾਈਟ https://se.census.gov.in/ ਤੇ ਆਪਣੇ ਘਰ ਬੈਠੇ ਹੀ ਮੈਂਬਰਾਂ ਦੀ ਗਿਣਤੀ ਮਿਤੀ 16 ਨਵੰਬਰ 2026 ਤੋਂ 30 ਨਵੰਬਰ 2026 ਤੱਕ ਆਪ ਦਰਜ ਕਰ ਸਕਦਾ ਹੈ।

ਉਹਨਾ ਦੱਸਿਆ ਕਿ ਜਨਗਣਨਾ ਦੇ ਦੂਜੇ ਪੜਾਅ ਵਿੱਚ 01 ਦਸੰਬਰ 2026 ਤੋਂ 04 ਜਨਵਰੀ 2027 ਤੱਕ ਜਨਗਣਨਾ ਕੀਤੀ ਜਾਵੇਗੀ, ਜਿਸ ਵਿੱਚ ਇਨਮੀਰੇਟਰ ਲੋਕਾਂ ਦੇ ਘਰ-ਘਰ ਜਾ ਕੇ ਜਨਗਣਨਾ ਦਾ ਕੰਮ ਕਰਨਗੇ ਅਤੇ ਨਾਗਰਿਕਾਂ ਨੂੰ 40 ਸਵਾਲ ਪੁੱਛੇ ਜਾਣਗੇ। ਜਿਲ੍ਹੇ ਦੇ ਸਮੂਹ ਨਾਗਰਿਕਾਂ ਨੂੰ ਅਪੀਲ ਕੀਤੀ ਗਈ ਕਿ ਭਾਰਤ ਸਰਕਾਰ ਵੱਲੋਂ ਕਰਵਾਏ ਜਾ ਰਹੇ ਜਨਗਣਨਾ ਦੇ ਇਸ ਕੰਮ ਵਿੱਚ ਲਾਏ ਗਏ ਗਿਣਤੀਕਾਰਾਂ ਨੂੰ ਪੂਰਨ ਸਹਿਯੋਗ ਦਿੱਤਾ ਜਾਵੇ। ਇਸ ਮੌਕੇ ਵਧੀਕ ਜਿਲ੍ਹਾ ਸੈਂਸਜ਼ ਅਫ਼ਸਰ, ਦਫਤਰ ਉਪ ਅਰਥ ਅਤੇ ਅੰਕੜਾ ਸਲਾਹਕਾਰ ਤੋਂ ਸਹਾਇਕ ਖੋਜ਼ ਅਫਸਰ ਸ੍ਰੀਮਤੀ ਹਰਮਨਦੀਪ ਕੌਰ ਅਤੇ ਸ਼੍ਰੀ ਇਕਬਾਲ ਸਿੰਘ, ਮਾਸਟਰ ਟ੍ਰੇਨਰ ਸ਼੍ਰੀ ਪਰਵਿੰਦਰ ਸਿੰਘ ਅਤੇ ਜਿਲ੍ਹਾ ਸੈਂਸਜ਼ ਕੋਆਰਡੀਨੇਟਰ ਸ਼੍ਰੀ ਚੰਨਪ੍ਰੀਤ ਸਿੰਘ, ਵੀ ਹਾਜ਼ਰ ਰਹੇ।

ਦਾਣਾ ਮੰਡੀ ਅਮਲੋਹ ਅਤੇ ਆਲੇ-ਦੁਆਲੇ ਦੇ 10 ਕਿਲੋਮੀਟਰ ਦੇ ਖੇਤਰ ਵਿੱਚ ਡਰੋਨ ਕੈਮਰੇ ਉਡਾਉਣ 'ਤੇ ਪਾਬੰਦੀ ਦੇ ਹੁਕਮ ਜਾਰੀ

ਫ਼ਤਹਿਗੜ੍ਹ ਸਾਹਿਬ, 12 ਨਵੰਬਰ
-ਜੀ. ਐਸ. ਤੁੰਗ-
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਮੁੱਖ ਮੰਤਰੀ ਸ੍ਰੀ ਭਗਵੰਤ ਸਿੰਘ ਮਾਨ ਵੱਲੋਂ ਮਿਤੀ 11 ਨਵੰਬਰ ਨੂੰ ਦਾਣਾ ਮੰਡੀ ਅਮਲੋਹ ਵਿਖੇ ਸੂਬੇ ਅੰਦਰ ਨਵੇਂ ਬਣੇ 1000 ਖੇਡ ਮੈਦਾਨਾਂ ਦੇ ਰਾਜ ਪੱਧਰੀ ਉਦਘਾਟਨ ਸਮਾਰੋਹ ਵਿੱਚ ਸ਼ਿਰਕਤ ਕੀਤੀ ਜਾਵੇਗੀ।

ਸਮਾਗਮ ਦੌਰਾਨ ਸੁਰੱਖਿਆ ਪ੍ਰਬੰਧਾਂ ਨੂੰ ਮੁੱਖ ਰੱਖਦਿਆਂ


ਜ਼ਿਲ੍ਹਾ ਮੈਜਿਸਟਰੇਟ ਫ਼ਤਹਿਗੜ੍ਹ ਸਾਹਿਬ

ਡਾ. ਸੋਨਾ ਥਿੰਦ, ਆਈ.ਏ.ਐਸ. ਵੱਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਹੁਕਮ ਜਾਰੀ ਕੀਤੇ ਗਏ ਹਨ ਕਿ 11 ਨਵੰਬਰ ਨੂੰ ਸਮਾਗਮ ਵਾਲੀ ਜਗ੍ਹਾ ਦਾਣਾ ਮੰਡੀ ਅਮਲੋਹ ਅਤੇ ਇਸ ਦੇ ਆਲੇ-ਦੁਆਲੇ 10 ਕਿਲੋਮੀਟਰ ਦੇ ਘੇਰੇ ਵਿੱਚ ਆਮ ਲੋਕਾਂ ਜਾਂ ਨਿੱਜੀ ਵਿਅਕਤੀਆਂ ਵੱਲੋਂ ਕਿਸੇ ਵੀ ਤਰ੍ਹਾਂ ਦੇ ਯੂ.ਏ.ਵੀ. (ਡਰੋਨ) ਕੈਮਰੇ ਉਡਾਉਣ 'ਤੇ ਪੂਰਨ ਪਾਬੰਦੀ ਰਹੇਗੀ।

ਸੀਟੀ ਯੂਨੀਵਰਸਿਟੀ ਵੱਲੋਂ 'ਗਿਵ ਅਰਥ ਅ ਬ੍ਰੇਕ' ਹਰਿਤ ਮੁਹਿੰਮ ਦਾ ਆਯੋਜਨ

ਲੁਧਿਆਣਾ, 11 ਨਵੰਬਰ/ਦੁੱਗਰੀ
-ਸ਼ਹੀਦ-ਏ-ਆਜ਼ਮ-ਬਿਊਰੋ-

ਸੀਟੀ ਯੂਨੀਵਰਸਿਟੀ ਵੱਲੋਂ ਰਾਸ਼ਟਰੀ ਸਿੱਖਿਆ ਦਿਵਸ ਮੌਕੇ 'ਆਫਟਰ ਦੀਵਾਲੀ, ਲੈਟਸ ਗਿਵ ਅਰਥ ਅ ਬ੍ਰੇਕ' ਸਿਰਲੇਖ ਹੇਠ ਵਿਸ਼ੇਸ਼ ਹਰਿਤ ਮੁਹਿੰਮ ਦਾ ਆਯੋਜਨ ਕੀਤਾ ਗਿਆ। ਇਸ ਪਹਿਲ ਦਾ ਉਦੇਸ਼ ਵਿਦਿਆਰਥੀਆਂ ਨੂੰ ਵਾਤਾਵਰਣ ਦੀ ਸੰਭਾਲ, ਪ੍ਰਦੂਸ਼ਣ ਘਟਾਉਣ ਅਤੇ ਟਿਕਾਊ ਜੀਵਨਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰਨਾ ਸੀ।

ਇਸ ਮੌਕੇ ਵਿਦਿਆਰਥੀਆਂ ਅਤੇ ਫੈਕਲਟੀ ਮੈਂਬਰਾਂ ਨੇ ਹਰਿਤ ਸਹੁੰ ਚੁੱਕਦਿਆਂ ਪੌਦੇ ਲਗਾਉਣ ਤੇ ਉਨ੍ਹਾਂ ਦੀ ਦੇਖਭਾਲ ਕਰਨ, ਪਾਣੀ ਅਤੇ ਊਰਜਾ ਦੀ ਬੱਚਤ ਕਰਨ, ਪਲਾਸਟਿਕ ਦੀ ਵਰਤੋਂ ਘਟਾਉਣ ਅਤੇ ਸਾਫ਼-ਸੁਥਰਾ ਵਾਤਾਵਰਣ ਬਣਾਈ ਰੱਖਣ ਦਾ ਸੰਕਲਪ ਲਿਆ।

ਯੂਨੀਵਰਸਿਟੀ ਦੇ ਚਾਂਸਲਰ ਸ. ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਤਿਉਹਾਰਾਂ ਦੀਆਂ ਖੁਸ਼ੀਆਂ ਦੇ ਨਾਲ ਵਾਤਾਵਰਣ ਪ੍ਰਤੀ ਜ਼ਿੰਮੇਵਾਰੀ ਨਿਭਾਉਣਾ ਵੀ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਿੱਖਿਆ ਦਾ ਅਸਲ ਉਦੇਸ਼ ਜ਼ਿੰਮੇਵਾਰ ਨਾਗਰਿਕਾਂ ਦਾ ਨਿਰਮਾਣ ਕਰਨਾ ਹੈ। ਪ੍ਰੋ-ਚਾਂਸਲਰ ਡਾ. ਮਨਬੀਰ ਸਿੰਘ ਨੇ ਵੀ ਵਿਦਿਆਰਥੀਆਂ ਦੀ ਸਰਗਰਮ ਭਾਗੀਦਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨ ਵਾਤਾਵਰਣ ਦੀ ਸੰਭਾਲ ਵਿੱਚ ਅਹਿਮ ਭੂਮਿਕਾ ਨਿਭਾ ਸਕਦੇ ਹਨ।

ਇਸ ਮੁਹਿੰਮ ਨੂੰ ਸਫਲ ਬਣਾਉਣ ਵਿੱਚ ਵਾਈਸ ਚਾਂਸਲਰ ਡਾ. ਨਿਤਿਨ ਟੰਡਨ, ਰਜਿਸਟਰਾਰ ਸੰਜੇ ਖੰਡੂਰੀ ਅਤੇ ਡਾਇਰੈਕਟਰ ਸਟੂਡੈਂਟ ਵੈਲਫੇਅਰ ਐਰ. ਦਵਿੰਦਰ ਸਿੰਘ ਦਾ ਅਹਿਮ ਯੋਗਦਾਨ ਰਿਹਾ।

ਪੰਜਾਬ ਵਿੱਚ ਇਸ ਸਾਲ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਕਰੀਬ 95 ਫ਼ੀਸਦੀ ਕਮੀ : ਅਮਨ ਅਰੋੜਾ

ਸੰਗਰੂਰ, 11 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਆਮ ਆਦਮੀ ਪਾਰਟੀ (ਆਪ) ਪੰਜਾਬ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਮੰਗਲਵਾਰ ਨੂੰ ਕੇਂਦਰੀ ਖੋਜ ਸੰਸਥਾਵਾਂ ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਭਾਜਪਾ ਨੂੰ ਚੁਣੌਤੀ ਦਿੱਤੀ ਕਿ ਉਹ ਦੱਸੇ ਕਿ ਪੰਜਾਬ ਦੀ ਪਰਾਲੀ ਦਾ ਧੂੰਆਂ ਸਿਰਫ਼ 20 ਮਿੰਟਾਂ ਵਿੱਚ ਦਿੱਲੀ ਕਿਵੇਂ ਪਹੁੰਚ ਸਕਦਾ ਹੈ। ਉਨ੍ਹਾਂ ਕਿਹਾ ਕਿ 9 ਨਵੰਬਰ ਨੂੰ ਦਿੱਲੀ ਦੇ ਪੀ.ਐਮ. 2.5 ਪ੍ਰਦੂਸ਼ਣ ਵਿੱਚ ਪਰਾਲੀ ਦੇ ਧੂੰਏਂ ਦਾ ਯੋਗਦਾਨ ਮਹਿਜ਼ 5 ਫ਼ੀਸਦੀ ਸੀ, ਜਦਕਿ ਪੰਜਾਬ ਵਿੱਚ ਇਸ ਸਾਲ ਪਰਾਲੀ ਸਾੜਨ ਦੇ ਮਾਮਲਿਆਂ ਵਿੱਚ ਕਰੀਬ 95 ਫ਼ੀਸਦੀ ਕਮੀ ਆਈ ਹੈ।

ਅਰੋੜਾ ਨੇ ਇਸ ਕਮੀ ਦਾ ਸਿਹਰਾ ਕਿਸਾਨਾਂ ਦੇ ਸਹਿਯੋਗ ਅਤੇ ਭਗਵੰਤ ਮਾਨ ਸਰਕਾਰ ਦੇ ਨਿਰੰਤਰ ਯਤਨਾਂ ਨੂੰ ਦਿੱਤਾ। ਉਨ੍ਹਾਂ ਕਿਹਾ ਕਿ ਸਰਕਾਰ ਨੇ ਫ਼ਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ 1.62 ਲੱਖ ਤੋਂ ਵੱਧ ਮਸ਼ੀਨਾਂ ਮੁਹੱਈਆ ਕਰਵਾਈਆਂ ਹਨ। ਉਨ੍ਹਾਂ ਮੰਗ ਕੀਤੀ ਕਿ ਭਾਜਪਾ ਦਿੱਲੀ ਦੇ ਪ੍ਰਦੂਸ਼ਣ ਦੇ ਅਸਲ ਸਰੋਤਾਂ ਵੱਲ ਧਿਆਨ ਦੇਵੇ ਅਤੇ ਪੰਜਾਬ ਦੇ ਕਿਸਾਨਾਂ ਨੂੰ ਵਾਰ-ਵਾਰ ਬਦਨਾਮ ਕਰਨ ਲਈ ਬਿਨਾਂ ਸ਼ਰਤ ਮੁਆਫ਼ੀ ਮੰਗੇ। ਪਰਾਲੀ ਪ੍ਰਬੰਧਨ ਲਈ ਸੂਬਾ ਸਰਕਾਰ ਦੇ ਉਪਰਾਲਿਆਂ ਦਾ ਵੇਰਵਾ ਦਿੰਦਿਆਂ ਉਨ੍ਹਾਂ ਕੇਂਦਰ ਵੱਲੋਂ ਮਨਜ਼ੂਰਸ਼ੁਦਾ ਨਕਦ ਕਰਜ਼ਾ ਹੱਦ (ਸੀ.ਸੀ.ਐਲ.) ਵਿੱਚ ਤੁਰੰਤ ਵਾਧੇ ਦੀ ਮੰਗ ਵੀ ਕੀਤੀ, ਤਾਂ ਜੋ ਝੋਨੇ ਦੀ ਖ਼ਰੀਦ ਨਿਰਵਿਘਨ ਜਾਰੀ ਰਹੇ।

ਭਾਰਤੀ ਖੇਤੀਬਾੜੀ ਖੋਜ ਸੰਸਥਾ (ਆਈ.ਏ.ਆਰ.ਆਈ.) ਦੀ ਕ੍ਰੀਮਜ਼ ਪ੍ਰਯੋਗਸ਼ਾਲਾ ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਅਰੋੜਾ ਨੇ ਕਿਹਾ ਕਿ ਪੰਜਾਬ ਵਿੱਚ ਸਾਲ 2020 ਦੌਰਾਨ ਪਰਾਲੀ ਸਾੜਨ ਦੇ 83,002 ਮਾਮਲੇ ਦਰਜ ਹੋਏ ਸਨ, ਜਦਕਿ 2025 ਵਿੱਚ ਇਹ ਗਿਣਤੀ ਘਟ ਕੇ 5,114 ਰਹਿ ਗਈ ਸੀ। ਮੌਜੂਦਾ ਸੀਜ਼ਨ ਵਿੱਚ ਹੁਣ ਤੱਕ 4,657 ਮਾਮਲੇ ਦਰਜ ਹੋਏ ਹਨ, ਜੋ 2020 ਦੇ ਮੁਕਾਬਲੇ ਕਰੀਬ 95 ਫ਼ੀਸਦੀ ਘੱਟ ਹਨ। ਉਨ੍ਹਾਂ ਕਿਹਾ, ਇਹ ਕਮੀ ਪੰਜਾਬ ਦੇ ਕਿਸਾਨਾਂ ਦੇ ਪੂਰਨ ਸਹਿਯੋਗ ਸਦਕਾ ਸੰਭਵ ਹੋਈ ਹੈ। ਭਗਵੰਤ ਸਿੰਘ ਮਾਨ ਸਰਕਾਰ ਨੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ ਲਈ ਵਿਹਾਰਕ ਬਦਲ ਅਤੇ ਲੋੜੀਂਦੇ ਸਾਧਨ ਮੁਹੱਈਆ ਕਰਵਾਏ ਹਨ।

'ਆਪ' ਪੰਜਾਬ ਦੇ ਪ੍ਰਧਾਨ ਨੇ ਕਿਹਾ, ਇਨ੍ਹਾਂ ਯਤਨਾਂ ਦੀ ਸ਼ਲਾਘਾ ਕਰਨ ਦੀ ਥਾਂ ਭਾਜਪਾ ਜਾਣਬੁੱਝ ਕੇ ਉਨ੍ਹਾਂ ਹੀ ਕਿਸਾਨਾਂ ਨੂੰ ਬਦਨਾਮ ਕਰਨ ਦੀ ਮੁਹਿੰਮ ਚਲਾ ਰਹੀ ਹੈ, ਜਿਨ੍ਹਾਂ ਨੇ ਪਰਾਲੀ ਸਾੜਨ ਦੇ ਮਾਮਲੇ ਘਟਾਉਣ ਵਿੱਚ ਅਹਿਮ ਯੋਗਦਾਨ ਪਾਇਆ ਹੈ।

ਹਵਾ ਦੀ ਗੁਣਵੱਤਾ ਅਤੇ ਮੌਸਮ ਦੀ ਭਵਿੱਖਬਾਣੀ ਤੇ ਖੋਜ ਪ੍ਰਣਾਲੀ (ਸਫ਼ਰ) ਅਤੇ ਭਾਰਤੀ ਉਸ਼ਣਕਟੀਬੰਧੀ ਮੌਸਮ ਵਿਗਿਆਨ ਸੰਸਥਾ (ਆਈ.ਆਈ.ਟੀ.ਐਮ.) ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਅਰੋੜਾ ਨੇ ਕਿਹਾ ਕਿ ਦੀਵਾਲੀ ਵਾਲੇ ਦਿਨ, 8 ਨਵੰਬਰ ਨੂੰ, ਦਿੱਲੀ ਦੇ ਪੀ.ਐਮ. 2.5 ਪ੍ਰਦੂਸ਼ਣ ਵਿੱਚ ਪਰਾਲੀ ਦੇ ਧੂੰਏਂ ਦਾ ਯੋਗਦਾਨ 7.8 ਫ਼ੀਸਦੀ ਸੀ, ਜੋ 9 ਨਵੰਬਰ ਨੂੰ ਘਟ ਕੇ ਮਹਿਜ਼ 5 ਫ਼ੀਸਦੀ ਰਹਿ ਗਿਆ। ਉਨ੍ਹਾਂ ਦੱਸਿਆ ਕਿ ਸੀਜ਼ਨ ਦੇ ਦੋ ਦਿਨਾਂ ਨੂੰ ਛੱਡ ਕੇ ਬਾਕੀ ਅਰਸੇ ਦੌਰਾਨ ਇਸ ਦਾ ਔਸਤ ਯੋਗਦਾਨ 4 ਤੋਂ 5 ਫ਼ੀਸਦੀ ਦੇ ਵਿਚਕਾਰ ਰਿਹਾ।

ਅਰੋੜਾ ਨੇ ਕਿਹਾ, ਊਰਜਾ, ਵਾਤਾਵਰਣ ਅਤੇ ਜਲ ਪ੍ਰੀਸ਼ਦ (ਸੀ.ਈ.ਈ.ਡਬਲਿਊ.) ਦੀ ਖੋਜ, ਕੁਲਕਰਨੀ ਅਤੇ ਉਨ੍ਹਾਂ ਦੇ ਸਹਿ-ਲੇਖਕਾਂ ਦੇ ਅਧਿਐਨ ਅਤੇ ਫ਼ੈਸਲਾ ਸਹਾਇਤਾ ਪ੍ਰਣਾਲੀ (ਡੀ.ਐਸ.ਐਸ.) ਦੀਆਂ ਰਿਪੋਰਟਾਂ ਦਿੱਲੀ ਦੇ ਪ੍ਰਦੂਸ਼ਣ ਵਿੱਚ ਸਥਾਨਕ ਸਰੋਤਾਂ ਦੇ ਅਹਿਮ ਯੋਗਦਾਨ ਨੂੰ ਉਜਾਗਰ ਕਰਦੀਆਂ ਹਨ। ਭਾਜਪਾ ਦੱਸੇ ਕਿ ਉਹ ਇਨ੍ਹਾਂ ਵਿਗਿਆਨਕ ਸਬੂਤਾਂ ਨੂੰ ਜਾਣਬੁੱਝ ਕੇ ਨਜ਼ਰਅੰਦਾਜ਼ ਕਰਦਿਆਂ ਦਿੱਲੀ ਦੇ ਪ੍ਰਦੂਸ਼ਣ ਦਾ ਠੀਕਰਾ ਪੰਜਾਬ ਦੇ ਕਿਸਾਨਾਂ ਸਿਰ ਕਿਉਂ ਭੰਨ ਰਹੀ ਹੈ। ਪਰਾਲੀ ਸਾੜਨ ਦੀ ਰੋਕਥਾਮ ਲਈ ਸੂਬਾ ਸਰਕਾਰ ਦੇ ਉਪਰਾਲਿਆਂ ਦਾ ਜ਼ਿਕਰ ਕਰਦਿਆਂ ਅਰੋੜਾ ਨੇ ਦੱਸਿਆ ਕਿ ਸਾਲ 2022 ਤੋਂ ਹੁਣ ਤੱਕ ਕਿਸਾਨਾਂ, ਪੰਚਾਇਤਾਂ, ਕਿਸਾਨ ਉਤਪਾਦਕ ਸੰਗਠਨਾਂ (ਐਫ.ਪੀ.ਓ.) ਅਤੇ ਕਸਟਮ ਹਾਇਰਿੰਗ ਸੈਂਟਰਾਂ ਨੂੰ ਫ਼ਸਲੀ ਰਹਿੰਦ-ਖੂੰਹਦ ਦੇ ਪ੍ਰਬੰਧਨ ਲਈ 1.62 ਲੱਖ ਤੋਂ ਵੱਧ ਮਸ਼ੀਨਾਂ ਸਬਸਿਡੀ 'ਤੇ ਮੁਹੱਈਆ ਕਰਵਾਈਆਂ ਗਈਆਂ ਹਨ। ਇਨ੍ਹਾਂ ਵਿੱਚੋਂ 25,917 ਮਸ਼ੀਨਾਂ ਇਸੇ ਸਾਲ ਮੁਹੱਈਆ ਕਰਵਾਈਆਂ ਗਈਆਂ ਹਨ।

ਉਨ੍ਹਾਂ ਕਿਹਾ, ਭਗਵੰਤ ਮਾਨ ਸਰਕਾਰ ਲਗਭਗ 1.14 ਕਰੋੜ ਟਨ ਪਰਾਲੀ ਦਾ ਖੇਤਾਂ ਵਿੱਚ ਹੀ ਅਤੇ 78 ਲੱਖ ਟਨ ਪਰਾਲੀ ਦਾ ਖੇਤਾਂ ਤੋਂ ਬਾਹਰ ਵਿਗਿਆਨਕ ਢੰਗ ਨਾਲ ਪ੍ਰਬੰਧਨ ਕਰਨ ਲਈ ਕੰਮ ਕਰ ਰਹੀ ਹੈ। ਕਿਸਾਨਾਂ ਨੂੰ ਪਰਾਲੀ ਨਾ ਸਾੜਨ ਦੀ ਅਪੀਲ ਕਰਨ ਦੇ ਨਾਲ-ਨਾਲ ਅਸੀਂ ਉਨ੍ਹਾਂ ਨੂੰ ਇਸ ਦੇ ਵਿਗਿਆਨਕ ਪ੍ਰਬੰਧਨ ਲਈ ਲੋੜੀਂਦੀ ਮਸ਼ੀਨਰੀ, ਬੁਨਿਆਦੀ ਢਾਂਚਾ ਅਤੇ ਵਿਹਾਰਕ ਬਦਲ ਵੀ ਮੁਹੱਈਆ ਕਰਵਾ ਰਹੇ ਹਾਂ।

ਪੰਜਾਬ ਊਰਜਾ ਵਿਕਾਸ ਏਜੰਸੀ (ਪੇਡਾ) ਰਾਹੀਂ ਕੀਤੇ ਉਪਰਾਲਿਆਂ



ਦਾ ਵੇਰਵਾ ਦਿੰਦਿਆਂ ਅਰੋੜਾ ਨੇ ਦੱਸਿਆ ਕਿ ਪਰਾਲੀ ਨੂੰ ਬਾਲਣ ਵਜੋਂ ਵਰਤਣ ਵਾਲੇ 83 ਉਦਯੋਗਿਕ ਬਾਇਲਰ ਚੱਲ ਰਹੇ ਹਨ ਅਤੇ 16 ਹੋਰ ਬਾਇਲਰ ਲਗਾਏ ਜਾ ਰਹੇ ਹਨ। ਇਸੇ ਤਰ੍ਹਾਂ ਪਰਾਲੀ ਤੋਂ ਪੈਲਟ ਬਣਾਉਣ ਵਾਲੇ 78 ਪ੍ਰਾਜੈਕਟ ਚੱਲ ਰਹੇ ਹਨ, ਜਦਕਿ 69 ਹੋਰ ਪ੍ਰਾਜੈਕਟ ਵਿਕਾਸ ਦੇ ਵੱਖ-ਵੱਖ ਪੜਾਵਾਂ ਵਿੱਚ ਹਨ। ਇਸ ਤੋਂ ਇਲਾਵਾ, 11 ਬਾਇਓਮਾਸ ਬਿਜਲੀ ਪਲਾਂਟ ਅਤੇ 9 ਕੰਪਰੈੱਸਡ ਬਾਇਓਗੈਸ (ਸੀ.ਬੀ.ਜੀ.) ਪਲਾਂਟ ਚੱਲ ਰਹੇ ਹਨ। 44 ਹੋਰ ਸੀ.ਬੀ.ਜੀ. ਪ੍ਰਾਜੈਕਟਾਂ ਲਈ ਇਰਾਦਾ ਪੱਤਰ ਜਾਰੀ ਕੀਤੇ ਗਏ ਹਨ।

ਉਨ੍ਹਾਂ ਕਿਹਾ, ਇਹ ਪ੍ਰਾਜੈਕਟ ਦਰਸਾਉਂਦੇ ਹਨ ਕਿ ਪੰਜਾਬ ਫ਼ਸਲੀ ਰਹਿੰਦ-ਖੂੰਹਦ ਨੂੰ ਆਰਥਿਕ ਪੱਖੋਂ ਲਾਹੇਵੰਦ ਸਰੋਤ ਵਿੱਚ ਬਦਲ ਰਿਹਾ ਹੈ। ਸਿਆਸੀ ਦੋਸ਼ਾਰੋਪਣ ਦੀ ਥਾਂ ਮਾਨ ਸਰਕਾਰ ਅਜਿਹੀ ਟਿਕਾਊ ਪ੍ਰਣਾਲੀ ਵਿਕਸਤ ਕਰ ਰਹੀ ਹੈ, ਜਿਸ ਦਾ ਲਾਭ ਕਿਸਾਨਾਂ, ਉਦਯੋਗ ਅਤੇ ਵਾਤਾਵਰਣ ਨੂੰ ਮਿਲੇਗਾ। ਭਾਜਪਾ ਆਗੂਆਂ ਕਪਿਲ ਮਿਸ਼ਰਾ ਅਤੇ ਮਨਜਿੰਦਰ ਸਿੰਘ ਸਿਰਸਾ ਦੇ ਪੰਜਾਬ ਦੇ ਕਿਸਾਨਾਂ ਬਾਰੇ ਬਿਆਨਾਂ ਨੂੰ ਬੇਬੁਨਿਆਦ ਕਰਾਰ ਦਿੰਦਿਆਂ ਅਰੋੜਾ ਨੇ ਪੰਜਾਬ ਭਾਜਪਾ ਦੇ ਆਗੂਆਂ ਸੁਨੀਲ ਜਾਖੜ ਅਤੇ ਕੇਵਲ ਸਿੰਘ ਢਿੱਲੋਂ ਨੂੰ ਇਸ ਮਾਮਲੇ 'ਤੇ ਆਪਣਾ ਰੁਖ਼ ਜਨਤਕ ਤੌਰ 'ਤੇ ਸਪੱਸ਼ਟ ਕਰਨ ਲਈ ਕਿਹਾ। ਉਨ੍ਹਾਂ ਕਿਹਾ, ਜਦੋਂ ਖੇਤਾਂ ਵਿੱਚ ਪਰਾਲੀ ਸਾੜਨ ਦੀਆਂ ਘਟਨਾਵਾਂ 'ਤੇ ਪਹਿਲਾਂ ਹੀ ਸੈਟੇਲਾਈਟ ਰਾਹੀਂ ਨਜ਼ਰ ਰੱਖੀ ਜਾ ਰਹੀ ਹੈ ਤਾਂ ਭਾਜਪਾ ਡਰੋਨਾਂ ਰਾਹੀਂ ਨਿਗਰਾਨੀ ਕਰਕੇ ਪੰਜਾਬ ਦੇ ਕਿਸਾਨਾਂ ਨੂੰ ਨਿਸ਼ਾਨਾ ਕਿਉਂ ਬਣਾ ਰਹੀ ਹੈ? ਇਸ ਦਾ ਮਕਸਦ ਵਿਗਿਆਨਕ ਹੱਲ ਲੱਭਣਾ ਹੈ ਜਾਂ ਕਿਸਾਨਾਂ ਨੂੰ ਡਰਾਉਣਾ? ਪੰਜਾਬ ਦੇ ਕਿਸਾਨਾਂ ਨੇ ਪਰਾਲੀ ਸਾੜਨ ਦੇ ਮਾਮਲੇ ਘਟਾਉਣ ਲਈ ਵੱਡੇ ਯਤਨ ਕੀਤੇ ਹਨ। ਉਨ੍ਹਾਂ ਦੇ ਯੋਗਦਾਨ ਦੀ ਕਦਰ ਕਰਨ ਦੀ ਥਾਂ ਭਾਜਪਾ ਆਗੂ ਉਨ੍ਹਾਂ ਦਾ ਅਪਮਾਨ ਕਰ ਰਹੇ ਹਨ। ਭਾਜਪਾ ਪੰਜਾਬ ਅਤੇ ਇਸ ਦੇ ਕਿਸਾਨਾਂ ਤੋਂ ਬਿਨਾਂ ਸ਼ਰਤ ਮੁਆਫ਼ੀ ਮੰਗੇ।

ਝੋਨੇ ਦੀ ਖ਼ਰੀਦ ਬਾਰੇ ਅਰੋੜਾ ਨੇ ਦੁਹਰਾਇਆ ਕਿ ਭਗਵੰਤ ਸਿੰਘ ਮਾਨ ਸਰਕਾਰ ਕਿਸਾਨਾਂ ਦੇ ਝੋਨੇ ਦਾ ਦਾਣਾ-ਦਾਣਾ ਖ਼ਰੀਦਣ ਅਤੇ ਉਸ ਦੇ ਸੁਚੱਜੇ ਭੰਡਾਰਨ ਲਈ ਵਚਨਬੱਧ ਹੈ। ਉਨ੍ਹਾਂ ਦੱਸਿਆ ਕਿ ਕੇਂਦਰ ਵੱਲੋਂ ਮਨਜ਼ੂਰ ਕੀਤੀ ਗਈ ਕਰੀਬ 40,000 ਕਰੋੜ ਰੁਪਏ ਦੀ ਨਕਦ ਕਰਜ਼ਾ ਹੱਦ (ਸੀ.ਸੀ.ਐਲ.) ਪੂਰੀ ਤਰ੍ਹਾਂ ਵਰਤੀ ਜਾ ਚੁੱਕੀ ਹੈ। ਇਸ ਸਾਲ ਝੋਨੇ ਦੀ ਭਰਵੀਂ ਪੈਦਾਵਾਰ ਦੇ ਮੱਦੇਨਜ਼ਰ ਇਸ ਹੱਦ ਵਿੱਚ ਤੁਰੰਤ ਵਾਧਾ ਕਰਨ ਦੀ ਲੋੜ ਹੈ।

ਉਨ੍ਹਾਂ ਕਿਹਾ, ਇਸ ਸਾਲ ਅਨੁਕੂਲ ਮੌਸਮ ਅਤੇ ਪੰਜਾਬ ਦੀ ਨਹਿਰੀ ਸਿੰਜਾਈ ਪ੍ਰਣਾਲੀ ਦੇ ਆਖ਼ਰੀ ਸਿਰਿਆਂ ਤੱਕ ਪਾਣੀ ਪਹੁੰਚਣ ਸਦਕਾ ਝੋਨੇ ਦੀ ਭਰਵੀਂ ਪੈਦਾਵਾਰ ਹੋਈ ਹੈ। ਸਾਡੀ ਸਰਕਾਰ ਇਹ ਯਕੀਨੀ ਬਣਾਉਣ ਲਈ ਵਚਨਬੱਧ ਹੈ ਕਿ ਕਿਸੇ ਵੀ ਕਿਸਾਨ ਨੂੰ ਆਪਣੀ ਫ਼ਸਲ ਵੇਚਣ ਵਿੱਚ ਦਿੱਕਤ ਪੇਸ਼ ਨਾ ਆਵੇ। ਅਸੀਂ ਕੇਂਦਰ ਨੂੰ ਸੀ.ਸੀ.ਐਲ. ਵਿੱਚ ਤੁਰੰਤ ਵਾਧਾ ਕਰਨ ਲਈ ਕਿਹਾ ਹੈ, ਤਾਂ ਜੋ ਝੋਨੇ ਦੀ ਖ਼ਰੀਦ ਅਤੇ ਕਿਸਾਨਾਂ ਨੂੰ ਅਦਾਇਗੀਆਂ ਨਿਰਵਿਘਨ ਜਾਰੀ ਰਹਿਣ।

ਅਰੋੜਾ ਨੇ ਕਿਹਾ ਕਿ ਗੁਆਂਢੀ ਸੂਬਿਆਂ ਤੋਂ ਝੋਨੇ ਦੀ ਗ਼ੈਰਕਾਨੂੰਨੀ ਆਮਦ ਰੋਕਣ ਲਈ ਪੰਜਾਬ ਦੀਆਂ ਸਰਹੱਦਾਂ 'ਤੇ ਸਖ਼ਤ ਨਿਗਰਾਨੀ ਰੱਖੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਸਰਕਾਰ ਸਾਰੇ ਲੋੜੀਂਦੇ ਕਦਮ ਚੁੱਕ ਰਹੀ ਹੈ।ਪੰਜਾਬ ਦੇ ਇਤਿਹਾਸ ਬਾਰੇ ਪੱਤਰਕਾਰਾਂ ਦੇ ਸਵਾਲਾਂ ਦੇ ਜਵਾਬ ਦਿੰਦਿਆਂ ਅਰੋੜਾ ਨੇ ਕਿਹਾ ਕਿ ਸ੍ਰੀ ਦਰਬਾਰ ਸਾਹਿਬ 'ਤੇ ਫ਼ੌਜੀ ਹਮਲੇ ਅਤੇ 1984 ਦੇ ਸਿੱਖ ਕਤਲੇਆਮ ਨੇ ਪੰਜਾਬ ਅਤੇ ਸਿੱਖ ਭਾਈਚਾਰੇ ਨੂੰ ਡੂੰਘੇ ਜ਼ਖ਼ਮ ਦਿੱਤੇ ਹਨ। ਉਨ੍ਹਾਂ ਕਿਹਾ, ਸ੍ਰੀ ਦਰਬਾਰ ਸਾਹਿਬ 'ਤੇ ਫ਼ੌਜੀ ਹਮਲਾ ਅਤੇ 1984 ਦਾ ਸਿੱਖ ਕਤਲੇਆਮ ਸਾਡੇ ਇਤਿਹਾਸ ਦੇ ਦਰਦਨਾਕ ਅਧਿਆਇ ਹਨ। ਕਤਲੇਆਮ ਤੋਂ ਪ੍ਰਭਾਵਿਤ ਪਰਿਵਾਰਾਂ ਦੀ ਮਦਦ ਲਈ ਕਾਂਗਰਸ ਨੇ ਲੋੜੀਂਦੇ ਕਦਮ ਨਹੀਂ ਚੁੱਕੇ।

ਉਨ੍ਹਾਂ ਪਰਿਵਾਰਾਂ ਦੇ ਦੁੱਖ-ਦਰਦ ਨੂੰ ਭੁਲਾਇਆ ਨਹੀਂ ਜਾ ਸਕਦਾ। ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਸਾਈਕਲ ਯਾਤਰਾ ਬਾਰੇ ਅਰੋੜਾ ਨੇ ਕਿਹਾ ਕਿ ਕਾਂਗਰਸ ਦੀ ਅੰਦਰੂਨੀ ਫੁੱਟ ਕਾਰਨ ਇਸ ਯਾਤਰਾ ਨਾਲ ਪਾਰਟੀ ਦੀ ਸਿਆਸੀ ਸਥਿਤੀ ਵਿੱਚ ਕੋਈ ਖ਼ਾਸ ਫ਼ਰਕ ਨਹੀਂ ਪਵੇਗਾ।

ਡਾ. ਬਲਬੀਰ ਸਿੰਘ ਨੇ ਸਿਹਤ ਵਿਭਾਗ ਦੇ 11 ਉਮੀਦਵਾਰਾਂ ਨੂੰ ਸੌਂਪੇ ਨਿਯੁਕਤੀ ਪੱਤਰ



ਚੰਡੀਗੜ੍ਹ 12 ਨਵੰਬਰ
-ਛਤਰਪਾਲ ਸਿੰਘ-

ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਮ੍ਰਿਤਕ ਸਰਕਾਰੀ ਮੁਲਾਜ਼ਮਾਂ ਦੇ ਪਰਿਵਾਰਾਂ ਦੀ ਮਦਦ ਕਰਨ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਪੰਜਾਬ ਦੇ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਅੱਜ ਇੱਥੇ ਆਪਣੇ ਦਫ਼ਤਰ ਵਿਖੇ ਸਿਹਤ ਅਤੇ ਪਰਿਵਾਰ ਭਲਾਈ ਵਿਭਾਗ ਵਿੱਚ ਵੱਖ-ਵੱਖ ਕਾਡਰਾਂ ਵਿੱਚ ਤਰਸ ਦੇ ਆਧਾਰ @ਤੇ ਭਰਤੀ ਕੀਤੇ ਗਏ 11 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਸੌਂਪੇ।

ਨ ਵ - ਨਿ ਯੁ ਕ ਤ ਉਮੀਦਵਾਰਾਂ ਵਿੱਚ ਪੰਜ ਕਲਰਕ, ਤਿੰਨ ਸੇਵਾਦਾਰ, ਦੋ ਵਾਰਡ ਅਟੈਂਡੈਂਟ ਅਤੇ ਇੱਕ ਮੈਡੀਕਲ ਲੈਬਾਰਟਰੀ ਤਕਨੀਸ਼ੀਅਨ ਗ੍ਰੇਡ-2 ਸ਼ਾਮਲ ਹਨ। ਕਲਰਕ ਦੀਆਂ ਪੋਸਟਾਂ @ਤੇ ਨਿਯੁਕਤ ਹੋਣ ਵਾਲਿਆਂ ਵਿੱਚ ਪ੍ਰਥਮਦੀਪ ਸਿੰਘ, ਰੇਨੂੰ ਬਾਲਾ, ਰੀਤੂ, ਦਿਵਜੋਤ ਅਤੇ ਕਮਲਜੀਤ ਕੌਰ ਸ਼ਾਮਲ ਹਨ। ਗਗਨਦੀਪ ਕੌਰ ਨੂੰ ਮੈਡੀਕਲ ਲੈਬਾਰਟਰੀ ਤਕਨੀਸ਼ੀਅਨ ਗ੍ਰੇਡ-2 ਵਜੋਂ ਨਿਯੁਕਤੀ ਮਿਲੀ ਹੈ।

ਜਦੋਂ ਕਿ ਮਧੂ, ਸਾਹਿਲ ਅਤੇ ਹਰਗੁਰਲਾਲ ਸਿੰਘ ਨੂੰ ਸੇਵਾਦਾਰ ਅਤੇ ਅਨੁਜ ਠਾਕੁਰ ਤੇ ਜਤਿੰਦਰ ਕੌਰ ਨੂੰ ਵਾਰਡ ਅਟੈਂਡੈਂਟ ਵਜੋਂ ਨਿਯੁਕਤ ਕੀਤਾ ਗਿਆ ਹੈ।

ਨ ਵ - ਨਿ ਯੁ ਕ ਤ ਉਮੀਦਵਾਰਾਂ ਨੂੰ ਦਿਲੋਂ ਵਧਾਈ ਦਿੰਦਿਆਂ ਡਾ. ਬਲਬੀਰ ਸਿੰਘ ਨੇ ਉਨ੍ਹਾਂ ਨੂੰ ਪੂਰੀ ਪੇਸ਼ੇਵਰਤਾ, ਇਮਾਨਦਾਰੀ ਅਤੇ ਲੋਕਾਂ ਪ੍ਰਤੀ ਹਮਦਰਦੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣ ਲਈ ਪ੍ਰੇਰਿਆ।

ਸਿਹਤ ਮੰਤਰੀ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੇਵਾ ਦੌਰਾਨ ਜਾਨ ਗਵਾਉਣ ਵਾਲੇ ਸਰਕਾਰੀ ਮੁਲਾਜ਼ਮਾਂ ਦੇ ਪਰਿਵਾਰਾਂ ਨਾਲ ਮੋਢੇ ਨਾਲ ਮੋਢਾ ਜੋੜ ਕੇ ਖੜ੍ਹੀ ਹੈ, ਭਾਵੇਂ ਪਰਿਵਾਰਕ ਮੈਂਬਰ ਦਾ ਘਾਟਾ ਕਦੇ ਪੂਰਿਆ ਨਹੀਂ ਜਾ ਸਕਦਾ।

ਪਰ ਤਰਸ ਦੇ ਆਧਾਰ @ਤੇ ਸਮੇਂ ਸਿਰ ਸਰਕਾਰੀ ਰੋਜ਼ਗਾਰ ਮਿਲਣ ਨਾਲ ਪੀੜਤ ਪਰਿਵਾਰਾਂ ਨੂੰ ਵਿੱਤੀ ਸਥਿਰਤਾ, ਸੁਰੱਖਿਆ ਅਤੇ ਸਨਮਾਨਜਨਕ ਰੋਜ਼ੀ-ਰੋਟੀ ਮਿਲਦੀ ਹੈ।

ਸਿਹਤ ਮੰਤਰੀ ਨੇ ਦੱਸਿਆ ਕਿ ਜ਼ਿਲ੍ਹਾ ਸਿਵਲ ਸਰਜਨ ਦਫ਼ਤਰਾਂ, ਕਮਿਊਨਿਟੀ ਸਿਹਤ ਕੇਂਦਰਾਂ ਅਤੇ ਪ੍ਰਾਇਮਰੀ ਸਿਹਤ ਕੇਂਦਰਾਂ ਵਿੱਚ ਇਨ੍ਹਾਂ ਉਮੀਦਵਾਰਾਂ ਦੀ ਨਿਯੁਕਤੀ ਨਾਲ ਪ੍ਰਬੰਧਕੀ ਅਤੇ ਜ਼ਮੀਨੀ ਪੱਧਰ @ਤੇ ਸਿਹਤ ਸੇਵਾਵਾਂ ਦੀ ਸੁਚਾਰੂ ਵੰਡ ਨੂੰ ਹੋਰ ਬਲ ਮਿਲੇਗਾ।

ਉਮੀਦਵਾਰਾਂ ਦੇ ਸੁਨਹਿਰੀ ਭਵਿੱਖ ਦੀ ਕਾਮਨਾ ਕਰਦਿਆਂ ਡਾ. ਬਲਬੀਰ ਸਿੰਘ ਨੇ ਉਨ੍ਹਾਂ ਨੂੰ ਆਪਣੀ ਡਿਊਟੀ ਸਮਰਪਿਤ ਭਾਵਨਾ ਅਤੇ ਲਗਨ ਨਾਲ ਕਰਨ ਲਈ ਕਿਹਾ ਤਾਂ ਜੋ ਸਰਕਾਰੀ ਸਿਹਤ ਸੰਸਥਾਵਾਂ ਵਿੱਚ ਆਉਣ ਵਾਲੇ ਮਰੀਜ਼ਾਂ ਅਤੇ ਆਮ ਨਾਗਰਿਕਾਂ ਨੂੰ ਤੁਰੰਤ ਅਤੇ ਬਿਨਾਂ ਕਿਸੇ ਖੱਜਲ-ਖੁਆਰੀ ਦੇ ਸਹਾਇਤਾ ਮਿਲ ਸਕੇ। ਇਸ ਉਪਰੰਤ ਸਿਹਤ ਮੰਤਰੀ ਨੇ ਵੱਖ-ਵੱਖ ਯੂਨੀਅਨਾਂ ਦੀਆਂ ਸਮੱਸਿਆਵਾਂ ਨੂੰ ਸਮਝਣ ਲਈ ਉਨ੍ਹਾਂ ਨਾਲ ਇੱਕ ਮੀਟਿੰਗ ਦੀ ਪ੍ਰਧਾਨਗੀ ਕੀਤੀ। ਇਸ ਮੀਟਿੰਗ ਵਿੱਚ ਬੇਰੋਜ਼ਗਾਰ ਆਯੁਰਵੈਦਿਕ ਡੀ. ਫਾਰਮੇਸੀ ਉਪਵੈਦ ਯੂਨੀਅਨ, ਪੰਜਾਬ; ਕੋਰੋਨਾ ਯੋਧੇ ਦਰਜਾ-4, ਪਟਿਆਲਾ; ਪੈਰਾ ਮੈਡੀਕਲ ਸਿਹਤ ਮੁਲਾਜ਼ਮ ਸੰਘਰਸ਼ ਕਮੇਟੀ ਪੰਜਾਬ; ਕੋਰੋਨਾ ਯੋਧੇ, ਰਾਜਿੰਦਰਾ ਹਸਪਤਾਲ, ਪਟਿਆਲਾ ਅਤੇ ਪੰਜਾਬ ਕੈਮਿਸਟਸ ਐਸੋਸੀਏਸ਼ਨ (ਰਜਿ.) ਸਮੇਤ ਕਈ ਯੂਨੀਅਨਾਂ ਨੇ ਸ਼ਿਰਕਤ ਕੀਤੀ।

ਯੂਨੀਅਨ ਆਗੂਆਂ ਨੇ ਇਸ ਗੱਲ @ਤੇ ਸੰਤੁਸ਼ਟੀ ਪ੍ਰਗਟਾਈ ਕਿ ਸਿਹਤ ਮੰਤਰੀ ਨੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਹਮਦਰਦੀ ਨਾਲ ਸੁਣਿਆ ਹੈ।

ਇਸ ਮੌਕੇ ਪ੍ਰਮੁੱਖ ਸਕੱਤਰ ਸਿਹਤ ਕੁਮਾਰ ਰਾਹੁਲ, ਡਾਇਰੈਕਟਰ ਸਿਹਤ ਸੇਵਾਵਾਂ ਡਾ. ਅਨਿਲ ਗੋਇਲ, ਡਾਇਰੈਕਟਰ ਸਿਹਤ ਸੇਵਾਵਾਂ (ਪਰਿਵਾਰ ਭਲਾਈ) ਡਾ. ਅਦਿਤੀ ਸਲਾਰੀਆ, ਡਾਇਰੈਕਟਰ ਖੋਜ ਤੇ ਮੈਡੀਕਲ ਸਿੱਖਿਆ ਡਾ. ਅਵਨੀਸ਼ ਕੁਮਾਰ ਅਤੇ ਡਾਇਰੈਕਟਰ ਨੈਸ਼ਨਲ ਹੈਲਥ ਮਿਸ਼ਨ ਡਾ. ਬਲਵਿੰਦਰ ਕੌਰ ਵੀ ਹਾਜ਼ਰ ਸਨ।





ਸੀ ਆਈ ਐੱਸ ਸੀ ਈ ਦੀਆਂ ਦਸਵੀਂ ਦੀਆਂ ਪ੍ਰੀਖਿਆਵਾਂ 15 ਫਰਵਰੀ ਤੋਂ

ਬਾਰ੍ਹਵੀਂ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਸ਼ੁਰੂ ਹੋਣਗੀਆਂ

ਨਵੀਂ ਦਿੱਲੀ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਕੌਂਸਲ ਫਾਰ ਦਿ ਇੰਡੀਅਨ ਸਕੂਲ ਸਰਟੀਫਿਕੇਟ ਐਗਜ਼ਾਮੀਨੇਸ਼ਨਜ਼ (ਸੀਆਈਐੱਸਸੀਈ) ਦੀਆਂ ਦਸਵੀਂ ਜਮਾਤ ਦੀਆਂ ਬੋਰਡ ਪ੍ਰੀਖਿਆਵਾਂ 15 ਫਰਵਰੀ 2027 ਤੋਂ ਸ਼ੁਰੂ ਹੋਣਗੀਆਂ, ਜਦਕਿ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ 9 ਫਰਵਰੀ ਤੋਂ ਸ਼ੁਰੂ ਹੋਣਗੀਆਂ। ਇਹ ਜਾਣਕਾਰੀ ਕੌਂਸਲ ਦੇ ਮੁੱਖ ਕਾਰਜਕਾਰੀ ਅਧਿਕਾਰੀ ਜੋਸਫ਼ ਇਮੈਨੁਅਲ ਨੇ ਦਿੱਤੀ। ਜਾਣਕਾਰੀ ਅਨੁਸਾਰ ਦਸਵੀਂ ਦੀਆਂ ਪ੍ਰੀਖਿਆਵਾਂ 31 ਮਾਰਚ ਤੱਕ ਅਤੇ ਬਾਰ੍ਹਵੀਂ ਦੀਆਂ ਪ੍ਰੀਖਿਆਵਾਂ 8 ਅਪਰੈਲ 2027 ਤੱਕ ਚੱਲਣਗੀਆਂ। ਵਿਦਿਆਰਥੀ ਵਿਸ਼ੇਅਨੁਸਾਰ ਪ੍ਰੀਖਿਆਵਾਂ ਦੀਆਂ ਤਰੀਕਾਂ ਅਤੇ ਸਮਾਂ-ਸਾਰਣੀ ਕੌਂਸਲ ਦੀ ਅਧਿਕਾਰਤ ਵੈੱਬਸਾਈਟ 'ਤੇ ਦੇਖ ਸਕਦੇ ਹਨ।

ਦਸਵੀ ਦੀ ਪ੍ਰੀਖਿਆ ਦੇਣਗੇ ਪੌਣੇ ਤਿੰਨ ਲੱਖ ਵਿਦਿਆਰਥੀ

ਸੀਆਈਐੱਸਸੀਈ ਦੀਆਂ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੀਆਂ ਪ੍ਰੀਖਿਆਵਾਂ ਵਿੱਚ ਕੁੱਲ 3,79,980 ਵਿਦਿਆਰਥੀ ਬੈਠਣਗੇ। ਸਾਲ 2027 ਦੀ ਦਸਵੀਂ ਜਮਾਤ ਦੀ ਆਈਸੀਐੱਸਈ ਪ੍ਰੀਖਿਆ ਵਿੱਚ 3,106 ਮਾਨਤਾ ਪ੍ਰਾਪਤ ਸਕੂਲਾਂ ਦੇ ਕਰੀਬ 2.70 ਲੱਖ ਵਿਦਿਆਰਥੀ ਬੈਠਣਗੇ, ਜਦਕਿ ਬਾਰ੍ਹਵੀਂ ਜਮਾਤ ਦੀ ਆਈਐੱਸਸੀ ਪ੍ਰੀਖਿਆ ਵਿੱਚ 1,651 ਸਕੂਲਾਂ ਦੇ 1.1 ਲੱਖ ਤੋਂ ਵੱਧ ਵਿਦਿਆਰਥੀ ਸ਼ਾਮਲ ਹੋਣਗੇ।

ਦਸਵੀਂ ਦੀ ਪ੍ਰੀਖਿਆ ਵਿੱਚ 76 ਵਿਸ਼ਿਆਂ ਜਾਂ ਪ੍ਰਸ਼ਨ ਪੱਤਰਾਂ ਦੀ ਪ੍ਰੀਖਿਆ ਹੋਵੇਗੀ, ਜਦਕਿ ਬਾਰ੍ਹਵੀਂ ਦੀ ਪ੍ਰੀਖਿਆ ਵਿੱਚ 60 ਵਿਸ਼ੇ ਸ਼ਾਮਲ ਹੋਣਗੇ।

ਸਾਲ 2027 ਦੀ ਦਸਵੀਂ ਜਮਾਤ ਦੀ ਆਈਸੀਐੱਸਈ ਪ੍ਰੀਖਿਆ ਸੋਮਵਾਰ, 15 ਫਰਵਰੀ ਤੋਂ ਸ਼ੁਰੂ ਹੋਵੇਗੀ ਅਤੇ ਬੁੱਧਵਾਰ, 31 ਮਾਰਚ ਨੂੰ ਸਮਾਪਤ ਹੋਵੇਗੀ। ਇਹ ਪ੍ਰੀਖਿਆ ਭਾਰਤ ਅਤੇ ਵਿਦੇਸ਼ਾਂ ਵਿੱਚ ਕੁੱਲ 2,835 ਪ੍ਰੀਖਿਆ ਕੇਂਦਰਾਂ 'ਤੇ ਕਰਵਾਈ ਜਾਵੇਗੀ।

ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਮੌਕੇ ਕੇਂਦਰੀ ਜੇਲ੍ਹ ਪਟਿਆਲਾ ਵਿਖੇ ਕੈਦੀਆਂ ਨੂੰ ਕਾਨੂੰਨੀ ਅਧਿਕਾਰਾਂ ਬਾਰੇ ਕੀਤਾ ਜਾਗਰੂਕ

ਪਟਿਆਲਾ, 12 ਨਵੰਬਰ
-ਛਤਰਪਾਲ ਸਿੰਘ-

ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਵੱਲੋਂ ਜ਼ਿਲ੍ਹਾ ਪਟਿਆਲਾ ਵਿਖੇ ਰਾਜ ਪੱਧਰੀ ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਮਨਾਇਆ ਗਿਆ। ਇਸ ਮੌਕੇ ਮਾਨਯੋਗ ਮੈਂਬਰ ਸਕੱਤਰ (ਇੰਚਾਰਜ), ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਸ੍ਰੀ ਅਰੁਣ ਕੁਮਾਰ ਅਗਰਵਾਲ ਨੇ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਸ੍ਰੀਮਤੀ ਅਮਨਦੀਪ ਕੰਬੋਜ ਦੇ ਨਾਲ ਕੇਂਦਰੀ ਜੇਲ੍ਹ, ਪਟਿਆਲਾ ਦਾ ਦੌਰਾ ਕੀਤਾ ਅਤੇ ਆਪਣੀ ਹਾਜ਼ਰੀ ਨਾਲ ਇਸ ਮੌਕੇ ਦੀ ਸ਼ੋਭਾ ਵਧਾਈ।



ਇਸ ਮੌਕੇ ਕੇਂਦਰੀ ਜੇਲ੍ਹ, ਪਟਿਆਲਾ ਵਿਖੇ ਕਾਨੂੰਨੀ ਜਾਗਰੂਕਤਾ ਪ੍ਰੋਗਰਾਮ ਵੀ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਦੌਰਾਨ ਸ੍ਰੀ ਅਰੁਣ ਕੁਮਾਰ ਅਗਰਵਾਲ ਨੇ ਜੇਲ੍ਹ ਦੇ ਕੈਦੀਆਂ ਨੂੰ ਸੰਬੋਧਨ ਕਰਦਿਆਂ ਰਾਸ਼ਟਰੀ ਕਾਨੂੰਨੀ ਸੇਵਾਵਾਂ ਦਿਵਸ ਦੀ ਮਹੱਤਤਾ ਅਤੇ ਮੁਫ਼ਤ ਕਾਨੂੰਨੀ ਸੇਵਾਵਾਂ ਦੀ ਉਪਲਬਧਤਾ ਬਾਰੇ ਜਾਣੂ ਕਰਵਾਇਆ। ਉਨ੍ਹਾਂ ਨੇ ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਅਤੇ ਮੁਫ਼ਤ ਕਾਨੂੰਨੀ ਸਹਾਇਤਾ ਦੇ ਲਾਭਾਂ ਬਾਰੇ ਸਰਲ ਅਤੇ ਆਸਾਨ ਭਾਸ਼ਾ ਵਿੱਚ ਜਾਣਕਾਰੀ ਦਿੱਤੀ।

ਇਸ ਪ੍ਰੋਗਰਾਮ ਦੌਰਾਨ ਯੋਗ ਵਿਅਕਤੀਆਂ ਨੂੰ ਮੁਫ਼ਤ ਕਾਨੂੰਨੀ ਸੇਵਾਵਾਂ ਪ੍ਰਦਾਨ ਕਰਨ ਦੀ ਮਹੱਤਤਾ ਅਤੇ ਕਾਨੂੰਨੀ ਜਾਗਰੂਕਤਾ ਫੈਲਾਉਣ, ਕਾਨੂੰਨੀ ਸਹਾਇਤਾ ਮੁਹੱਈਆ ਕਰਵਾਉਣ ਅਤੇ ਲੋਕਾਂ ਦੇ ਝਗੜਿਆਂ ਦਾ ਨਿਪਟਾਰਾ ਕਰਨ ਵਿੱਚ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਦੀ ਭੂਮਿਕਾ ਬਾਰੇ ਵੀ ਚਾਨਣਾ ਪਾਇਆ ਗਿਆ। ਕੈਦੀਆਂ ਨੂੰ ਦੱਸਿਆ ਗਿਆ ਕਿ ਲੋਕ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਪਟਿਆਲਾ ਦੇ ਦਫ਼ਤਰ ਵਿਖੇ ਨਿੱਜੀ ਤੌਰ 'ਤੇ ਪਹੁੰਚ ਕੇ ਜਾਂ ਫ਼ੋਨ ਨੰਬਰ 0175-2306500 'ਤੇ ਸੰਪਰਕ ਕਰਕੇ ਕਾਨੂੰਨੀ ਸਹਾਇਤਾ ਪ੍ਰਾਪਤ ਕਰ ਸਕਦੇ ਹਨ। ਇਸ ਤੋਂ ਇਲਾਵਾ, ਉਨ੍ਹਾਂ ਨੂੰ ਮੁਫ਼ਤ ਕਾਨੂੰਨੀ ਸਹਾਇਤਾ ਪ੍ਰਾਪਤ ਕਰਨ ਲਈ ਨਾਲਸਾ ਦੀ ਟੋਲ-ਫ੍ਰੀ ਹੈਲਪਲਾਈਨ ਨੰਬਰ 15100 ਬਾਰੇ ਵੀ ਜਾਣੂ ਕਰਵਾਇਆ ਗਿਆ।

ਜੇਲ੍ਹ ਵਿੱਚ ਬੰਦ ਕੈਦੀਆਂ ਦੀਆਂ ਸ਼ਿਕਾਇਤਾਂ ਦੇ ਨਿਪਟਾਰੇ ਅਤੇ ਜੇਲ੍ਹ ਪਰਿਸਰ ਵਿੱਚ ਉਨ੍ਹਾਂ ਲਈ ਢੁਕਵੀਆਂ ਸਿਹਤ ਅਤੇ ਡਾਕਟਰੀ ਸਹੂਲਤਾਂ ਯਕੀਨੀ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਗਿਆ। ਇਸ ਸਬੰਧੀ ਜੇਲ੍ਹ ਅਧਿਕਾਰੀਆਂ ਅਤੇ ਸਬੰਧਤ ਸਟਾਫ਼ ਨੂੰ ਕੈਦੀਆਂ ਦੀ ਭਲਾਈ ਅਤੇ ਬਿਹਤਰੀ ਲਈ ਲੋੜੀਂਦੇ ਉਪਰਾਲੇ ਕਰਨ ਦੇ ਨਿਰਦੇਸ਼ ਦਿੱਤੇ ਗਏ।

ਗੱਲਬਾਤ ਦੌਰਾਨ ਮਾਨਯੋਗ ਮੈਂਬਰ ਸਕੱਤਰ (ਇੰਚਾਰਜ) ਨੇ ਕੈਦੀਆਂ ਨਾਲ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਅਤੇ ਜੇਲ੍ਹ ਵਿੱਚ ਚਲਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਪ੍ਰੋਗਰਾਮਾਂ ਦਾ ਜਾਇਜ਼ਾ ਲਿਆ। ਉਨ੍ਹਾਂ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਅਜਿਹੇ ਸਿਖਲਾਈ ਪ੍ਰੋਗਰਾਮ ਕੈਦੀਆਂ ਦੇ ਪੁਨਰਵਾਸ ਅਤੇ ਉਨ੍ਹਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਮੁੜ ਸ਼ਾਮਲ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਕੈਦੀਆਂ ਨੂੰ ਉਨ੍ਹਾਂ ਦੇ ਕਾਨੂੰਨੀ ਅਧਿਕਾਰਾਂ ਅਤੇ ਹੱਕਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸ਼ਿਕਾਇਤਾਂ ਨੂੰ ਧਿਆਨ ਨਾਲ ਸੁਣਿਆ ਗਿਆ ਅਤੇ ਉਨ੍ਹਾਂ ਦੇ ਨਿਪਟਾਰੇ ਲਈ ਲੋੜੀਂਦੇ ਨਿਰਦੇਸ਼ ਜਾਰੀ ਕੀਤੇ ਗਏ।

ਦੌਰੇ ਦੌਰਾਨ ਸ੍ਰੀ ਅਰੁਣ ਕੁਮਾਰ ਅਗਰਵਾਲ ਵੱਲੋਂ ਜੇਲ੍ਹ ਵਿੱਚ ਸਥਿਤ ਕਾਨੂੰਨੀ ਸਹਾਇਤਾ ਕਲੀਨਿਕ, ਵੱਖ-ਵੱਖ ਬੈਰਕਾਂ, ਜੇਲ੍ਹ ਦੀ ਰਸੋਈ ਅਤੇ ਮਹਿਲਾ ਕੈਦੀਆਂ ਲਈ ਚਲਾਏ ਜਾ ਰਹੇ ਕਿੱਤਾਮੁਖੀ ਸਿਖਲਾਈ ਕੇਂਦਰ ਦਾ ਨਿੱਜੀ ਤੌਰ 'ਤੇ ਨਿਰੀਖਣ ਕੀਤਾ ਗਿਆ। ਇਸ ਮੌਕੇ ਬਿਊਟੀਸ਼ੀਅਨ ਕੋਰਸ ਸਫਲਤਾਪੂਰਵਕ ਪੂਰਾ ਕਰਨ ਵਾਲੀਆਂ ਮਹਿਲਾ ਕੈਦੀਆਂ ਨੂੰ ਸਰਟੀਫਿਕੇਟ ਵੀ ਵੰਡੇ ਗਏ।

ਪਤਨੀ ਦੇ ਚਰਿੱਤਰ 'ਤੇ ਸ਼ੱਕ ਬਣਿਆ ਕਤਲ ਦਾ ਕਾਰਨ, ਪਤੀ ਨੇ ਗਲਾ ਘੁੱਟ ਕੇ ਕੀਤਾ ਕਤਲ, ਪੁਲਿਸ ਨੇ ਦੋਸ਼ੀ ਕੀਤਾ ਕਾਬੂ



ਮੁਕੇਰੀਆਂ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮੁਕੇਰੀਆਂ ਦੇ ਪਿੰਡ ਮਹਦੀਨਪੁਰ ਦਲੇਲ ਵਿਖੇ ਇੱਕ ਔਰਤ ਦਾ ਉਸ ਦੇ ਪਤੀ ਵੱਲੋਂ ਕਥਿਤ ਤੌਰ 'ਤੇ ਗਲਾ ਘੁੱਟ ਕੇ ਕਤਲ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ। ਔਰਤ ਦੀ ਲਾਸ਼ ਪਿੰਡ ਦੇ ਕਮਾਦ ਦੇ ਖੇਤ ਵਿੱਚੋਂ ਬਰਾਮਦ ਹੋਈ ਹੈ। ਪੁਲਿਸ ਨੇ ਔਰਤ ਦੇ ਭਰਾ ਦੇ ਬਿਆਨਾਂ ਦੇ ਆਧਾਰ 'ਤੇ ਪਤੀ ਜਹਾਦਉਲ ਇਸਲਾਮ ਪੁੱਤਰ ਮੁਸਲਿਮੁਦੀਨ ਅਹਿਮਦ ਵਾਸੀ ਪਿੰਡ ਮਲਿਕਪਾਰਾ ਥਾਣਾ ਚਾਚਲ ਜ਼ਿਲ੍ਹਾ ਮਾਲਦਾ ਪੱਛਮੀ ਬੰਗਾਲ ਖ਼ਿਲਾਫ਼ ਕਤਲ ਦਾ ਮੁਕੱਦਮਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਪੁਲਿਸ ਨੂੰ ਦਿੱਤੇ ਬਿਆਨਾਂ ਵਿੱਚ ਸੋਹੇਲ ਅਲੀ ਪੁੱਤਰ ਮੁਹੰਮਦ ਮੁਸਤਫਾ ਵਾਸੀ ਪਿੰਡ ਚਪਾਖੋਰ, ਥਾਣਾ ਅਬਾਦਪੁਰ ਜ਼ਿਲ੍ਹਾ ਕਟਿਹਾਰ (ਬਿਹਾਰ) ਨੇ ਦੱਸਿਆ ਕਿ ਉਸ ਦੀ ਭੈਣ ਰੁਬੀਨਾ ਖਾਤੂਨ (33) ਦਾ ਵਿਆਹ ਕਰੀਬ 12 ਸਾਲ ਪਹਿਲਾਂ ਜਹਾਦਉਲ ਇਸਲਾਮ ਪੁੱਤਰ ਮੁਸਲਿਮੁਦੀਨ ਅਹਿਮਦ ਵਾਸੀ ਪਿੰਡ ਮਲਿਕਪਾਰਾ ਥਾਣਾ ਚਾਚਲ ਜ਼ਿਲ੍ਹਾ ਮਾਲਦਾ ਪੱਛਮੀ ਬੰਗਾਲ ਨਾਲ ਹੋਇਆ ਸੀ ਅਤੇ ਉਨ੍ਹਾਂ ਦੇ ਦੋ ਪੁੱਤਰ ਹਨ। ਉਸ ਦੀ ਭੈਣ ਆਪਣੇ ਪਤੀ ਅਤੇ ਬੱਚਿਆਂ ਸਮੇਤ ਪਿਛਲੇ ਕਰੀਬ ਪੰਜ ਸਾਲਾਂ ਤੋਂ ਮੁਕੇਰੀਆਂ ਦੇ ਫਤੂਵਾਲ ਰੋਡ ਵਿਖੇ ਕਿਰਾਏ ਦੇ ਮਕਾਨ ਵਿੱਚ ਰਹਿ ਰਹੀ ਸੀ। ਦੋਵੇਂ ਪਤੀ-ਪਤਨੀ ਪਿੰਡ ਮਹਦੀਨਪੁਰ ਦਲੇਲ ਵਿਖੇ ਗਲੀਆਂ ਅਤੇ ਨਾਲੀਆਂ ਦੀ ਸਫ਼ਾਈ ਦਾ ਕੰਮ ਕਰਦੇ ਸਨ।

ਸ਼ਿਕਾਇਤਕਰਤਾ ਅਨੁਸਾਰ 5 ਨਵੰਬਰ ਨੂੰ ਉਸ ਦੇ ਜੀਜੇ ਨੇ ਫੋਨ ਕਰਕੇ ਦੱਸਿਆ ਕਿ ਰੁਬੀਨਾ ਖਾਤੂਨ ਲਾਪਤਾ ਹੋ ਗਈ ਹੈ। ਇਸ ਤੋਂ ਬਾਅਦ ਉਸ ਨੇ ਆਪਣੇ ਵੱਡੇ ਭਰਾ ਸਕੀਲ ਅਲੀ ਨੂੰ 6 ਨਵੰਬਰ ਨੂੰ ਮੁਕੇਰੀਆਂ ਭੇਜਿਆ ਅਤੇ ਖ਼ੁਦ ਵੀ 7 ਨਵੰਬਰ ਨੂੰ ਇੱਥੇ ਪਹੁੰਚ ਗਿਆ। ਦੋਵਾਂ ਭਰਾਵਾਂ ਨੇ ਆਪਣੇ ਜੀਜੇ ਨਾਲ ਮਿਲ ਕੇ ਭੈਣ ਦੀ ਭਾਲ ਕੀਤੀ, ਪਰ ਕੋਈ ਸੁਰਾਗ ਨਹੀਂ ਮਿਲਿਆ। ਇਸ ਦੌਰਾਨ ਉਨ੍ਹਾਂ ਨੂੰ ਜੀਜੇ ਦੀਆਂ ਗੱਲਾਂ 'ਤੇ ਸ਼ੱਕ ਹੋਇਆ ਅਤੇ ਸਖ਼ਤੀ ਨਾਲ ਪੁੱਛਗਿੱਛ ਕਰਨ 'ਤੇ ਉਸ ਨੇ ਆਪਣਾ ਜੁਰਮ ਕਬੂਲ ਕਰ ਲਿਆ।
ਬਿਆਨ ਅਨੁਸਾਰ ਮੁਲਜ਼ਮ ਨੇ ਦੱਸਿਆ ਕਿ ਉਹ ਆਪਣੀ ਪਤਨੀ ਦੇ ਚਰਿੱਤਰ 'ਤੇ ਸ਼ੱਕ ਕਰਦਾ ਸੀ। 5 ਨਵੰਬਰ ਨੂੰ ਜਦੋਂ ਦੋਵੇਂ ਪਤੀ-ਪਤਨੀ ਪਿੰਡ ਵਿੱਚ ਸਫ਼ਾਈ ਦਾ ਕੰਮ ਕਰਨ ਤੋਂ ਬਾਅਦ ਕੂੜਾ ਸੁੱਟਣ ਲਈ ਗਏ ਤਾਂ ਉਹ ਰੁਬੀਨਾ ਨੂੰ ਕਮਾਦ ਦੇ ਖੇਤ ਵਿੱਚ ਲੈ ਗਿਆ, ਜਿੱਥੇ ਉਸ ਨੇ ਉਸ ਦਾ ਗਲਾ ਘੁੱਟ ਕੇ ਕਤਲ ਕਰ ਦਿੱਤਾ। ਮੁਲਜ਼ਮ ਨੇ ਇਸ ਵਾਰਦਾਤ ਬਾਰੇ ਪਿੰਡ ਦੀ ਸਰਪੰਚ ਦੇ ਪਤੀ ਚੰਦਰਮੋਹਨ ਕੋਲ ਵੀ ਕਥਿਤ ਤੌਰ 'ਤੇ ਕਬੂਲ ਕੀਤਾ ਸੀ।

ਸ਼ਿਕਾਇਤਕਰਤਾ ਅਨੁਸਾਰ 9 ਨਵੰਬਰ ਨੂੰ ਮੁਲਜ਼ਮ ਦੋਵਾਂ ਭਰਾਵਾਂ ਅਤੇ ਚੰਦਰਮੋਹਨ ਨੂੰ ਉਸੇ ਕਮਾਦ ਦੇ ਖੇਤ ਵਿੱਚ ਲੈ ਗਿਆ, ਜਿੱਥੇ ਰੁਬੀਨਾ ਦੀ ਲਾਸ਼ ਪਈ ਹੋਈ ਸੀ। ਲਾਸ਼ ਪੁਰਾਣੀ ਹੋਣ ਕਾਰਨ ਉਸ ਦਾ ਚਿਹਰਾ ਕਾਫ਼ੀ ਖ਼ਰਾਬ ਹੋ ਚੁੱਕਾ ਸੀ। ਇਸ ਦੌਰਾਨ ਮੁਲਜ਼ਮ ਮੌਕੇ ਤੋਂ ਫ਼ਰਾਰ ਹੋ ਗਿਆ। ਰੌਲਾ ਪਾਉਣ 'ਤੇ ਪਿੰਡ ਵਾਸੀ ਵੀ ਇਕੱਠੇ ਹੋ ਗਏ।

ਉਧਰ, ਸੂਚਨਾ ਮਿਲਣ 'ਤੇ ਥਾਣਾ ਮੁਕੇਰੀਆਂ ਦੀ ਪੁਲਿਸ ਟੀਮ ਐਸਆਈ ਅਮਰਜੀਤ ਸਿੰਘ ਦੀ ਅਗਵਾਈ ਹੇਠ ਮੌਕੇ 'ਤੇ ਪਹੁੰਚੀ। ਪੁਲਿਸ ਨੇ ਲਾਸ਼ ਨੂੰ ਕਬਜ਼ੇ ਵਿੱਚ ਲੈ ਕੇ ਲੇਡੀ ਪੁਲਿਸ ਮੁਲਾਜ਼ਮ ਦੀ ਮੌਜੂਦਗੀ ਵਿੱਚ ਲੋੜੀਂਦੀ ਕਾਰਵਾਈ ਕਰਨ ਉਪਰੰਤ ਸਿਵਲ ਹਸਪਤਾਲ ਮੁਕੇਰੀਆਂ ਦੀ ਮੋਰਚਰੀ ਵਿੱਚ ਭੇਜ ਦਿੱਤਾ।

ਥਾਣਾ ਮੁੱਖੀ ਮੁਕੇਰੀਆਂ ਐਸ. ਆਈ ਪ੍ਰਿੰਸਪਾਲ ਨੇ ਜਾਣਕਾਰੀ ਦਿੱਤੀ ਕਿ ਸੋਹੇਲ ਅਲੀ ਦੇ ਬਿਆਨਾਂ ਦੇ ਆਧਾਰ 'ਤੇ ਮੁਲਜ਼ਮ ਜਹਾਦੁਲ ਇਸਲਾਮ ਪੁੱਤਰ ਮੁਸਲਿਮੁਦੀਨ ਅਹਿਮਦ ਵਾਸੀ ਪਿੰਡ ਮਲਿਕ ਪਾਰਾ, ਜ਼ਿਲ੍ਹਾ ਮਾਲਦਾ (ਪੱਛਮੀ ਬੰਗਾਲ), ਹਾਲ ਵਾਸੀ ਫਤੂਵਾਲ ਰੋਡ ਮੁਕੇਰੀਆਂ ਖ਼ਿਲਾਫ਼ ਮੁਕੱਦਮਾ ਦਰਜ ਕਰ ਲਿਆ ਹੈ। ਐਸ.ਐਚ.ਓ ਪ੍ਰਿੰਸਪਾਲ ਨੇ ਸਵਾਲ ਦੇ ਜਵਾਬ ਤੇ ਕਿਹਾ ਕਿ ਸਾਡੇ ਵੱਲੋਂ ਤਰੁੰਤ ਕਾਰਵਾਈ ਕਰਦੇ ਹੋਏ ਦੋਸ਼ੀ ਨੂੰ ਗ੍ਰਿਫ਼ਤਾਰ ਕੀਤਾ ਗਿਆ।

ਕਾਂਗਰਸ ਨੂੰ ਝਟਕਾ, ਮੰਤਰੀ ਹਰਭਜਨ ਸਿੰਘ ਈਟੀਓ ਨੇ ਕਾਂਗਰਸ ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਦਾ ਆਪ ਵਿੱਚ ਕੀਤਾ ਸਵਾਗਤ



ਜੰਡਿਆਲਾ ਗੁਰੂ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਹਲਕਾ ਜੰਡਿਆਲਾ ਗੁਰੂ ਵਿੱਚ ਕਾਂਗਰਸ ਨੂੰ ਉਸ ਸਮੇਂ ਵੱਡਾ ਸਿਆਸੀ ਝਟਕਾ ਲੱਗਿਆ ਜਦੋਂ ਪਾਰਟੀ ਦੇ ਐਸਸੀ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਬੰਟੀ ਬੰਡਾਲਾ ਆਪਣੇ ਸਾਥੀਆਂ ਸਮੇਤ ਕਾਂਗਰਸ ਛੱਡ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋ ਗਏ। ਕੈਬਨਿਟ ਮੰਤਰੀ ਹਰਭਜਨ ਸਿੰਘ ਈਟੀਓ ਨੇ ਕਾਂਗਰਸ ਆਗੂ ਬੰਟੀ ਬੰਡਾਲਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਰਸਮੀ ਤੌਰ 'ਤੇ ਆਪ ਵਿੱਚ ਸ਼ਾਮਿਲ ਕਰਾਇਆ ਅਤੇ ਉਨ੍ਹਾਂ ਦਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਬੰਟੀ ਬੰਡਾਲਾ ਅਤੇ ਉਨ੍ਹਾਂ ਦੇ ਸਾਥੀਆਂ ਨੂੰ ਆਮ ਆਦਮੀ ਪਾਰਟੀ ਵਿੱਚ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਇਲਾਕੇ ਦੇ ਹਰ ਕੰਮ ਨੂੰ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ।

ਉਥੇ ਹੀ ਬੰਟੀ ਬੰਡਾਲਾ ਨੇ ਕਿਹਾ ਕਿ ਉਹ ਆਪ ਸਰਕਾਰ ਵਲੋਂ ਕੀਤੇ ਗਏ ਲੋਕ-ਪੱਖੀ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਆਪ ਵਿੱਚ ਸ਼ਾਮਿਲ ਹੋਏ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵਲੋਂ ਪਿੰਡ ਬੰਡਾਲਾ ਵਿੱਚ ਬਿਨਾਂ ਕਿਸੇ ਪੱਖਪਾਤ ਤੋਂ ਕਰੋੜਾਂ ਰੁਪਏ ਦੇ ਵਿਕਾਸ ਕਾਰਜ ਕਰਵਾਏ ਗਏ ਹਨ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਉਹ ਪਾਰਟੀ ਅਤੇ ਉਮੀਦਵਾਰ ਤੇ ਮੌਜੂਦਾ ਵਿਧਾਇਕ ਹਰਭਜਨ ਸਿੰਘ ਈਟੀਓ ਨੂੰ ਵੱਡੀ ਲੀਡ ਨਾਲ ਜਿਤਾਉਣਗੇ।

ਇਸ ਮੌਕੇ ਸਰਪੰਚ ਨਿਸ਼ਾਨ ਸਿੰਘ, ਚੇਅਰਮੈਨ ਮਲਕੀਤ ਸਿੰਘ, ਸੁੱਚਾ ਸਿੰਘ, ਸੀਨੀਅਰ ਆਗੂ ਅਮਰੀਕ ਸਿੰਘ ਬਾਠ, ਐਸਸੀ ਪ੍ਰਧਾਨ ਜਗੀਰ ਸਿੰਘ, ਲਵਪ੍ਰੀਤ ਸਿੰਘ ਲਵਲੀ ਅਤੇ ਯੂਥ ਪ੍ਰਧਾਨ ਸ਼ਮਸ਼ੇਰ ਸਿੰਘ ਸ਼ੇਰਾ ਸਮੇਤ ਹੋਰ ਪਾਰਟੀ ਆਗੂ ਤੇ ਵਰਕਰ ਹਾਜ਼ਰ ਸਨ।

ਬਾਲ ਵਿਆਹ ਮੁਕਤ ਭਾਰਤ' ਅਭਿਆਨ ਤਹਿਤ ਚਲਾਇਆ ਜਾ ਰਿਹਾ ਹੈ 100 ਦਿਨਾਂ ਦਾ ਜਾਗਰੂਕਤਾ ਅਭਿਆਨ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਮਹਿਲਾ ਅਤੇ ਬਾਲ ਵਿਕਾਸ ਮੰਤਰਾਲੇ ਵੱਲੋਂ 27 ਨਵੰਬਰ, 2024 ਨੂੰ 'ਬਾਲ ਵਿਆਹ ਮੁਕਤ ਭਾਰਤ' ਅਭਿਆਨ ਦੀ ਸ਼ੁਰੂਆਤ ਕੀਤੀ ਗਈ ਸੀ। ਇਸ ਅਭਿਆਨ ਦਾ ਉਦੇਸ਼ ਸਰਕਾਰ ਦੇ ਸਾਰੇ ਵਿਭਾਗਾਂ ਅਤੇ ਸਮਾਜ ਦੇ ਸਾਰੇ ਵਰਗਾਂ ਦੀ ਭਾਈਵਾਲੀ ਯਕੀਨੀ ਬਣਾਉਂਦੇ ਹੋਏ ਬਾਲ ਵਿਆਹਾਂ ਦੀ ਰੋਕਥਾਮ ਕਰਨਾ ਹੈ। 'ਬਾਲ ਵਿਆਹ ਮੁਕਤ ਭਾਰਤ' ਅਭਿਆਨ ਦੇ ਮਾਧਿਅਮ ਨਾਲ ਬਾਲ ਵਿਆਹ ਦੇ ਵਿਰੁੱਧ ਜਾਗਰੂਕਤਾ ਵਧਾਉਣ, ਭਾਈਚਾਰਕ ਭਾਗੀਦਾਰੀ ਨੂੰ ਉਤਸ਼ਾਹਿਤ ਕਰਨ, ਬਾਲ ਵਿਆਹ ਨਾਲ ਸਬੰਧਿਤ ਮਾਮਲਿਆਂ ਦੀ ਸੂਚਨਾ ਦੇਣ ਅਤੇ ਸਾਰੇ ਪੱਧਰਾਂ 'ਤੇ ਤਾਲਮੇਲ ਵਾਲੀ ਕਾਰਵਾਈ ਨੂੰ ਮਜ਼ਬੂਤ ਕਰਨ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ।

ਇੱਕ ਸਰਕਾਰੀ ਬੁਲਾਰੇ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਸੰਯੁਕਤ ਰਾਸ਼ਟਰ ਮਹਾਸਭਾ ਵੱਲੋਂ 27 ਨਵੰਬਰ ਨੂੰ ਬਾਲ, ਆਰੰਭਕ ਅਤੇ ਜ਼ਬਰਦਸਤੀ ਵਿਆਹਾਂ ਦੇ ਖ਼ਾਤਮੇ ਲਈ ਅੰਤਰਰਾਸ਼ਟਰੀ ਦਿਵਸ ਵਜੋਂ ਨਾਮਜ਼ਦ ਕੀਤਾ ਗਿਆ ਹੈ। ਭਾਰਤ ਲਈ ਇਸ ਦਿਨ ਦੀ ਵਿਸ਼ੇਸ਼ ਮਹੱਤਤਾ ਹੈ, ਕਿਉਂਕਿ ਇਸੇ ਦਿਨ ਸਾਲ 2024 ਵਿੱਚ 'ਬਾਲ ਵਿਆਹ ਮੁਕਤ ਭਾਰਤ' ਅਭਿਆਨ ਦੀ ਸ਼ੁਰੂਆਤ ਵੀ ਕੀਤੀ ਗਈ ਸੀ। ਇਸ ਦਿਵਸ ਪ੍ਰਤੀ ਜਾਗਰੂਕਤਾ ਅਤੇ ਅਭਿਆਨ ਦੀ ਗਤੀ ਨੂੰ ਨਿਰੰਤਰ ਬਣਾਏ ਰੱਖਣ ਦੇ ਉਦੇਸ਼ ਨਾਲ 100 ਦਿਨਾਂ ਦਾ ਬਾਲ ਵਿਆਹ ਮੁਕਤ ਭਾਰਤ ਜਾਗਰੂਕਤਾ ਮੋਡਿਊਲ 21 ਅਕਤੂਬਰ ਤੋਂ 21 ਦਸੰਬਰ, 2026 ਤੱਕ ਮੁੜ ਚਲਾਉਣ ਦਾ ਫ਼ੈਸਲਾ ਕੀਤਾ ਗਿਆ ਹੈ। ਇਸ ਦੌਰਾਨ ਬਾਲ ਵਿਆਹ ਮੁਕਤ ਭਾਰਤ ਅਭਿਆਨ ਤਹਿਤ ਵੱਖ-ਵੱਖ ਜਾਗਰੂਕਤਾ ਅਤੇ ਜਨ-ਸੰਪਰਕ ਗਤੀਵਿਧੀਆਂ ਆਯੋਜਿਤ ਕੀਤੀਆਂ ਜਾ ਰਹੀਆਂ ਹਨ। ਅਜਿਹੇ ਵਿੱਚ ਇਸ ਦੌਰਾਨ ਬਾਲ ਵਿਆਹ ਦੀ ਰੋਕਥਾਮ ਲਈ ਜਾਗਰੂਕਤਾ ਵਧਾਉਣ, ਚੌਕਸੀ ਵਰਤਣ ਅਤੇ ਜ਼ਰੂਰੀ ਰੋਕਥਾਮ ਵਾਲੇ ਕਦਮ ਚੁੱਕਣ ਦੀ ਲੋੜ ਹੈ।

ਉਨ੍ਹਾਂ ਦੱਸਿਆ ਕਿ ਅਧਿਕਾਰੀਆਂ ਦੁਆਰਾ ਨਿਰਦੇਸ਼ ਦਿੱਤੇ ਗਏ ਹਨ ਕਿ ਬਾਲ ਵਿਆਹ ਰੋਕਥਾਮ ਐਕਟ ਦੇ ਉਪਬੰਧਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ। ਕਿਸੇ ਵੀ ਖੇਤਰ ਵਿੱਚ ਬਾਲ ਵਿਆਹ ਦੀ ਸੂਚਨਾ ਮਿਲਦਿਆਂ ਹੀ ਸਬੰਧਿਤ ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਤੁਰੰਤ ਕਾਰਵਾਈ ਕਰੇਗੀ। ਉਨ੍ਹਾਂ ਸਬੰਧਿਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਹਰੇਕ ਪਿੰਡ ਅਤੇ ਵਾਰਡ ਵਿੱਚ ਜਾਗਰੂਕਤਾ ਪ੍ਰੋਗਰਾਮ ਆਯੋਜਿਤ ਕਰਕੇ ਲੋਕਾਂ ਨੂੰ ਬਾਲ ਵਿਆਹ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਇਆ ਜਾਵੇ। ਉਨ੍ਹਾਂ ਕਿਹਾ ਕਿ ਬਾਲ ਵਿਆਹ ਇੱਕ ਸਜ਼ਾਯੋਗ ਅਪਰਾਧ ਹੈ। ਇਸ ਦੇ ਖ਼ਿਲਾਫ਼ ਸਫ਼ਲ ਲੜਾਈ ਉਦੋਂ ਹੀ ਸੰਭਵ ਹੈ ਜਦੋਂ ਸਰਕਾਰ ਅਤੇ ਪ੍ਰਸ਼ਾਸਨ ਦੇ ਨਾਲ ਸਮਾਜ ਦਾ ਹਰੇਕ ਵਿਅਕਤੀ ਵੀ ਸਰਗਰਮ ਰੂਪ ਨਾਲ ਸਹਿਯੋਗ ਕਰੇ। ਉਨ੍ਹਾਂ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਕਿਸੇ ਵੀ ਬਾਲ ਵਿਆਹ ਦੀ ਸੂਚਨਾ ਤੁਰੰਤ ਹੈਲਪਲਾਈਨ ਨੰਬਰ 1098 ਜਾਂ ਨੇੜਲੇ ਪੁਲਿਸ ਸਟੇਸ਼ਨ ਵਿੱਚ ਦੇਣ।

ਪਿੰਡ ਦੌਣ ਕਲਾਂ ਵਿਖੇ ਕਿਸਾਨਾਂ ਨੂੰ ਪਰਾਲੀ ਦੇ ਸੁਚੱਜੇ ਪ੍ਰਬੰਧਨ ਲਈ ਸੁਸਾਇਟੀ ਵਿੱਚ ਉਪਲਬਧ ਖੇਤੀ ਸੰਦਾਂ ਬਾਰੇ ਕੀਤਾ ਜਾਗਰੂਕ



ਪਟਿਆਲਾ, 12 ਨਵੰਬਰ
-ਜੀ. ਐਸ. ਤੁੰਗ-

ਸਹਿਕਾਰੀ ਸਭਾਵਾਂ ਵੱਲੋਂ ਪਰਾਲੀ ਸਾੜਨ ਦੀਆਂ ਘਟਨਾਵਾਂ ਨੂੰ ਰੋਕਣ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਖੇਤਾਂ ਵਿੱਚ ਹੀ ਸੁਚੱਜਾ ਪ੍ਰਬੰਧਨ ਕਰਨ ਲਈ ਕਿਸਾਨਾਂ ਨੂੰ ਜਾਗਰੂਕ ਕਰਨ ਵਾਸਤੇ ਪਿੰਡ ਦੌਣ ਕਲਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਕਿਸਾਨਾਂ ਨੂੰ ਪਰਾਲੀ ਦੇ ਖੇਤਾਂ ਵਿੱਚ ਹੀ ਪ੍ਰਬੰਧਨ (ਇਨ-ਸੀਟੂ ਮੈਨੇਜਮੈਂਟ) ਲਈ ਸੁਸਾਇਟੀ ਵਿੱਚ ਉਪਲਬਧ ਖੇਤੀਬਾੜੀ ਸੰਦਾਂ ਦੀ ਵਰਤੋਂ ਕਰਨ ਬਾਰੇ ਜਾਣਕਾਰੀ ਦਿੱਤੀ ਗਈ।

ਇਸ ਮੌਕੇ ਸ. ਸੰਗਰਾਮ ਸਿੰਘ ਸੰਧੂ ਨੇ ਕਿਸਾਨਾਂ ਨੂੰ ਦੱਸਿਆ ਕਿ ਸੁਸਾਇਟੀ ਰਾਹੀਂ ਉਪਲਬਧ ਖੇਤੀ ਸੰਦਾਂ ਦੀ ਵਰਤੋਂ ਕਰਕੇ ਪਰਾਲੀ ਨੂੰ ਬਿਨਾਂ ਅੱਗ ਲਗਾਏ ਖੇਤਾਂ ਵਿੱਚ ਹੀ ਮਿਲਾਇਆ ਜਾ ਸਕਦਾ ਹੈ। ਇਸ ਨਾਲ ਜਿੱਥੇ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਵਿੱਚ ਮਦਦ ਮਿਲਦੀ ਹੈ, ਉੱਥੇ ਹੀ ਜ਼ਮੀਨ ਦੀ ਉਪਜਾਊ ਸ਼ਕਤੀ ਵੀ ਬਰਕਰਾਰ ਰਹਿੰਦੀ ਹੈ।

ਇਸ ਦੌਰਾਨ ਕਿਸਾਨਾਂ ਨੂੰ ਵੱਖ-ਵੱਖ ਖੇਤੀ ਮਸ਼ੀਨਰੀ ਜਿਵੇਂ ਕਿ ਸੁਪਰ ਸੀਡਰ, ਹੈਪੀ ਸੀਡਰ, ਮਲਚਰ ਅਤੇ ਹੋਰ ਇਨ-ਸੀਟੂ ਪ੍ਰਬੰਧਨ ਵਾਲੇ ਸੰਦਾਂ ਦੀ ਵਰਤੋਂ ਸਬੰਧੀ ਵੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਨੂੰ ਦੱਸਿਆ ਗਿਆ ਕਿ ਇਨ੍ਹਾਂ ਸੰਦਾਂ ਰਾਹੀਂ ਪਰਾਲੀ ਦਾ ਖੇਤਾਂ ਵਿੱਚ ਹੀ ਪ੍ਰਬੰਧਨ ਕਰਕੇ ਅਗਲੀ ਫ਼ਸਲ ਦੀ ਬਿਜਾਈ ਸੁਚੱਜੇ ਢੰਗ ਨਾਲ ਕੀਤੀ ਜਾ ਸਕਦੀ ਹੈ।

ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਪਰਾਲੀ ਨੂੰ ਅੱਗ ਲਗਾਉਣ ਦੀ ਬਜਾਏ ਆਧੁਨਿਕ ਖੇਤੀ ਤਕਨੀਕਾਂ ਅਤੇ ਸੁਸਾਇਟੀ ਵਿੱਚ ਉਪਲਬਧ ਖੇਤੀ ਸੰਦਾਂ ਦਾ ਲਾਭ ਲੈਣ ਅਤੇ ਵਾਤਾਵਰਣ ਦੀ ਸੰਭਾਲ ਵਿੱਚ ਆਪਣਾ ਯੋਗਦਾਨ ਪਾਉਣ। ਕਿਸਾਨਾਂ ਦੇ ਸਹਿਯੋਗ ਨਾਲ ਹੀ ਪਰਾਲੀ ਸਾੜਨ ਦੀ ਸਮੱਸਿਆ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਰੋਕਿਆ ਜਾ ਸਕਦਾ ਹੈ ਅਤੇ ਵਾਤਾਵਰਣ ਨੂੰ ਸਾਫ਼-ਸੁਥਰਾ ਰੱਖਿਆ ਜਾ ਸਕਦਾ ਹੈ।

ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਵਾਲੇ ਦਿਨ ਵਿਸ਼ਾਲ ਰੋਸ ਵਿਖਾਵਾ ਕਰਾਂਗੇ : ਗਿਆਨੀ ਹਰਪ੍ਰੀਤ ਸਿੰਘ

ਲੁਧਿਆਣਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਲੁਧਿਆਣਾ ਵਿੱਚ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਇੱਕ ਵਿਸ਼ੇਸ਼ ਅਤੇ ਹੰਗਾਮੀ ਮੀਟਿੰਗ ਤੋਂ ਬਾਅਦ ਜਥੇਦਾਰ ਗਿਆਨੀ ਹਰਪ੍ਰੀਤ ਸਿੰਘ ਨੇ ਵਿਸ਼ਾਲ ਵਰਕਰਾਂ ਅਤੇ ਮੀਡੀਆ ਨੂੰ ਸੰਬੋਧਨ ਕਰਦਿਆਂ ਪਾਰਟੀ ਦੇ ਭਵਿੱਖੀ ਏਜੰਡੇ ਅਤੇ ਪੰਥਕ ਮੁੱਦਿਆਂ 'ਤੇ ਵੱਡੇ ਐਲਾਨ ਕੀਤੇ ਹਨ। ਗਿਆਨੀ ਹਰਪ੍ਰੀਤ ਸਿੰਘ ਨੇ ਸਪੱਸ਼ਟ ਕੀਤਾ ਕਿ ਪਾਰਟੀ ਦੀ ਰਜਿਸਟ੍ਰੇਸ਼ਨ ਜਲਦ ਹੀ ਮੁਕੰਮਲ ਹੋ ਜਾਵੇਗੀ। ਉਨ੍ਹਾਂ ਕਿਹਾ ਕਿ ਜੇਕਰ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸਰਕਾਰ ਨਾ ਵੀ ਬਣੀ, ਤਾਂ 2029 ਵਿੱਚ ਪੰਜਾਬ ਅੰਦਰ ਸ਼੍ਰੋਮਣੀ ਅਕਾਲੀ ਦਲ (ਪੁਨਰ ਸੁਰਜੀਤ) ਦੀ ਸਰਕਾਰ ਜ਼ਰੂਰ ਬਣੇਗੀ, ਕਿਉਂਕਿ ਮੌਜੂਦਾ ਬਿਨਾਂ ਜੜ੍ਹਾਂ ਵਾਲੀ ਲੀਡਰਸ਼ਿਪ 2027 ਤੋਂ ਬਾਅਦ ਪੂਰੀ ਤਰ੍ਹਾਂ ਖ਼ਤਮ ਹੋ ਜਾਵੇਗੀ।

ਮੀਟਿੰਗ ਦੌਰਾਨ ਗਿਆਨੀ ਹਰਪ੍ਰੀਤ ਸਿੰਘ ਨੇ ਐੱਸ.ਜੀ.ਪੀ.ਸੀ. (SGPC) ਦੀਆਂ ਚੋਣਾਂ ਦੀ ਪੁਰਜ਼ੋਰ ਮੰਗ ਕਰਦਿਆਂ ਐਲਾਨ ਕੀਤਾ ਕਿ ਸ਼੍ਰੋਮਣੀ ਕਮੇਟੀ ਦੇ ਜਨਰਲ ਇਜਲਾਸ ਵਾਲੇ ਦਿਨ ਉਹ ਦਿੱਲੀ ਵਿਖੇ ਜਾ ਕੇ ਵਿਸ਼ਾਲ ਰੋਸ ਵਿਖਾਵਾ ਕਰਨਗੇ। ਉਨ੍ਹਾਂ ਭਾਜਪਾ (BJP) ਨਾਲ ਕਿਸੇ ਵੀ ਤਰ੍ਹਾਂ ਦੇ ਰਾਜਨੀਤਿਕ ਸਮਝੌਤੇ ਦੀਆਂ ਅਫ਼ਵਾਹਾਂ ਨੂੰ ਸਿਰੇ ਤੋਂ ਖਾਰਜ ਕਰਦਿਆਂ ਕਿਹਾ ਕਿ ਸਾਡੀ ਗੱਲਬਾਤ ਸਿਰਫ਼ ਪੰਥਕ ਅਤੇ ਪੰਜਾਬ ਦੇ ਮੁੱਦਿਆਂ 'ਤੇ ਸੀ, ਨਾ ਕਿ ਸਿਆਸੀ ਭਾਈਵਾਲੀ ਲਈ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੋ ਲੋਕ ਸਿੱਖ ਨੌਜਵਾਨਾਂ ਦੇ ਕਤਲਾਂ ਅਤੇ ਪੰਥਕ ਨੁਕਸਾਨ ਲਈ ਜ਼ਿੰਮੇਵਾਰ ਹਨ, ਉਨ੍ਹਾਂ ਨੂੰ ਮੁੜ ਸਰਗਰਮ ਕਰਨ ਲਈ ਜੇਕਰ ਭਾਜਪਾ ਨੇ ਕੋਈ ਚਾਲ ਚੱਲੀ ਤਾਂ ਉਸ ਦਾ ਤਿੱਖਾ ਵਿਰੋਧ ਕੀਤਾ ਜਾਵੇਗਾ।

ਅਕਾਲ ਤਖ਼ਤ ਸਾਹਿਬ ਦੀ ਅਜ਼ਮਤ ਦਾ ਹਵਾਲਾ ਦਿੰਦਿਆਂ ਗਿਆਨੀ ਹਰਪ੍ਰੀਤ ਸਿੰਘ ਨੇ ਕਿਹਾ ਕਿ ਜਿਨ੍ਹਾਂ ਆਗੂਆਂ ਨੇ ਸ੍ਰੀ ਅਕਾਲ ਤਖ਼ਤ ਸਾਹਿਬ 'ਤੇ ਜਾ ਕੇ ਝੂਠ ਬੋਲਿਆ ਅਤੇ ਤਖ਼ਤ ਸਾਹਿਬ ਦੀ ਮਰਿਆਦਾ ਨੂੰ ਪਿੱਠ ਦਿਖਾਈ, ਉਨ੍ਹਾਂ ਨੂੰ ਪੰਥ ਅਤੇ ਗੁਰੂ ਕਦੇ ਮਾਫ਼ ਨਹੀਂ ਕਰੇਗਾ। ਉਨ੍ਹਾਂ ਸੁਖਬੀਰ ਸਿੰਘ ਬਾਦਲ ਅਤੇ ਚੰਦੂਮਾਜਰਾ ਸਮੇਤ ਹੋਰਨਾਂ ਆਗੂਆਂ 'ਤੇ ਅਕਾਲ ਤਖ਼ਤ ਸਾਹਿਬ ਨੂੰ ਆਪਣੀ ਗੰਦੀ ਰਾਜਨੀਤੀ ਲਈ ਵਰਤਣ ਦੇ ਦੋਸ਼ ਲਗਾਏ। ਇਸ ਮੌਕੇ ਪਰਮਿੰਦਰ ਸਿੰਘ ਢੀਂਡਸਾ, ਸਰਦਾਰ ਰਵੀਇੰਦਰ ਸਿੰਘ, ਚਰਨਜੀਤ ਸਿੰਘ ਅਤੇ ਗਿਆਨੀ ਹਰਦੀਪ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਸੀਨੀਅਰ ਲੀਡਰਸ਼ਿਪ ਅਤੇ ਸੰਗਤ ਹਾਜ਼ਰ ਸੀ।

ਵਿਧਾਨ ਸਭਾ ਚੋਣਾਂ-2027: ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਅੱਜ ਤੋਂ ਈਵੀਐਮਜ਼ ਅਤੇ ਵੀਵੀਪੀਏਟੀ ਮਸ਼ੀਨਾਂ ਦੀ ਕੀਤੀ ਜਾਵੇਗੀ ਫਸਟ ਲੈਵਲ ਚੈਕਿੰਗ

ਸੀਈਓ ਅਨਿੰਦਿਤਾ ਮਿਤਰਾ ਵੱਲੋਂ ਸਿਆਸੀ ਪਾਰਟੀਆਂ ਨੂੰ ਫਸਟ ਲੈਵਲ ਚੈਕਿੰਗ ਦੌਰਾਨ ਆਪਣੇ ਨੁਮਾਇੰਦੇ ਅਧਿਕਾਰਤ ਕਰਨ ਦੀ ਅਪੀਲ

ਸੰਗਰੂਰ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿਧਾਨ ਸਭਾ ਦੀਆਂ ਆਮ ਚੋਣਾਂ-2027 ਦੇ ਮੱਦੇਨਜ਼ਰ, ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਿਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਸਟ ਲੈਵਲ ਚੈਕਿੰਗ (ਐਫਐਲਸੀ) ਅੱਜ ਤੋਂ ਸ਼ੁਰੂ ਹੋਵੇਗੀ।
ਪੰਜਾਬ ਦੇ ਮੁੱਖ ਚੋਣ ਅਫ਼ਸਰ, ਸ੍ਰੀਮਤੀ ਅਨਿੰਦਿਤਾ ਮਿਤਰਾ, ਆਈ.ਏ.ਐਸ. ਦੱਸਿਆਈ ਕਿ ਈਵੀਐਮਜ਼ ਅਤੇ ਵੀਵੀਪੀਏਟੀ ਦੀ ਇਹ ਫਸਟ ਲੈਵਲ ਚੈਕਿੰਗ ਭਾਰਤੀ ਚੋਣ ਕਮਿਸ਼ਨ (ਈਸੀਆਈ) ਦੁਆਰਾ ਨਿਰਧਾਰਤ ਇੱਕ ਲਾਜ਼ਮੀ ਪ੍ਰਕਿਰਿਆ ਹੈ। ਇਸ ਦਾ ਉਦੇਸ਼ ਇਹ ਯਕੀਨੀ ਬਣਾਉਣਾ ਹੈ ਕਿ ਚੋਣਾਂ ਦੌਰਾਨ ਸਿਰਫ਼ ਪੂਰੀ ਤਰ੍ਹਾਂ ਕਾਰਜਸ਼ੀਲ ਅਤੇ ਚੋਣਾਂ ਲਈ ਤਿਆਰ ਮਸ਼ੀਨਾਂ ਦੀ ਹੀ ਵਰਤੋਂ ਕੀਤੀ ਜਾਵੇ।

ਉਨ੍ਹਾਂ ਕਿਹਾ ਕਿ ਭਾਰਤੀ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਆਮ ਚੋਣਾਂ ਅਤੇ ਜ਼ਿਮਨੀ ਚੋਣਾਂ ਵਿੱਚ ਵਰਤੀਆਂ ਜਾਣ ਵਾਲੀਆਂ ਈਵੀਐਮਜ਼ ਅਤੇ ਵੀਵੀਪੀਏਟੀ ਦੀ ਫਸਟ ਲੈਵਲ ਚੈਕਿੰਗ ਜ਼ਿਲ੍ਹਾ ਚੋਣ ਅਧਿਕਾਰੀ ਦੀ ਨਿਗਰਾਨੀ ਹੇਠ ਭਾਰਤ ਇਲੈਕਟ੍ਰਾਨਿਕਸ ਲਿਮਟਿਡ (ਬੀਈਐਲ) ਦੇ ਅਧਿਕਾਰਤ ਇੰਜੀਨੀਅਰਾਂ ਦੁਆਰਾ ਕੀਤੀ ਜਾਂਦੀ ਹੈ।



ਸੀਈਓ ਨੇ ਕਿਹਾ ਕਿ ਫਸਟ ਲੈਵਲ ਚੈਕਿੰਗ ਵਿੱਚ ਦਰੁਸਤ ਪਾਈਆਂ ਜਾਣ ਵਾਲੀਆਂ ਈਵੀਐਮ ਅਤੇ ਵੀਵੀਪੀਏਟੀ ਮਸ਼ੀਨਾਂ ਨੂੰ ਵਿਧਾਨ ਸਭਾ ਚੋਣਾਂ ਵਿੱਚ ਵਰਤਿਆ ਜਾਵੇਗਾ। ਫਸਟ ਲੈਵਲ ਚੈਕਿੰਗ ਲਈ ਵਿਸਥਾਰਕ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਕੀਤੀ ਜਾਵੇਗੀ।

ਇਹ ਪ੍ਰਕਿਰਿਆ ਭਾਰਤੀ ਚੋਣ ਕਮਿਸ਼ਨ ਦੀਆਂ ਮੌਜੂਦਾ ਹਦਾਇਤਾਂ ਅਨੁਸਾਰ ਨੇਪਰੇ ਚਾੜ੍ਹੀ ਜਾਵੇਗੀ। ਫਸਟ ਲੈਵਲ ਚੈਕਿੰਗ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਵਿਵਸਥਿਤ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਲੋੜੀਂਦੇ ਪ੍ਰਬੰਧ ਕਰ ਲਏ ਗਏ ਹਨ।

ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਐਫਐਲਸੀ ਪ੍ਰਕਿਰਿਆ ਸਬੰਧਿਤ ਜ਼ਿਲ੍ਹਾ ਚੋਣ ਅਫ਼ਸਰਾਂ ਦੀ ਦੇਖ-ਰੇਖ ਅਧੀਨ ਕਰਵਾਈ ਜਾਵੇਗੀ ਅਤੇ ਇਸ ਦੀ ਨਿਗਰਾਨੀ ਮੁੱਖ ਚੋਣ ਅਫ਼ਸਰ, ਪੰਜਾਬ ਦੇ ਨਾਲ-ਨਾਲ ਭਾਰਤ ਚੋਣ ਕਮਿਸ਼ਨ ਦੇ ਪੱਧਰ 'ਤੇ ਕੀਤੀ ਜਾਵੇਗੀ।

ਮੁੱਖ ਚੋਣ ਅਫ਼ਸਰ ਨੇ ਅੱਗੇ ਦੱਸਿਆ ਕਿ ਸਮੁੱਚੀ ਪ੍ਰਕਿਰਿਆ ਦੌਰਾਨ ਮੁਕੰਮਲ ਪਾਰਦਰਸ਼ਤਾ ਅਤੇ ਜਵਾਬਦੇਹੀ ਯਕੀਨੀ ਬਣਾਉਣ ਲਈ ਸਾਰੇ 23 ਸਥਾਨਾਂ 'ਤੇ ਪੂਰੀ ਐਫਐਲਸੀ ਪ੍ਰਕਿਰਿਆ ਦੀ ਲਾਈਵ ਵੈੱਬਕਾਸਟਿੰਗ ਕੀਤੀ ਜਾਵੇਗੀ। ਹਰੇਕ ਜ਼ਿਲ੍ਹਾ ਹੈੱਡਕੁਆਰਟਰ 'ਤੇ ਦੋ ਡਿਸਪਲੇਅ ਸਕ੍ਰੀਨਾਂ (ਇੱਕ ਐਫਐਲਸੀ ਸਾਈਟ 'ਤੇ ਅਤੇ ਦੂਜੀ ਸਬੰਧਿਤ ਡੀ.ਸੀ. ਦਫ਼ਤਰਾਂ 'ਚ) ਲਗਾਈਆਂ ਗਈਆਂ ਹਨ ਤਾਂ ਜੋ ਨੁਮਾਇੰਦੇ ਕਾਰਵਾਈ ਨੂੰ ਨੇੜਿਓਂ ਦੇਖ ਸਕਣ।

ਮੁੱਖ ਚੋਣ ਅਫ਼ਸਰ (ਸੀਈਓ) ਹੈੱਡਕੁਆਰਟਰ 'ਤੇ ਸਮੁੱਚੀ ਪ੍ਰਕਿਰਿਆ ਨੂੰ ਲਾਈਵ ਦੇਖਣ ਲਈ ਵਿਸ਼ੇਸ਼ ਸਕ੍ਰੀਨਾਂ ਲਗਾਈਆਂ ਗਈਆਂ ਹਨ। ਇਸ ਤੋਂ ਇਲਾਵਾ, ਭਾਰਤ ਚੋਣ ਕਮਿਸ਼ਨ ਨੇ ਇਹਨਾਂ ਕਾਰਜਾਂ ਦੀ ਦੇਖ-ਰੇਖ ਲਈ ਓਬਜ਼ਰਵਰ ਲਗਾਏ ਗਏ ਹਨ।

ਮੁੱਖ ਚੋਣ ਅਫ਼ਸਰ ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਸਾਰੀਆਂ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਨੁਮਾਇੰਦਿਆਂ ਨੂੰ ਇਲੈਕਟ੍ਰਾਨਿਕ ਵੋਟਿੰਗ ਮਸ਼ੀਨਾਂ (ਈਵੀਐਮਜ਼) ਅਤੇ ਵੋਟਰ ਵੈਰੀਫਾਈਏਬਲ ਪੇਪਰ ਆਡਿਟ ਟ੍ਰੇਲ (ਵੀਵੀਪੀਏਟੀ) ਮਸ਼ੀਨਾਂ ਦੀ ਫਰਸਟ ਲੈਵਲ ਚੈਕਿੰਗ (ਐਫਐਲਸੀ)) ਦੌਰਾਨ ਮੌਜੂਦ ਰਹਿਣ ਲਈ ਅਧਿਕਾਰਤ ਕਰਨ। ਉਨ੍ਹਾਂ ਅੱਗੇ ਕਿਹਾ ਕਿ ਐਫਐਲਸੀ ਪ੍ਰਕਿਰਿਆ ਦੌਰਾਨ ਸਿਆਸੀ ਪਾਰਟੀਆਂ ਦੇ ਨੁਮਾਇੰਦਿਆਂ ਦੀ ਮੌਜੂਦਗੀ ਪਾਰਦਰਸ਼ਤਾ ਨੂੰ ਹੋਰ ਮਜ਼ਬੂਤ ਕਰੇਗੀ, ਭਾਈਵਾਲਾਂ ਵਿੱਚ ਵਿਸ਼ਵਾਸ ਪੈਦਾ ਕਰੇਗੀ ਅਤੇ ਸਮੁੱਚੀ ਪ੍ਰਕਿਰਿਆ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਨਿਰਪੱਖ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨਾ ਯਕੀਨੀ ਬਣਾਏਗੀ।

ਪੀ ਐਮ ਸ਼੍ਰੀ ਗੌ. ਸ.ਸ.ਸ.ਸ.(ਮੁੰਡੇ) ਵਿਖੇ ਉਰਦੂ ਡੇ ਮਨਾਇਆ



ਮਲੇਰਕੋਟਲਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸਥਾਨਕ ਵਿਦਿਆਕ ਸੰਸਥਾ ਪੀਐਮ ਸ਼੍ਰੀ ਗੌਰਮਿੰਟ ਸੀਨੀਅਰ ਸੈਕੰਡਰੀ ਸਮਾਰਟ ਸਕੂਲ (ਮੁੰਡੇ)ਦਿੱਲੀ ਗੇਟ ਮਲੇਰਕੋਟਲਾ ਵਿਖੇ ਅੰਤਰਰਾਸ਼ਟਰੀ ਉਰਦੂ ਦਿਵਸ ਮਨਾਇਆ ਗਿਆ । ਸ਼ਾਇਰ- ਏ -ਮਸ਼ਰਿਕ ਡਾਕਟਰ ਅੱਲਾਮਾ ਇਕਬਾਲ ਦੇ ਜਨਮ ਦਿਨ ਨੂੰ ਸਮਰਪਿਤ ਇਸ ਦਿਹਾੜੇ ਸੰਸਾਰ ਭਰ ਵਿੱਚ ਵੱਸਦੇ ਉਰਦੂ ਨੂੰ ਮੁਹੱਬਤ ਕਰਨ ਵਾਲੇ ਲੋਕ ਵੱਖ ਵੱਖ ਪ੍ਰੋਗਰਾਮਾਂ ਦਾ ਆਯੋਜਨ ਕਰਦੇ ਹਨ ਅੱਜ ਦੇ ਇਸ ਪ੍ਰੋਗਰਾਮ ਦੀ ਸ਼ੁਰੂਆਤ ਦੁਆ ਨਾਲ ਹੋਈ ਇਸ ਤੋਂ ਬਾਅਦ ਜ਼ੁਬੈਰ ਅੱਬਾਸ ਪੁੱਤਰ ਸ੍ਰੀ ਜ਼ੁਲਫ਼ਕਾਰ ਅਲੀ (ਨੌਵੀਂ ਏ) ਨੇ ਅੱਲਾਮਾ ਇਕਬਾਲ ਦੀ ਇੱਕ ਪ੍ਰੇਰਨਾ ਦਾਇਕ ਨਜ਼ਮ ÷ਕਭੀ ਸਹਿਰਾ ਕਭੀ ਗੁਲਜ਼ਾਰ ਹੈ ਮਸਕਨ ਮੇਰਾ÷ ਆਪਣੀ ਖ਼ੂਬਸੂਰਤ ਆਵਾਜ਼ ਵਿੱਚ ਪੇਸ਼ ਕੀਤੀ ।ਇਸ ਤੋਂ ਬਾਅਦ ਸਕੂਲ ਦੇ ਉਰਦੂ ਮਾਸਟਰ ਅਰਸ਼ਦ ਸ਼ਰੀਫ਼ ਨੇ ਅੱਲਾਮਾ ਇਕਬਾਲ ਦੀਆਂ ਸਾਹਿਤਿਕ ਸੇਵਾਵਾਂ ਅਤੇ ਉਹਨਾਂ ਦੀ ਸਾਹਿਤ ਨੂੰ ਦੋ ਬਹੁਤ ਹੀ ਸ਼ਲਾਘਾਯੋਗ ਦੇਣ ਹੈ ਉਸ ਦਾ ਜ਼ਿਕਰ ਕਰਦਿਆਂ ਕਿਹਾ ÷ਇਕਬਾਲ ਦੀ ਸ਼ਾਇਰੀ ਨੇ ਸੁੱਤੇ ਪਏ ਲੋਕਾਂ ਨੂੰ ਜਗਾਉਣ ਦਾ ਕੰਮ ਕੀਤਾ । ਉਹਨਾਂ ਨੇ ਪੂਰੀ ਮਾਨਵਤਾ ਨੂੰ ਆਪਣੀ ਕਾਵਿ ਸੇਵਾ ਦੁਆਰਾ ਮੋਤੀਆਂ ਵਾਂਗ ਪਰੋਣ ਦਾ ਕੰਮ ਕੀਤਾ ।ਉਹਨਾਂ ਦੀ ਸ਼ਾਇਰੀ ਦਾ ਕੇਂਦਰ ਬਿੰਦੂ ਪੰਛੀਆਂ ਦਾ ਸਰਦਾਰ ਬਾਜ਼ ਹੈ ।ਉਹਨਾਂ ਨੇ ਆਪਣੀ ਜਾਨਦਾਰ ਸ਼ਾਇਰੀ ਦੁਆਰਾ ਨੌਜਵਾਨਾਂ ਨੂੰ ਬਾਜ਼ ਜਿਹਾਂ ਸਿਫਤਾਂ ਅਪਨਾਉਣ ਦਾ ਸੰਦੇਸ਼ ਦਿੱਤਾ।ਉਹਨਾਂ ਨੇ ਸਮੂਹ ਹਿੰਦੁਸਤਾਨੀਆਂ ਨੂੰ ਆਜ਼ਾਦੀ ਦਾ ਸੰਘਰਸ਼ ਤੇਜ਼ ਕਰਨ ਦੀ ਪ੍ਰੇਰਨਾ ਦਿੱਤੀ ਉਹਨਾਂ ਅਨੁਸਾਰ ਗ਼ੁਲਾਮੀ ਦੀ ਜ਼ਿੰਦਗੀ ਤੋਂ ਨਿਜਾਤ ਹਾਸਿਲ ਕਰਨ ਲਈ ਸਮੂਹ ਭਾਰਤ ਵਾਸੀਆਂ ਨੂੰ ਇੱਕਜੁੱਟ ਹੋ ਕੇ ਮੁਹਿੰਮ ਵਿੱਢਣ ਦੀ ਸਿੱਖਿਆ ਦਿੱਤੀ। ਇਕਬਾਲ ਦਾ ਤਰਾਨਾ ਸਾਰੇ ਜਹਾਂ ਸੇ ਅੱਛਾ ਹਿੰਦੁਸਤਾਨ ਹਮਾਰਾ ਅੱਜ ਵੀ ਹਰ ਪ੍ਰੋਗਰਾਮ ਦੀ ਜ਼ੀਨਤ ਬਣਿਆ ਹੋਇਆ ਹੈ। ਉਨਾਂ ਨੇ ਸ੍ਰੀ ਰਾਮ ਚੰਦਰ ਜੀ ਦੇ ਆਦਰਸ਼ ਚਰਿੱਤਰ ਨੂੰ ਦਰਸਾਉਂਦੀ ਕਵਿਤਾ ਰਾਮ ਲਿਖੀ ਇਸੇ ਤਰ੍ਹਾਂ ਸ੍ਰੀ ਗੁਰੂ ਨਾਨਕ ਦੇਵ ਜੀ ਨੇ ਜੋ ਇੱਕ ਈਸ਼ਵਰ ਦੀ ਆਗਿਆਕਾਰੀ ਦਾ ਸੰਦੇਸ਼ ਦਿੱਤਾ ਉਸ ਨੂੰ ਪ੍ਰਸਤੁਤ ਕਰਦੀ ਹੋਈ ਇੱਕ ਕਵਿਤਾ ਰਚੀ ਜਿਸ ਦੇ ਅਖੀਰ ਵਿੱਚ ਇੱਕ ਬੜਾ ਜ਼ਬਰਦਸਤ ਸ਼ਿਅਰ ਹੈ: ਫਿਰ ਉਠੀ ਆਖ਼ਿਰ ਸਦਾ ਤੌਹੀਦ ਕੀ ਪੰਜਾਬ ਸੇ , ਹਿੰਦ ਕੋ ਇਕ ਮਰਦ-ਏ - ਕਾਮਿਲ ਨੇ ਜਗਾਇਆ ਖ਼ਾਬ ਸੇ। ÷ ਮੰਚ ਦਾ ਸੰਚਾਲਨ ਮੈਡਮ ਮੋਨਿਕਾ ਬੰਸਲ ਅਤੇ ਮੈਡਮ ਰਜਨੀ ਬਾਲਾ ਨੇ ਬੜਾ ਸੁਚੱਜੇ ਢੰਗ ਨਾਲ ਕੀਤਾ ਇਸ ਮੌਕੇ ਸਮੂਹ ਸਟਾਫ ਵੱਲੋਂ ਜ਼ੁਬੈਰ ਅੱਬਾਸ ਨੂੰ ਸਨਮਾਨਿਤ ਕੀਤਾ ਗਿਆ।

ਪ੍ਰਿੰਸੀਪਲ ਸ੍ਰੀ ਹਰਜਿੰਦਰ ਸਿੰਘ ਨੇ ਇਸ ਮੌਕੇ ਸਾਰਿਆਂ ਨੂੰ ਉਰਦੂ ਦਿਵਸ ਦੀ ਮੁਬਾਰਕਬਾਦ ਦਿੰਦਿਆਂ ਕਿਹਾ ਡਾ: ਅੱਲਾਮਾ ਇਕਬਾਲ ਵਾਕਈ ਉਰਦੂ ਦੇ ਸਭ ਤੋਂ ਵੱਡੇ ਕਵੀ ਹੋਏ ਹਨ । ਉਨਾਂ ਦਾ ਫਾਰਸੀ ਕਲਾਮ ਵੀ ਬੜਾ ਜਾਨਦਾਰ ਅਤੇ ਪ੍ਰੇਰਨਾਦਾਇਕ ਹੈ ਉਹਨਾਂ ਨੇ ਇੱਕ ਆਦਰਸ਼ ਸਮਾਜ ਦੀ ਸਿਰਜਣਾ ਲਈ ਅਜਿਹੇ ਦਿਸ਼ਾ ਨਿਰਦੇਸ਼ ਦਿੱਤੇ ਕਿ ਅੱਜ ਵੀ ਉਹਨਾਂ ਦੇ ਸ਼ੇਅਰ ਉਹਨਾਂ ਦੀਆਂ ਕਵਿਤਾਵਾਂ ਸਕੂਲਾਂ ਕਾਲਜਾਂ ਵਿੱਚ ਪੜ੍ਹਾਈਆਂ ਜਾਂਦੀਆਂ ਹਨ ਉਹਨਾਂ ਦੀ ਸ਼ਾਇਰੀ ਗ਼ਫ਼ਲਤ ਅਤੇ ਦਲਿੱਦਰ ਤਿਆਗ ਕੇ ਸੰਘਰਸ਼ਸ਼ੀਲ ਹੋਣ ਦੀ ਪ੍ਰੇਰਨਾ ਦਿੰਦੀ ਹੈ।

ਮੈਰਿਟ ਦੇ ਆਧਾਰ 'ਤੇ ਮਿਲੇਗੀ ਟਿਕਟ : ਪਰਗਟ ਸਿੰਘ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਕਾਂਗਰਸ ਨੇ ਆਪਣੀਆਂ ਤਿਆਰੀਆਂ ਤੇਜ਼ ਕਰ ਦਿੱਤੀਆਂ ਹਨ। ਪਾਰਟੀ ਵੱਲੋਂ ਜਿੱਥੇ ਵੱਖ-ਵੱਖ ਵਰਗਾਂ ਨਾਲ ਮੀਟਿੰਗਾਂ ਕਰਕੇ ਉਨ੍ਹਾਂ ਦੀ ਰਾਏ ਲਈ ਜਾ ਰਹੀ ਹੈ, ਉੱਥੇ ਹੀ ਚੋਣ ਮੈਨੀਫੈਸਟੋ ਨੂੰ ਲੈ ਕੇ ਵੀ ਵਿਚਾਰ-ਵਟਾਂਦਰੇ ਦਾ ਦੌਰ ਜਾਰੀ ਹੈ। ਪੰਜਾਬ ਕਾਂਗਰਸ ਦੇ ਪ੍ਰਧਾਨ ਪਰਗਟ ਸਿੰਘ ਨੇ ਕਿਹਾ ਕਿ ਪਾਰਟੀ ਦਾ ਮਕਸਦ ਅਜਿਹਾ ਮੈਨੀਫੈਸਟੋ ਤਿਆਰ ਕਰਨਾ ਹੈ, ਜਿਸ ਵਿੱਚ ਹਰ ਵਰਗ ਅਤੇ ਹਰ ਉਮਰ ਦੇ ਲੋਕਾਂ ਦੀਆਂ ਸਮੱਸਿਆਵਾਂ ਨੂੰ ਜਗ੍ਹਾ ਦਿੱਤੀ ਜਾਵੇ।

ਉਨ੍ਹਾਂ ਦੱਸਿਆ ਕਿ ਕਿਸਾਨਾਂ, ਉਦਯੋਗਪਤੀਆਂ, ਮਾਹਿਰਾਂ ਅਤੇ ਵੱਖ-ਵੱਖ ਖੇਤਰਾਂ ਨਾਲ ਜੁੜੇ ਲੋਕਾਂ ਦੀ ਰਾਏ ਲਈ ਜਾ ਰਹੀ ਹੈ। ਇਨ੍ਹਾਂ ਦੇ ਤਜਰਬਿਆਂ ਅਤੇ ਸੁਝਾਵਾਂ ਦੇ ਆਧਾਰ 'ਤੇ ਮੈਨੀਫੈਸਟੋ ਵਿੱਚ ਅਜਿਹੀਆਂ ਨੀਤੀਆਂ ਸ਼ਾਮਲ ਕੀਤੀਆਂ ਜਾਣਗੀਆਂ, ਜੋ ਪੰਜਾਬ ਦੇ ਭਵਿੱਖ ਲਈ ਲਾਹੇਵੰਦ ਹੋਣ।



ਕਿਸਾਨਾਂ ਲਈ ਵਿਸ਼ੇਸ਼ ਪੈਕੇਜ ਅਤੇ ਕਰਜ਼ੇ ਤੋਂ ਰਾਹਤ ਦੀ ਯੋਜਨਾ

ਕਿਸਾਨੀ ਦੇ ਮੁੱਦੇ 'ਤੇ ਗੱਲ ਕਰਦਿਆਂ ਪਰਗਟ ਸਿੰਘ ਨੇ ਕਿਹਾ ਕਿ ਕਿਸਾਨੀ ਪੰਜਾਬ ਦੀ ਰੀੜ੍ਹ ਦੀ ਹੱਡੀ ਹੋਣ ਦੇ ਨਾਲ-ਨਾਲ ਸੂਬੇ ਦੇ ਸੱਭਿਆਚਾਰ ਦਾ ਵੀ ਅਹਿਮ ਹਿੱਸਾ ਹੈ। ਉਨ੍ਹਾਂ ਕਿਹਾ ਕਿ ਕਿਸਾਨਾਂ ਨਾਲ ਲਗਾਤਾਰ ਮੀਟਿੰਗਾਂ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਅਤੇ ਸੁਝਾਅ ਜਾਣੇ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਕਾਂਗਰਸ ਅਜਿਹਾ ਖੇਤੀਬਾੜੀ ਪੈਕੇਜ ਤਿਆਰ ਕਰਨ ਦੀ ਕੋਸ਼ਿਸ਼ ਕਰ ਰਹੀ ਹੈ, ਜਿਸ ਨਾਲ ਕਿਸਾਨਾਂ ਦਾ ਆਰਥਿਕ ਨੁਕਸਾਨ ਘਟਾਇਆ ਜਾ ਸਕੇ ਅਤੇ ਉਨ੍ਹਾਂ ਨੂੰ ਕਰਜ਼ੇ ਦੇ ਬੋਝ ਤੋਂ ਰਾਹਤ ਮਿਲੇ। ਉਨ੍ਹਾਂ ਇਹ ਵੀ ਕਿਹਾ ਕਿ ਖੇਤੀਬਾੜੀ ਦੇ ਪੈਟਰਨ ਵਿੱਚ ਬਦਲਾਅ ਅਤੇ ਕਿਸਾਨਾਂ ਦੀ ਆਮਦਨ ਵਧਾਉਣ ਵਰਗੇ ਮੁੱਦਿਆਂ 'ਤੇ ਵੀ ਵਿਚਾਰ ਕੀਤਾ ਜਾ ਰਿਹਾ ਹੈ।

ਪਰਗਟ ਸਿੰਘ ਨੇ ਸਵਾਮੀਨਾਥਨ ਕਮਿਸ਼ਨ ਦੀਆਂ ਸਿਫ਼ਾਰਸ਼ਾਂ ਦਾ ਜ਼ਿਕਰ ਕਰਦਿਆਂ ਭਾਜਪਾ ਸਰਕਾਰ ਨੂੰ ਘੇਰਿਆ। ਉਨ੍ਹਾਂ ਦੋਸ਼ ਲਾਇਆ ਕਿ ਕਾਂਗਰਸ ਵੱਲੋਂ ਸਵਾਮੀਨਾਥਨ ਰਿਪੋਰਟ ਦੀਆਂ 165 ਸਿਫ਼ਾਰਸ਼ਾਂ ਲਾਗੂ ਕੀਤੀਆਂ ਗਈਆਂ ਸਨ, ਜਦਕਿ ਭਾਜਪਾ ਸਰਕਾਰ ਨੇ ਇਸ ਦੀਆਂ ਸਿਫ਼ਾਰਸ਼ਾਂ ਨੂੰ ਲਾਗੂ ਕਰਨ ਲਈ ਕੋਈ ਠੋਸ ਕਦਮ ਨਹੀਂ ਚੁੱਕਿਆ।

ਉਮੀਦਵਾਰਾਂ ਦੀ ਪਹਿਲੀ ਸੂਚੀ ਜਲਦ, ਮੈਰਿਟ ਦੇ ਆਧਾਰ 'ਤੇ ਮਿਲਣਗੀਆਂ ਟਿਕਟਾਂ

2027 ਦੀਆਂ ਚੋਣਾਂ ਲਈ ਉਮੀਦਵਾਰਾਂ ਦੀ ਚੋਣ ਬਾਰੇ ਪੁੱਛੇ ਸਵਾਲ 'ਤੇ ਪਰਗਟ ਸਿੰਘ ਨੇ ਕਿਹਾ ਕਿ ਪਾਰਟੀ ਵਿੱਚ ਇਸ ਸਬੰਧੀ ਪ੍ਰਕਿਰਿਆ ਚੱਲ ਰਹੀ ਹੈ। ਵੱਖ-ਵੱਖ ਕਮੇਟੀਆਂ ਦੀਆਂ ਮੀਟਿੰਗਾਂ ਹੋ ਰਹੀਆਂ ਹਨ ਅਤੇ ਸਰਵੇ ਵੀ ਕਰਵਾਏ ਜਾ ਰਹੇ ਹਨ।

ਉਨ੍ਹਾਂ ਕਿਹਾ ਕਿ ਪਾਰਟੀ ਵਿੱਚ ਕਿਸੇ ਵੀ ਆਗੂ ਨੂੰ ਸਿਫ਼ਾਰਸ਼ ਦੇ ਆਧਾਰ 'ਤੇ ਨਹੀਂ, ਸਗੋਂ ਮੈਰਿਟ ਦੇ ਆਧਾਰ 'ਤੇ ਟਿਕਟ ਦਿੱਤੀ ਜਾਵੇਗੀ। ਉਮੀਦਵਾਰਾਂ ਦੀ ਚੋਣ ਵਿੱਚ ਨੌਜਵਾਨਾਂ ਦੇ ਨਾਲ ਤਜਰਬੇਕਾਰ ਆਗੂਆਂ ਨੂੰ ਵੀ ਮੌਕਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਹਰ ਉਮਰ ਅਤੇ ਹਰ ਵਰਗ ਦੀ ਨੁਮਾਇੰਦਗੀ ਯਕੀਨੀ ਬਣਾਉਣ ਦੀ ਕੋਸ਼ਿਸ਼ ਹੋਵੇਗੀ। ਪਰਗਟ ਸਿੰਘ ਨੇ ਉਮੀਦ ਜਤਾਈ ਕਿ ਪਾਰਟੀ ਜਲਦ ਹੀ ਪਹਿਲੇ ਪੜਾਅ ਦੀ ਉਮੀਦਵਾਰ ਸੂਚੀ ਜਾਰੀ ਕਰਨ ਦੀ ਕੋਸ਼ਿਸ਼ ਕਰੇਗੀ।

ਸੱਤ ਸੰਸਦ ਮੈਂਬਰਾਂ ਦੇ ਵਿਧਾਨ ਸਭਾ ਚੋਣ ਲੜਨ ਬਾਰੇ ਫ਼ੈਸਲਾ ਪਾਰਟੀ ਕਰੇਗੀ

ਕਾਂਗਰਸ ਦੇ ਸੱਤ ਸੰਸਦ ਮੈਂਬਰਾਂ ਵੱਲੋਂ ਵਿਧਾਨ ਸਭਾ ਚੋਣਾਂ ਲੜਨ ਦੀ ਸੰਭਾਵਨਾ ਬਾਰੇ ਪੁੱਛੇ ਜਾਣ 'ਤੇ ਪਰਗਟ ਸਿੰਘ ਨੇ ਕਿਹਾ ਕਿ ਇਹ ਉਨ੍ਹਾਂ ਦਾ ਨਿੱਜੀ ਫ਼ੈਸਲਾ ਨਹੀਂ, ਸਗੋਂ ਪਾਰਟੀ ਹਾਈਕਮਾਂਡ ਵੱਲੋਂ ਲਿਆ ਜਾਣ ਵਾਲਾ ਫ਼ੈਸਲਾ ਹੈ। ਉਨ੍ਹਾਂ ਕਿਹਾ ਕਿ ਇਸ ਬਾਰੇ ਅੰਤਿਮ ਫ਼ੈਸਲਾ ਪਾਰਟੀ ਹੀ ਕਰੇਗੀ। ਪਰਗਟ ਸਿੰਘ ਨੇ ਕਿਹਾ ਕਿ ਮੈਨੀਫੈਸਟੋ ਵਿੱਚ ਉਦਯੋਗਪਤੀਆਂ ਦੀਆਂ ਸਮੱਸਿਆਵਾਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਕੀਤਾ ਜਾਵੇਗਾ। ਉਨ੍ਹਾਂ ਮੁਤਾਬਕ 300 ਯੂਨਿਟ ਮੁਫ਼ਤ ਬਿਜਲੀ ਦੀ ਯੋਜਨਾ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਸ ਦਾ ਵਿੱਤੀ ਬੋਝ ਉਦਯੋਗਿਕ ਖੇਤਰ 'ਤੇ ਵੀ ਪਿਆ ਹੈ। ਕਾਂਗਰਸ ਦੀ ਕੋਸ਼ਿਸ਼ ਹੋਵੇਗੀ ਕਿ ਉਦਯੋਗਾਂ ਦੀ ਬਿਜਲੀ ਲਾਗਤ ਘਟਾਈ ਜਾਵੇ, ਤਾਂ ਜੋ ਪੰਜਾਬ ਵਿੱਚ ਉਦਯੋਗਾਂ ਨੂੰ ਉਤਸ਼ਾਹਿਤ ਕੀਤਾ ਜਾ ਸਕੇ।

ਸੂਬੇ ’ਚ ਨਸ਼ੇ ਦਾ ਵਪਾਰ ਹਰ ਹਾਲ ਵਿਚ ਬੰਦ ਕਰਵਾਵਾਂਗੇ: ਹਰਸਿਮਰਤ ਕੌਰ ਬਾਦਲ

ਛੇਹਰਟਾ (ਅੰਮ੍ਰਿਤਸਰ), 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਵਿਧਾਨ ਸਭਾ ਹਲਕਾ ਅਟਾਰੀ ਵਿਚ ਸ਼੍ਰੋਮਣੀ ਅਕਾਲੀ ਦਲ (ਬ) ਵਲੋਂ ਨਸ਼ਿਆਂ ਖ਼ਿਲਾਫ਼ ਵਿੱਢੀ ਗਈ ਦੇਸ਼-ਵਿਆਪੀ ਮੁਹਿੰਮ ਤਹਿਤ ‘ਮਾਵਾਂ-ਧੀਆਂ ਦੀ ਲਲਕਾਰ, ਬੰਦ ਕਰਵਾਵਾਂਗੇ ਨਸ਼ੇ ਦਾ ਵਪਾਰ’ ਰੈਲੀ ਦਾ ਆਯੋਜਨ ਸਾਬਕਾ ਕੈਬਨਟ ਵਜ਼ੀਰ ਜਥੇ: ਗੁਲਜ਼ਾਰ ਸਿੰਘ ਰਣੀਕੇ, ਬੀਬੀ ਕੰਵਲਜੀਤ ਕੌਰ ਰਣੀਕੇ, ਗੁਰਿੰਦਰਪਾਲ ਸਿੰਘ ਲਾਲੀ ਰਣੀਕੇ ਤੇ ਬੀਬੀ ਹਰਸਿਮਰਤਪਾਲ ਕੌਰ ਰਣੀਕੇ ਦੀ ਅਗਵਾਈ ਵਿਚ ਕੀਤਾ ਗਿਆ। ਇਸ ਵਿਸ਼ਾਲ ਰੈਲੀ ਵਿਚ ਵਿਧਾਨ ਸਭਾ ਹਲਕਾ ਅਟਾਰੀ ਤੋਂ ਹਜ਼ਾਰਾਂ ਦੀ ਗਿਣਤੀ ਵਿਚ ਔਰਤਾਂ, ਮਾਵਾਂ ਅਤੇ ਧੀਆਂ ਨੇ ਸ਼ਮੂਲੀਅਤ ਕੀਤੀ।



ਰੈਲੀ ਨੂੰ ਮੁੱਖ ਤੌਰ ’ਤੇ ਸੰਬੋਧਨ ਕਰਨ ਪਹੁੰਚੇ ਸ਼੍ਰੋਮਣੀ ਅਕਾਲੀ ਦਲ (ਬ) ਦੇ ਸੀਨੀਅਰ ਆਗੂ ਅਤੇ ਸੰਸਦ ਮੈਂਬਰ ਬੀਬਾ ਹਰਸਿਮਰਤ ਕੌਰ ਬਾਦਲ ਨੇ ਆਮ ਆਦਮੀ ਪਾਰਟੀ ਦੀ ਪੰਜਾਬ ਸਰਕਾਰ ’ਤੇ ਤਿੱਖੇ ਸਿਆਸੀ ਹਮਲੇ ਕੀਤੇ। ਬੀਬੀ ਹਰਸਿਮਰਤ ਕੌਰ ਬਾਦਲ ਨੇ ਰੈਲੀ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਅੱਜ ਪੰਜਾਬ ਦੀ ਜਵਾਨੀ ਨਸ਼ਿਆਂ ਦੀ ਦਲਦਲ ਵਿਚ ਡੁੱਬ ਰਹੀ ਹੈ ਅਤੇ ਮਾਵਾਂ ਦੇ ਪੁੱਤ ਰੋਜ਼ਾਨਾ ਨਸ਼ੇ ਦੀ ਭੇਟ ਚੜ੍ਹ ਰਹੇ ਹਨ। ਉਨ੍ਹਾਂ ਦੋਸ਼ ਲਾਇਆ ਕਿ ਮੁੱਖ ਮੰਤਰੀ ਭਗਵੰਤ ਮਾਨ ਚਾਰ ਮਹੀਨਿਆਂ ਵਿਚ ਨਸ਼ਾ ਖ਼ਤਮ ਕਰਨ ਦੇ ਵੱਡੇ-ਵੱਡੇ ਵਾਅਦੇ ਕਰਕੇ ਸੱਤਾ ਵਿਚ ਆਏ ਸਨ, ਪਰ ਅੱਜ ਸੂਬੇ ਵਿਚ ਨਸ਼ਾ ਰੁਕਣ ਦੀ ਬਜਾਏ ਘਰ-ਘਰ ਤੱਕ ਪਹੁੰਚ ਚੁੱਕਾ ਹੈ।

ਉਨ੍ਹਾਂ ਕਿਹਾ ਕਿ ਸਰਕਾਰ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਵਿਚ ਬੁਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਬੀਬਾ ਹਰਸਿਮਰਤ ਕੌਰ ਬਾਦਲ ਨੇ ਪੰਜਾਬ ਦੀਆਂ ਔਰਤਾਂ ਨੂੰ ਅਪੀਲ ਕੀਤੀ ਕਿ ਆਪਣੀ ਜਵਾਨੀ ਅਤੇ ਪੰਜਾਬ ਦੇ ਭਵਿੱਖ ਨੂੰ ਬਚਾਉਣ ਲਈ ਔਰਤਾਂ ਨੂੰ ਖ਼ੁਦ ਅੱਗੇ ਆਉਣਾ ਪਵੇਗਾ। ਉਨ੍ਹਾਂ ਪਿੰਡਾਂ-ਪਿੰਡਾਂ ਵਿਚ ‘ਠੀਕਰੀ ਪਹਿਰੇ’ ਲਗਾਉਣ ਦਾ ਸੱਦਾ ਦਿੱਤਾ ਤਾਂ ਜੋ ਨਸ਼ਾ ਵੇਚਣ ਵਾਲਿਆਂ ਅਤੇ ਉਨ੍ਹਾਂ ਦੀ ਪਿੱਠ ਪੂਰਨ ਵਾਲੇ ਅਨਸਰਾਂ ਨੂੰ ਬੇਨਕਾਬ ਕੀਤਾ ਜਾ ਸਕੇ। ਬੀਬਾ ਬਾਦਲ ਨੇ ਵੱਡਾ ਐਲਾਨ ਕਰਦਿਆਂ ਕਿਹਾ ਕਿ ਜਦੋਂ ਵੀ ਪੰਜਾਬ ਵਿਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਸਰਕਾਰ ਬਣੇਗੀ, ਨਸ਼ਾ ਤਸਕਰਾਂ ਖ਼ਿਲਾਫ਼ ਬੇਹੱਦ ਸਖ਼ਤ ਕਾਨੂੰਨ ਲਿਆਂਦਾ ਜਾਵੇਗਾ। ਇਸ ਤਹਿਤ ਨਸ਼ੇ ਦੇ ਵਪਾਰੀਆਂ ਨੂੰ 10 ਸਾਲ ਤੱਕ ਜ਼ਮਾਨਤ ਨਹੀਂ ਮਿਲੇਗੀ ਤੇ ਉਨ੍ਹਾਂ ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ਜਾਣਗੀਆਂ।

ਇਸ ਤੋਂ ਇਲਾਵਾ, ਨਸ਼ਿਆਂ ਖ਼ਿਲਾਫ਼ ਕਾਰਵਾਈ ਲਈ ਇਕ ਵਿਸ਼ੇਸ਼ ਮਹਿਲਾ ਫੋਰਸ (‘ਮਾਈ ਭਾਗੋ ਫੌਜ’) ਬਣਾਈ ਜਾਵੇਗੀ, ਜਿਸਦੀ ਕਮਾਨ ਡੀ.ਜੀ.ਪੀ. ਰੈਂਕ ਦੀ ਮਹਿਲਾ ਪੁਲਿਸ ਅਧਿਕਾਰੀ ਦੇ ਹੱਥ ਹੋਵੇਗੀ। ਬੀਬਾ ਬਾਦਲ ਨੇ ਕਿਹਾ ਕਿ ਪਹਿਲੋਂ ਕਾਂਗਰਸ ਨੇ 80 ਦੇ ਦਹਾਕੇ ਵਿਚ ਗੋਲੀਆਂ ਦੇ ਨਾਲ ਪੰਜਾਬ ਦੀ ਨੌਜਵਾਨ ਪੀੜੀ ਖ਼ਤਮ ਕਰ ਦਿੱਤੀ ਸੀ ਤੇ ਹੁਣ ਆਪ ਸਰਕਾਰ ਨੇ ਨਸ਼ਿਆਂ ਦੀ ਗੋਲੀ ਨਾਲ ਨੌਜਵਾਨ ਪੀੜੀ ਨੂੰ ਖ਼ਤਮ ਕਰਨ ਵਿਚ ਕੋਈ ਕਸਰ ਨਹੀਂ ਛੱਡੀ ਹੈ। ਉਨ੍ਹਾਂ ਸਮੂਹ ਮਾਵਾਂ, ਭੈਣਾਂ ਤੇ ਧੀਆਂ ਨੂੰ ਅਪੀਲ ਕੀਤੀ ਕਿ ਉਹ 2027 ਵਿਚ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਵਿਚ ਸ਼੍ਰੋਮਣੀ ਅਕਾਲੀ ਦਲ (ਬ) ਦੀ ਸਰਕਾਰ ਬਣਾਉਣ ਤੇ ਸਰਕਾਰ ਬਣਨ ਤੋਂ ਬਾਅਦ ਤੁਰੰਤ ਪੰਜਾਬ ਵਿਚ ਨਸ਼ਿਆਂ ਤੇ ਗੈਂਗਸਟਰਾਂ ਦਾ ਖ਼ਾਤਮਾ ਕੀਤਾ ਜਾਵੇਗਾ। ਇਸ ਮੌਕੇ ਹਲਕੇ ਦੇ ਸਥਾਨਕ ਅਕਾਲੀ ਆਗੂਆਂ ਨੇ ਵੀ ਸਰਕਾਰ ’ਤੇ ਕਾਨੂੰਨ ਵਿਵਸਥਾ ਅਤੇ ਮਹਿਲਾਵਾਂ ਨਾਲ ਕੀਤੇ ਵਿੱਤੀ ਵਾਅਦਿਆਂ ਨੂੰ ਪੂਰਾ ਨਾ ਕਰਨ ਦੇ ਦੋਸ਼ ਲਗਾਏ। ਰੈਲੀ ਵਿਚ ਪਹੁੰਚੀਆਂ ਔਰਤਾਂ ਦੇ ਹੱਥਾਂ ਵਿਚ ਨਸ਼ਾ ਵਿਰੋਧੀ ਨਾਅਰਿਆਂ ਵਾਲੀਆਂ ਤਖ਼ਤੀਆਂ ਸਨ ਅਤੇ ਪੂਰਾ ਪੰਡਾਲ ‘ਮਾਵਾਂ-ਧੀਆਂ ਦੀ ਲਲਕਾਰ’ ਦੇ ਨਾਅਰਿਆਂ ਨਾਲ ਗੂੰਜ ਉੱਠਿਆ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਥੇ:ਮੰਗਵਿੰਦਰ ਸਿੰਘ ਖਾਪੜਖੇੜੀ, ਜ਼ਿਲ੍ਹਾ ਪ੍ਰਧਾਨ ਸੁਰਜੀਤ ਸਿੰਘ ਪਹਿਲਵਾਨ, ਜਥੇ:ਕੁਲਵੰਤ ਸਿੰਘ ਲਖਨਊ ਵਾਲੇ, ਸਰਕਲ ਪ੍ਰਧਾਨ ਪ੍ਰੇਮ ਸਿੰਘ ਸ਼ਾਹ, ਜਥੇ ਹੀਰਾ ਸਿੰਘ ਆੜ੍ਹਤੀ, ਅਮਨਪ੍ਰੀਤ ਸਿੰਘ ਥਿੰਦ, ਸਵਿੰਦਰ ਸਿੰਘ ਬਾਸਰਕੇ, ਬਲਾਕ ਸੰਮਤੀ ਮੈਂਬਰ ਨਵਪ੍ਰੀਤ ਸਿੰਘ ਬਾਸਰਕੇ, ਜਥੇ:ਕੁਲਦੀਪ ਸਿੰਘ ਧੱਤਲ, ਡਾ: ਸੁੱਖ ਖਾਪੜਖੇੜੀ, ਜਤਿੰਦਰ ਸਿੰਘ ਰਾਮੂਵਾਲ, ਗੁਰਦਿਆਲ ਸਿੰਘ ਬਾਸਰਕੇ, ਬਲਵਿੰਦਰ ਸਿੰਘ ਬਾਊ ਸਮੇਤ ਵੱਡੀ ਗਿਣਤੀ ਦੇ ਵਿਚ ਵਰਕਰ ਹਾਜ਼ਰ ਸਨ।

‘ਜਵਾਨੀ ਸੰਭਾਲ ਸਾਈਕਲ ਯਾਤਰਾ’ ਵਿੱਚ ਹਲਕਾ ਸ਼ੁਤਰਾਣਾ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਕਰੇਗੀ ਸ਼ਮੂਲੀਅਤ : ਬੰਨਵਾਲਾ



ਪਾਤੜਾਂ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਦੇ ਕੋਹੜ ਤੋਂ ਬਚਾਉਣ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਵਿਰੁੱਧ ਲਾਮਬੰਦ ਕਰਨ ਦੇ ਉਦੇਸ਼ ਨਾਲ ਪੰਜਾਬ ਦੇ ਸਾਬਕਾ ਮੁੱਖ ਮੰਤਰੀ, ਸੰਸਦ ਮੈਂਬਰ ਅਤੇ ਪੰਜਾਬ ਕਾਂਗਰਸ ਕੰਪੇਨ ਕਮੇਟੀ ਦੇ ਚੇਅਰਮੈਨ ਚਰਨਜੀਤ ਸਿੰਘ ਚੰਨੀ ਵੱਲੋਂ ਸ਼ੁਰੂ ਕੀਤੀ ਜਾ ਰਹੀ ‘ਜਵਾਨੀ ਸੰਭਾਲ ਸਾਈਕਲ ਯਾਤਰਾ’ ਵਿੱਚ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੀ ਸਮੁੱਚੀ ਕਾਂਗਰਸ ਲੀਡਰਸ਼ਿਪ ਅਤੇ ਵਰਕਰਾਂ ਵੱਲੋਂ ਵੱਡੀ ਪੱਧਰ ’ਤੇ ਸ਼ਮੂਲੀਅਤ ਕੀਤੀ ਜਾਵੇਗੀ। ਇਹ ਪ੍ਰਗਟਾਵਾ ਕਾਂਗਰਸ ਹਲਕਾ ਸ਼ੁਤਰਾਣਾ ਦੇ ਇੰਚਾਰਜ ਦਰਬਾਰਾ ਸਿੰਘ ਬੰਨਵਾਲਾ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕੀਤਾ।

ਉਨ੍ਹਾਂ ਦੱਸਿਆ ਕਿ ਇਹ ਸਾਈਕਲ ਯਾਤਰਾ 12 ਨਵੰਬਰ 2026 ਨੂੰ ਸ੍ਰੀ ਚਮਕੌਰ ਸਾਹਿਬ ਤੋਂ ਆਰੰਭ ਹੋਵੇਗੀ ਅਤੇ 19 ਨਵੰਬਰ ਤੱਕ ਜਾਰੀ ਰਹੇਗੀ। ਇਸ ਦੌਰਾਨ ਸਾਈਕਲ ਸਵਾਰਾਂ ਵੱਲੋਂ ਕਰੀਬ 625 ਕਿਲੋਮੀਟਰ ਦੀ ਦੂਰੀ ਤੈਅ ਕੀਤੀ ਜਾਵੇਗੀ।

ਯਾਤਰਾ ਦੇ ਹਰ ਰੋਜ਼ ਲਗਭਗ 78 ਤੋਂ 80 ਕਿਲੋਮੀਟਰ ਦਾ ਸਫ਼ਰ ਤੈਅ ਕਰਨ ਦਾ ਪ੍ਰੋਗਰਾਮ ਉਲੀਕਿਆ ਗਿਆ ਹੈ। ਇਹ ਯਾਤਰਾ ਪੰਜਾਬ ਦੇ ਕਰੀਬ 27 ਵਿਧਾਨ ਸਭਾ ਹਲਕਿਆਂ ਵਿੱਚੋਂ ਲੰਘੇਗੀ।

ਦਰਬਾਰਾ ਸਿੰਘ ਬੰਨਵਾਲਾ ਨੇ ਕਿਹਾ ਕਿ ਪੰਜਾਬ ਦੀ ਨੌਜਵਾਨੀ ਸੂਬੇ ਦਾ ਅਨਮੋਲ ਸਰਮਾਇਆ ਹੈ, ਪਰ ਨਸ਼ਿਆਂ ਦੇ ਵਧ ਰਹੇ ਪ੍ਰਭਾਵ ਕਾਰਨ ਨੌਜਵਾਨ ਪੀੜ੍ਹੀ ਦਾ ਭਵਿੱਖ ਖ਼ਤਰੇ ਵਿੱਚ ਪੈ ਰਿਹਾ ਹੈ।

ਅਜਿਹੇ ਸਮੇਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ, ਉਨ੍ਹਾਂ ਨੂੰ ਖੇਡਾਂ ਅਤੇ ਉਸਾਰੂ ਗਤੀਵਿਧੀਆਂ ਨਾਲ ਜੋੜਨ ਅਤੇ ਸਮਾਜ ਵਿੱਚ ਨਸ਼ਿਆਂ ਵਿਰੁੱਧ ਜਾਗਰੂਕਤਾ ਪੈਦਾ ਕਰਨ ਲਈ ਅਜਿਹੇ ਉਪਰਾਲਿਆਂ ਦੀ ਵੱਡੀ ਲੋੜ ਹੈ।

ਉਨ੍ਹਾਂ ਕਿਹਾ ਕਿ ਇਸ ਸਾਈਕਲ ਯਾਤਰਾ ਦਾ ਮੁੱਖ ਉਦੇਸ਼ ਸਿਰਫ਼ ਸਾਈਕਲਾਂ ਰਾਹੀਂ ਲੰਮੀ ਦੂਰੀ ਤੈਅ ਕਰਨਾ ਹੀ ਨਹੀਂ, ਸਗੋਂ ਪਿੰਡਾਂ ਅਤੇ ਸ਼ਹਿਰਾਂ ਵਿੱਚ ਲੋਕਾਂ ਤੱਕ ਨਸ਼ਿਆਂ ਵਿਰੁੱਧ ਮਜ਼ਬੂਤ ਸੰਦੇਸ਼ ਪਹੁੰਚਾਉਣਾ ਅਤੇ ਨੌਜਵਾਨਾਂ ਨੂੰ ਇਸ ਸਮਾਜਿਕ ਬੁਰਾਈ ਵਿਰੁੱਧ ਇਕਜੁੱਟ ਕਰਨਾ ਹੈ।

ਭਗਵੰਤ ਮਾਨ ਸਰਕਾਰ ਵੱਲੋਂ ਨਹਿਰੀ ਸਿੰਜਾਈ ਨੂੰ ਹੁਲਾਰਾ ਦੇਣ ਲਈ ਦੋ ਵੱਡੇ ਪ੍ਰਾਜੈਕਟਾਂ ਨੂੰ ਮਨਜ਼ੂਰੀ, 90 ਹਜ਼ਾਰ ਏਕੜ ਤੋਂ ਵੱਧ ਰਕਬੇ ਤੱਕ ਪਹੁੰਚੇਗਾ ਨਹਿਰੀ ਪਾਣੀ: ਬਰਿੰਦਰ ਕੁਮਾਰ ਗੋਇਲ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ 100.65 ਕਰੋੜ ਰੁਪਏ ਦੀ ਲਾਗਤ ਵਾਲੇ ਨਹਿਰੀ ਸਿੰਜਾਈ ਦੇ ਦੋ ਵੱਡੇ ਪ੍ਰਾਜੈਕਟਾਂ ਦਾ ਐਲਾਨ ਕੀਤਾ। ਇਨ੍ਹਾਂ ਪ੍ਰਾਜੈਕਟਾਂ ਨਾਲ 90 ਹਜ਼ਾਰ ਏਕੜ ਤੋਂ ਵੱਧ ਖੇਤੀਬਾੜੀ ਰਕਬੇ ਨੂੰ ਨਹਿਰੀ ਸਿੰਜਾਈ ਦੀ ਸਹੂਲਤ ਮਿਲੇਗੀ। ਇਸ ਨਾਲ ਕਿਸਾਨਾਂ ਦੀ ਧਰਤੀ ਹੇਠਲੇ ਪਾਣੀ ’ਤੇ ਨਿਰਭਰਤਾ ਘਟੇਗੀ ਅਤੇ ਪੰਜਾਬ ਦੇ ਸਿੰਜਾਈ ਢਾਂਚੇ ਨੂੰ ਹੋਰ ਮਜ਼ਬੂਤੀ ਮਿਲੇਗੀ। ਇਨ੍ਹਾਂ ਪ੍ਰਾਜੈਕਟਾਂ ਵਿੱਚ 1-ਆਰ ਡਿਸਟ੍ਰੀਬਿਊਟਰੀ ਸਿਸਟਮ ਦੀ 64.11 ਕਰੋੜ ਰੁਪਏ ਦੀ ਲਾਗਤ ਨਾਲ ਕੰਕਰੀਟ ਲਾਈਨਿੰਗ ਅਤੇ 36.54 ਕਰੋੜ ਰੁਪਏ ਦੀ ਕਪੂਰੀ ਲਿਫਟ ਸਿੰਜਾਈ ਸਕੀਮ ਸ਼ਾਮਲ ਹੈ। ਇਸ ਸਕੀਮ ਰਾਹੀਂ ਪਟਿਆਲਾ ਜ਼ਿਲ੍ਹੇ ਦੇ 20 ਪਿੰਡਾਂ ਦੇ 20,719 ਏਕੜ ਰਕਬੇ ਨੂੰ ਪਹਿਲੀ ਵਾਰ ਨਹਿਰੀ ਪਾਣੀ ਮੁਹੱਈਆ ਕਰਵਾਇਆ ਜਾਵੇਗਾ।

ਪੰਜਾਬ ਭਵਨ ਵਿਖੇ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਜਲ ਸਰੋਤ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਨੇ ਕਿਸਾਨਾਂ ਨੂੰ ਭਰੋਸੇਯੋਗ ਨਹਿਰੀ ਪਾਣੀ ਦੀ ਸਪਲਾਈ ਯਕੀਨੀ ਬਣਾਉਣ ਅਤੇ ਧਰਤੀ ਹੇਠਲੇ ਪਾਣੀ ਦੇ ਡਿੱਗਦੇ ਪੱਧਰ ਦੀ ਗੰਭੀਰ ਸਮੱਸਿਆ ਨਾਲ ਨਜਿੱਠਣ ਲਈ ਨਹਿਰੀ ਸਿੰਜਾਈ ਨੈਟਵਰਕ ਦੀ ਬਹਾਲੀ, ਆਧੁਨਿਕੀਕਰਨ ਅਤੇ ਵਿਸਥਾਰ ਨੂੰ ਪਹਿਲ ਦਿੱਤੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਕਿਸਾਨ ਦਹਾਕਿਆਂ ਤੋਂ ਦੇਸ਼ ਦਾ ਢਿੱਡ ਭਰ ਰਹੇ ਹਨ ਅਤੇ ਸਰਕਾਰ ਦੀ ਜ਼ਿੰਮੇਵਾਰੀ ਹੈ ਕਿ ਉਨ੍ਹਾਂ ਦੇ ਖੇਤਾਂ ਤੱਕ ਪਾਣੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਈ ਜਾਵੇ। ਮਾਨ ਸਰਕਾਰ ਨਹਿਰੀ ਨੈਟਵਰਕ ਨੂੰ ਮੁੜ ਮਜ਼ਬੂਤ ਕਰ ਰਹੀ ਹੈ ਅਤੇ ਉਨ੍ਹਾਂ ਇਲਾਕਿਆਂ ਤੱਕ ਵੀ ਨਹਿਰੀ ਪਾਣੀ ਪਹੁੰਚਾਇਆ ਜਾ ਰਿਹਾ ਹੈ ਜਿਹੜੇ ਪੀੜ੍ਹੀਆਂ ਤੋਂ ਧਰਤੀ ਹੇਠਲੇ ਪਾਣੀ ’ਤੇ ਨਿਰਭਰ ਰਹੇ ਹਨ।

ਜਲ ਸਰੋਤ ਮੰਤਰੀ ਨੇ ਦੱਸਿਆ ਕਿ ਸਰਕਾਰ ਵੱਲੋਂ ਲਗਭਗ 60 ਸਾਲ ਪੁਰਾਣੀ 1-ਆਰ ਡਿਸਟ੍ਰੀਬਿਊਟਰੀ ਦੀ ਮੁੜ ਉਸਾਰੀ ਅਤੇ ਇਸ ਦੀ ਪਾਣੀ ਲਿਜਾਣ ਦੀ ਸਮਰੱਥਾ ਵਧਾਉਣ ਲਈ 64.11 ਕਰੋੜ ਰੁਪਏ ਦੀ ਅਨੁਮਾਨਿਤ ਲਾਗਤ ਵਾਲੇ ਕੰਕਰੀਟ ਲਾਈਨਿੰਗ ਪ੍ਰਾਜੈਕਟ ਨੂੰ ਮਨਜ਼ੂਰੀ ਦਿੱਤੀ ਗਈ ਹੈ। ਇਸ ਪ੍ਰਾਜੈਕਟ ਨਾਲ ਇਸ ਦੇ ਮੌਜੂਦਾ



69,967 ਏਕੜ ਕਾਸ਼ਤਯੋਗ ਕਮਾਂਡ ਏਰੀਏ ਨੂੰ ਸਿੰਜਾਈ ਲਈ ਲੋੜੀਂਦਾ ਪਾਣੀ ਮਿਲੇਗਾ ਅਤੇ ਫ਼ਤਹਿਗੜ੍ਹ ਸਾਹਿਬ ਤੇ ਪਟਿਆਲਾ ਜ਼ਿਲ੍ਹਿਆਂ ਦੇ ਲਗਭਗ 80 ਪਿੰਡਾਂ ਨੂੰ ਲਾਭ ਹੋਵੇਗਾ।

ਉਨ੍ਹਾਂ ਕਿਹਾ ਕਿ ਕੰਕਰੀਟ ਲਾਈਨਿੰਗ ਰਾਹੀਂ ਇਸ ਡਿਸਟ੍ਰੀਬਿਊਟਰੀ ਦੀ ਪਾਣੀ ਲਿਜਾਣ ਦੀ ਮੌਜੂਦਾ ਸਮਰੱਥਾ 154.50 ਕਿਊਸਿਕ ਤੋਂ ਵਧਾ ਕੇ 248.69 ਕਿਊਸਿਕ ਕੀਤੀ ਜਾਵੇਗੀ। ਪ੍ਰਾਜੈਕਟ ਤਹਿਤ ਸ਼ੁਰੂਆਤੀ ਹਿੱਸੇ ਵਿੱਚ ਦੋਵੇਂ ਪਾਸੇ ਲਾਈਨਿੰਗ ਅਤੇ ਬਾਕੀ ਰਹਿੰਦੀ ਲੰਬਾਈ ਵਿੱਚ ਦੋਵੇਂ ਪਾਸਿਆਂ ਸਣੇ ਬੈੱਡ ਦੀ ਵੀ ਲਾਈਨਿੰਗ ਕੀਤੀ ਜਾਵੇਗੀ। ਚਾਲੂ ਵਿੱਤੀ ਵਰ੍ਹੇ ਦੌਰਾਨ ਇਸ ਪ੍ਰਾਜੈਕਟ ਨੂੰ ਲਾਗੂ ਕਰਨ ਲਈ 40 ਕਰੋੜ ਰੁਪਏ ਦੀ ਰਾਸ਼ੀ ਰੱਖੀ ਗਈ ਹੈ। ਕੈਬਨਿਟ ਮੰਤਰੀ ਨੇ ਕਿਹਾ ਕਿ 1-ਆਰ ਡਿਸਟ੍ਰੀਬਿਊਟਰੀ ਲਗਭਗ ਛੇ ਦਹਾਕੇ ਪਹਿਲਾਂ ਪ੍ਰਤੀ 1,000 ਏਕੜ 2.04 ਕਿਊਸਿਕ ਪਾਣੀ ਦੀ ਵੰਡ ਦੇ ਹਿਸਾਬ ਨਾਲ ਤਿਆਰ ਕੀਤੀ ਗਈ ਸੀ। ਹੁਣ ਸਰਕਾਰ ਵੱਲੋਂ ਪਾਣੀ ਦੀ ਵੰਡ ਵਧਾ ਕੇ ਪ੍ਰਤੀ 1,000 ਏਕੜ 3.05 ਕਿਊਸਿਕ ਕੀਤੇ ਜਾਣ ਕਾਰਨ ਇਸ ਦੀ ਪਾਣੀ ਲਿਜਾਣ ਦੀ ਸਮਰੱਥਾ ਵਧਾਉਣੀ ਜ਼ਰੂਰੀ ਹੋ ਗਈ ਹੈ।

ਉਨ੍ਹਾਂ ਦੱਸਿਆ ਕਿ ਸਮੇਂ ਦੇ ਨਾਲ ਬਿਨਾਂ ਲਾਈਨਿੰਗ ਵਾਲੀ ਇਹ ਨਹਿਰ ਖ਼ਸਤਾ ਹਾਲਤ ਵਿੱਚ ਪਹੁੰਚ ਗਈ ਸੀ ਜਿਸ ਕਾਰਨ ਪਾਣੀ ਦੇ ਰਿਸਾਅ ਅਤੇ ਜ਼ਮੀਨ ਵਿੱਚ ਪਾਣੀ ਦੇ ਰਸਣ ਨਾਲ ਵੱਡੀ ਮਾਤਰਾ ਵਿੱਚ ਪਾਣੀ ਦੀ ਬਰਬਾਦੀ ਹੋ ਰਹੀ ਸੀ। ਇਸ ਨਾਲ ਪਾਣੀ ਦੀ ਸੁਚਾਰੂ ਢੰਗ ਨਾਲ ਸਪਲਾਈ ਵੀ ਪ੍ਰਭਾਵਿਤ ਹੁੰਦੀ ਸੀ। ਕੰਕਰੀਟ ਲਾਈਨਿੰਗ ਨਾਲ ਇਨ੍ਹਾਂ ਕਮੀਆਂ ਨੂੰ ਦੂਰ ਕਰਨ ਦੇ ਨਾਲ-ਨਾਲ ਪਾਣੀ ਲਿਜਾਣ ਦੀ ਸਮਰੱਥਾ ਵਧੇਗੀ ਅਤੇ ਕਿਸਾਨਾਂ ਨੂੰ ਨਹਿਰੀ ਸਿੰਜਾਈ ਲਈ ਵਧੇਰੇ ਭਰੋਸੇਯੋਗ ਤੇ ਨਿਰਵਿਘਨ ਪਾਣੀ ਦੀ ਸਪਲਾਈ ਯਕੀਨੀ ਬਣੇਗੀ।

ਜਲ ਸਰੋਤ ਮੰਤਰੀ ਨੇ ਕਿਹਾ ਕਿ 36.54 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਕੀਤੀ ਗਈ ਕਪੂਰੀ ਲਿਫਟ ਸਿੰਜਾਈ ਯੋਜਨਾ, ਹਰਿਆਣਾ ਸਰਹੱਦ ਦੇ ਨਾਲ ਲੱਗਦੇ ਪਟਿਆਲਾ ਜ਼ਿਲ੍ਹੇ ਵਿੱਚ 20 ਪਿੰਡਾਂ ਦੀ 20,719 ਏਕੜ ਖੇਤੀਯੋਗ ਜ਼ਮੀਨ ਨੂੰ ਨਹਿਰੀ ਪਾਣੀ ਰਾਹੀਂ ਸਿੰਜਾਈ ਦੀ ਸਹੂਲਤ ਪ੍ਰਦਾਨ ਕਰੇਗੀ। ਉਨ੍ਹਾਂ ਅੱਗੇ ਕਿਹਾ, ਇਹ ਇਲਾਕੇ ਲੰਮੇ ਸਮੇਂ ਤੋਂ ਨਹਿਰੀ ਪਾਣੀ ਦੀ ਸਹੂਲਤ ਤੋਂ ਵਾਂਝੇ ਰਹੇ ਹਨ, ਜਿਸ ਕਾਰਨ ਕਿਸਾਨ ਸਿੰਜਾਈ ਲਈ ਪੂਰੀ ਤਰ੍ਹਾਂ ਧਰਤੀ ਹੇਠਲੇ ਪਾਣੀ ’ਤੇ ਨਿਰਭਰ ਸਨ।

ਇਸ ਯੋਜਨਾ ਤਹਿਤ ਲਾਭ ਲੈਣ ਵਾਲੇ 20 ਪਿੰਡਾਂ ਵਿੱਚ ਸਰਾਲਾ ਕਲਾਂ, ਕਮਾਲਪੁਰ, ਕਪੂਰੀ, ਲਾਛੜੂ ਖ਼ੁਰਦ, ਸੌਂਟਾਂ, ਰਾਮਪੁਰ, ਚਮਾਰੂ, ਤਾਹਰਪੁਰ, ਝਾੜਵਾਂ, ਹਰਪਾਲਾਂ, ਨਰਾਇਣਗੜ੍ਹ, ਲੋਹ ਸਿੰਬਲੀ, ਦੜ੍ਹਵਾ, ਸ਼ਮਸਪੁਰ, ਧਰਮਗੜ੍ਹ, ਮੰਡਿਆਣਾ, ਕਾਮੀ ਖ਼ੁਰਦ, ਉੱਟਸਰ, ਨਨਹੇੜੀ ਅਤੇ ਸ਼ੇਖ਼ੂਪੁਰ ਸ਼ਾਮਲ ਹਨ। ਇਸ ਯੋਜਨਾ ਤਹਿਤ ਪਾਣੀ ਨੂੰ ਲਿਫਟ ਕਰਕੇ ਪਾਈਪਲਾਈਨ ਨੈਟਵਰਕ ਰਾਹੀਂ ਸਿੱਧਾ ਖੇਤਾਂ ਤੱਕ ਪਹੁੰਚਾਇਆ ਜਾਵੇਗਾ। ਇਹ ਪ੍ਰਾਜੈਕਟ ਪੜਾਅਵਾਰ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ, ਜਿਸ ਦੇ ਪਹਿਲੇ ਪੜਾਅ ਲਈ ਮੌਜੂਦਾ ਵਿੱਤੀ ਸਾਲ ਦੌਰਾਨ 4 ਕਰੋੜ ਰੁਪਏ ਖ਼ਰਚਣ ਦੀ ਤਜਵੀਜ਼ ਹੈ। ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਕਿਹਾ, ਕਪੂਰੀ ਲਿਫਟ ਸਿੰਜਾਈ ਯੋਜਨਾ ਉਸ ਇਲਾਕੇ ਦੇ ਕਿਸਾਨਾਂ ਦੀ ਚਿਰੋਕਣੀ ਮੰਗ ਨੂੰ ਪੂਰਾ ਕਰੇਗੀ, ਜਿੱਥੇ ਪਹਿਲਾਂ ਨਹਿਰੀ ਪਾਣੀ ਦੀ ਸਹੂਲਤ ਉਪਲਬਧ ਨਹੀਂ ਸੀ। ਉਨ੍ਹਾਂ ਕਿਹਾ ਕਿ ਪਹਿਲੀ ਵਾਰ 20,719 ਏਕੜ ਰਕਬੇ ਨੂੰ ਨਹਿਰੀ ਪਾਣੀ ਰਾਹੀਂ ਸਿੰਜਾਈ ਦੀ ਪੱਕੀ ਸਹੂਲਤ ਮਿਲੇਗੀ। ਇਸ ਨਾਲ ਧਰਤੀ ਹੇਠਲੇ ਪਾਣੀ ’ਤੇ ਦਬਾਅ ਘਟੇਗਾ ਅਤੇ ਖੇਤੀਬਾੜੀ ਦੀ ਸਥਿਰਤਾ ਵਧੇਗੀ।÷

ਕੈਬਨਿਟ ਮੰਤਰੀ ਨੇ ਦੱਸਿਆ ਕਿ ਸਰਕਾਰ ਨੇ ਭਾਖੜਾ ਮੇਨ ਲਾਈਨ ਪ੍ਰਣਾਲੀ ਵਿੱਚ ਪਾਣੀ ਦੀ ਮਾਤਰਾ ਨੂੰ 1,000 ਏਕੜ ਪਿੱਛੇ 2.04 ਕਿਊਸਿਕ ਤੋਂ ਵਧਾ ਕੇ 3.05 ਕਿਊਸਿਕ ਕਰ ਦਿੱਤਾ ਹੈ। ਇਸ ਦਾ ਉਦੇਸ਼ ਪੰਜਾਬ ਦੇ ਹਿੱਸੇ ਦੇ ਨਹਿਰੀ ਪਾਣੀ ਦੀ ਪੂਰੀ ਵਰਤੋਂ ਨੂੰ ਯਕੀਨੀ ਬਣਾਉਣਾ ਅਤੇ ਧਰਤੀ ਹੇਠਲੇ ਪਾਣੀ ਦੇ ਪੱਧਰ ਵਿੱਚ ਆ ਰਹੀ ਲਗਾਤਾਰ ਗਿਰਾਵਟ ਦੀ ਸਮੱਸਿਆ ਨਾਲ ਨਜਿੱਠਣਾ ਹੈ।

ਉਨ੍ਹਾਂ ਕਿਹਾ ਕਿ ਪਾਣੀ ਦੀ ਮਾਤਰਾ ਵਿੱਚ ਕੀਤੇ ਵਾਧੇ ਨਾਲ ਨਹਿਰਾਂ ਦੀ ਲੋੜੀਂਦੀ ਸਮਰੱਥਾ ਲਗਭਗ 1.5 ਗੁਣਾਂ ਵੱਧ ਗਈ ਹੈ, ਜਿਸ ਨਾਲ ਮੌਜੂਦਾ ਸਿੰਜਾਈ ਬੁਨਿਆਦੀ ਢਾਂਚੇ ਦੀ ਮਜ਼ਬੂਤੀ ਅਤੇ ਆਧੁਨਿਕੀਕਰਨ ਜ਼ਰੂਰੀ ਹੋ ਗਿਆ ਹੈ।

ਭਗਵਾਨ ਵਿਸ਼ਵਕਰਮਾ ਦਿਵਸ ਸ਼ਰਧਾ ਨਾਲ ਮਨਾਇਆ, ਚੌਧਰੀ ਨਿਰਮਲ ਸਿੰਘ ਭੱਟੀਆਂ ਨੇ ਟੇਕਿਆ ਮੱਥਾ



ਦੇਵੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਦੇਵੀਗੜ੍ਹ ਵਿਖੇ ਭਗਵਾਨ ਵਿਸ਼ਵਕਰਮਾ ਜੀ ਦਾ ਦਿਹਾੜਾ ਬੜੀ ਹੀ ਸ਼ਰਧਾ, ਧੂਮਧਾਮ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਕਰਵਾਏ ਗਏ ਵਿਸ਼ੇਸ਼ ਸਮਾਗਮ ਦੌਰਾਨ ਸੀਨੀਅਰ ਕਾਂਗਰਸੀ ਆਗੂ ਚੌਧਰੀ ਨਿਰਮਲ ਸਿੰਘ ਭੱਟੀਆਂ ਨੇ ਸ਼ਿਰਕਤ ਕੀਤੀ ਅਤੇ ਭਗਵਾਨ ਵਿਸ਼ਵਕਰਮਾ ਜੀ ਦੇ ਚਰਨਾਂ ਵਿੱਚ ਨਤਮਸਤਕ ਹੋ ਕੇ ਆਸ਼ੀਰਵਾਦ ਪ੍ਰਾਪਤ ਕੀਤਾ।

ਇਸ ਮੌਕੇ ਪਣਤਰਕਾਰਾਂ ਨਾਲ ਗੱਲਬਾਤ ਕਰਦਿਆਂ ਚੌਧਰੀ ਨਿਰਮਲ ਸਿੰਘ ਭੱਟੀਆਂ ਨੇ ਕਿਹਾ, ÷ਭਗਵਾਨ ਵਿਸ਼ਵਕਰਮਾ ਜੀ ਨੂੰ ਸ੍ਰਿਸ਼ਟੀ ਦੇ ਪਹਿਲੇ ਰਚਨਹਾਰ ਅਤੇ ਸ਼ਿਲਪਕਾਰ ਮੰਨਿਆ ਜਾਂਦਾ ਹੈ। ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਮਿਹਨਤ ਦਾ ਸੁਨੇਹਾ ਅੱਜ ਦੇ ਯੁੱਗ ਵਿੱਚ ਵੀ ਸਾਡੇ ਲਈ ਬਹੁਤ ਮਹੱਤਵਪੂਰਨ ਹੈ। ਹਰੇਕ ਕਿਰਤੀ, ਮਜ਼ਦੂਰ, ਕਾਰੀਗਰ ਅਤੇ ਸ਼ਿਲਪਕਾਰ ਭਗਵਾਨ ਵਿਸ਼ਵਕਰਮਾ ਜੀ ਦਾ ਰੂਪ ਹੈ, ਜਿਨ੍ਹਾਂ ਦੀ ਮਿਹਨਤ ਨਾਲ ਸਮਾਜ ਅਤੇ ਦੇਸ਼ ਦਾ ਵਿਕਾਸ ਸੰਭਵ ਹੁੰਦਾ ਹੈ।÷ ਉਨ੍ਹਾਂ ਅੱਗੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਇਮਾਨਦਾਰੀ, ਲਗਨ ਅਤੇ ਹੱਥੀਂ ਕਿਰਤ ਕਰਨ ਦੇ ਰਾਹ ’ਤੇ ਚੱਲਦਿਆਂ ਸਮਾਜ ਦੀ ਤਰੱਕੀ ਵਿੱਚ ਆਪਣਾ ਯੋਗਦਾਨ ਪਾਉਣਾ ਚਾਹੀਦਾ ਹੈ।

ਸਮਾਗਮ ਦੌਰਾਨ ਪ੍ਰਬੰਧਕਾਂ ਅਤੇ ਸੰਗਤਾਂ ਵੱਲੋਂ ਚੌਧਰੀ ਨਿਰਮਲ ਸਿੰਘ ਭੱਟੀਆਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ। ਇਸ ਸ਼ੁਭ ਦਿਹਾੜੇ ’ਤੇ ਇਲਾਕੇ ਦੀਆਂ ਕਈ ਮੁੱਖ ਸ਼ਖ਼ਸੀਅਤਾਂ ਨੇ ਸ਼ਿਰਕਤ ਕੀਤੀ, ਜਿਨ੍ਹਾਂ ਵਿੱਚ ਸੰਤੋਖ ਸਿੰਘ ਧੀਮਾਨ, ਸੁਭਾਸ਼ ਪਾਲ, ਸੋਨੂੰ ਧੀਮਾਨ, ਹਰਵਿੰਦਰ ਸਿੰਘ ਧੀਮਾਨ, ਰਾਮਈਸਰ ਧੀਮਾਨ, ਪੂਰਨ ਸਿੰਘ ਧੀਮਾਨ, ਕੁਲਦੀਪ ਸਿੰਘ ਕਾਲਾ, ਭਗਵੰਤ ਸਿੰਘ ਰਾਮ ਵਾਲੀਆ ਅਤੇ ਗੁਰਮੀਤ ਬਾਵਾ ਆਦਿ ਪ੍ਰਮੁੱਖਤਾ ਨਾਲ ਹਾਜ਼ਰ ਸਨ। ਸਮਾਗਮ ਦੇ ਅੰਤ ਵਿੱਚ ਆਏ ਹੋਏ ਪ੍ਰਬੰਧਕਾਂ ਨੇ ਸਾਰੇ ਮਹਿਮਾਨਾਂ ਅਤੇ ਸੰਗਤਾਂ ਦਾ ਧੰਨਵਾਦ ਕੀਤਾ।

ਸਮਾਗਮ ਦੇ ਅੰਤ ਵਿੱਚ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ਅਤੇ ਵੱਡੀ ਗਿਣਤੀ ’ਚ ਇਲਾਕਾ ਨਿਵਾਸੀਆਂ ਨੇ ਸ਼ਿਰਕਤ ਕਰਕੇ ਧਾਰਮਿਕ ਸਮਾਗਮ ਦੀ ਰੌਣਕ ਵਧਾਈ। ਇਸ ਮੌਕੇ ਵਿਸ਼ਵਕਰਮਾ ਮੰਦਿਰ ਪ੍ਰਬੰਧਕ ਕਮੇਟੀ ਦੇਵੀਗੜ੍ਹ ਵੱਲੋਂ ਸੋਨੂੰ ਧੀਮਾਨ, ਸੰਤੋਖ ਸਿੰਘ ਦੋਰਾਹਾ ਵਾਲੇ, ਰੋਹਿਤ ਗਰਗ, ਸੁਭਾਸ਼ ਸ਼ਰਮਾ, ਰਾਮ ਸਰਨ ਸੰਗਮ ਪੈਲੇਸ, ਰੁਪਿੰਦਰ ਸਿੰਘ ਬਹਿਰੂ, ਅਮਰ ਅਲੀ, ਮਨਪ੍ਰੀਤ ਸਿੰਘ ਤੋਂ ਸੰਕੜੇ ਅਤੇ ਹਜ਼ਾਰਾਂ ਸੰਗਤਾਂ ਨੇ ਭਗਵਾਨ ਦਾ ਆਸ਼ੀਰਵਾਦ ਲਿਆ ।

ਪੰਜਾਬ ਸਰਕਾਰ ਵੱਲੋਂ ਨੌਜਵਾਨਾਂ ਨੂੰ ਉਦਯੋਗ ਦੀਆਂ ਲੋੜਾਂ ਮੁਤਾਬਕ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਦੇ ਵੱਧ ਤੋਂ ਵੱਧ ਮੌਕੇ ਪ੍ਰਦਾਨ ਕਰਨ ਲਈ ਦੋ ਅਹਿਮ ਸਮਝੌਤੇ ਸਹੀਬੱਧ

ਭਾਰੀ ਮੰਗ ਵਾਲੇ ਫੁੱਟਵੀਅਰ ਅਤੇ ਆਟੋਮੋਟਿਵ ਖੇਤਰਾਂ ਵਿੱਚ ਵਿਸ਼ਵ ਪੱਧਰੀ ਅਤੇ ਉਦਯੋਗ ਆਧਾਰਤ ਸਿਖਲਾਈ ਪ੍ਰਦਾਨ ਕਰਨ ਲਈ ਐਫ.ਡੀ.ਡੀ.ਆਈ, ਐਨ.ਆਈ.ਆਈ.ਐਫ.ਟੀ ਅਤੇ ਐਸ.ਆਈ.ਏ.ਡੀ.ਐਸ. ਨਾਲ ਕੀਤੀ ਭਾਈਵਾਲੀ: ਅਮਨ ਅਰੋੜਾ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗਾਂ ਦੀਆਂ ਜ਼ਰੂਰਤਾਂ ਮੁਤਾਬਕ ਹੁਨਰਮੰਦ ਬਣਾਉਣ ਅਤੇ ਰੋਜ਼ਗਾਰ ਲਈ ਤਿਆਰ ਕਰਨ ਦੀ ਦਿਸ਼ਾ ਵਿੱਚ ਅਹਿਮ ਕਦਮ ਚੁੱਕਦਿਆਂ ਪੰਜਾਬ ਹੁਨਰ ਵਿਕਾਸ ਮਿਸ਼ਨ (ਪੀਐਸਡੀਐਮ) ਨੇ ਦੋ ਮਹੱਤਵਪੂਰਨ ਸਮਝੌਤੇ ਸਹੀਬੱਧ ਕੀਤੇ ਹਨ। ਪਹਿਲਾ ਸਮਝੌਤਾ ਭਾਰੀ ਮੰਗ ਵਾਲੇ ਆਟੋਮੋਟਿਵ ਅਤੇ ਡਰਾਈਵਿੰਗ ਟਰੇਡਾਂ ਲਈ ਸਟੇਟ ਇੰਸਟੀਚਿਊਟ ਆਫ਼ ਆਟੋਮੋਟਿਵ ਐਂਡ ਡਰਾਈਵਿੰਗ ਸਕਿੱਲਜ਼ (ਐਸ.ਆਈ.ਏ.ਡੀ.ਐਸ), ਮਾਹੂਆਣਾ ਨਾਲ ਸਹੀਬੱਧ ਕੀਤਾ ਗਿਆ ਹੈ ਅਤੇ ਦੂਜਾ ਸਮਝੌਤਾ ਵਿਸ਼ੇਸ਼ ਫੁੱਟਵੀਅਰ ਅਤੇ ਫੈਸ਼ਨ ਨਿਰਮਾਣ ਭੂਮਿਕਾਵਾਂ ਲਈ ਨਾਰਦਰਨ ਇੰਡੀਆ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (ਐਨ.ਆਈ.ਆਈ.ਐਫ.ਟੀ), ਉਦਯੋਗ ਅਤੇ ਵਣਜ ਵਿਭਾਗ (ਪੰਜਾਬ ਸਰਕਾਰ) ਅਤੇ ਫੁੱਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ (ਐਫ.ਡੀ.ਡੀ.ਆਈ) ਨਾਲ ਸਹੀਬੱਧ ਕੀਤਾ ਗਿਆ ਹੈ।



ਇਨ੍ਹਾਂ ਸਮਝੌਤਿਆਂ ਦੀ ਰਣਨੀਤਕ ਮਹੱਤਤਾ ਲਈ ਪੀਐਸਡੀਐਮ ਟੀਮ ਨੂੰ ਵਧਾਈ ਦਿੰਦਿਆਂ, ਪੰਜਾਬ ਦੇ ਰੁਜ਼ਗਾਰ ਉਤਪਤੀ, ਹੁਨਰ ਵਿਕਾਸ ਅਤੇ ਸਿਖਲਾਈ ਮੰਤਰੀ ਸ੍ਰੀ ਅਮਨ ਅਰੋੜਾ ਨੇ ਕਿਹਾ, ਇਹ ਭਾਈਵਾਲੀ ਪੰਜਾਬ ਦੇ ਹੁਨਰ ਵਿਕਾਸ ਦੇ ਦ੍ਰਿਸ਼ਟੀਕੋਣ ਵਿੱਚ ਇੱਕ ਨਵਾਂ ਅਧਿਆਇ ਲਿਖੇਗੀ। ਆਪਣੇ ਸਿਖਲਾਈ ਪ੍ਰੋਗਰਾਮਾਂ ਨੂੰ ਆਟੋਮੋਟਿਵ ਅਤੇ ਫੁੱਟਵੀਅਰ ਵਰਗੇ ਉੱਚ-ਵਿਕਾਸ ਵਾਲੇ ਖੇਤਰਾਂ ਦੀਆਂ ਖ਼ਾਸ ਜ਼ਰੂਰਤਾਂ ਨਾਲ ਜੋੜ ਕੇ, ਅਸੀਂ ਨੌਕਰੀ ਲੱਭਣ ਵਾਲੇ ਨੌਜਵਾਨਾਂ ਨੂੰ ਸਿਖਲਾਈ ਦੇ ਕੇ ਭਵਿੱਖੀ ਹੁਨਰਾਂ ਨਾਲ ਲੈਸ ਕਰ ਰਹੇ ਹਾਂ। ਐਫਡੀਡੀਆਈ ਅਤੇ ਐਨਆਈਆਈਐਫਟੀ ਵਰਗੇ ਪ੍ਰਮੁੱਖ ਰਾਸ਼ਟਰੀ ਸੰਸਥਾਨਾਂ ਦੀ ਸਾਡੇ ਨਾਲ ਭਾਈਵਾਲੀ ਇਹ ਯਕੀਨੀ ਬਣਾਉਂਦੀ ਹੈ ਕਿ ਸਾਡੇ ਨੌਜਵਾਨਾਂ ਨੂੰ ਵਿਸ਼ਵ ਪੱਧਰੀ ਸਿਖਲਾਈ ਮਿਲੇ, ਜੋ ਸਿੱਧੇ ਤੌਰ ’ਤੇ ਬਿਹਤਰ ਕਰੀਅਰ ਸੰਭਾਵਨਾਵਾਂ ਵਿੱਚ ਮਦਦ ਕਰਦੀ ਹੈ ਅਤੇ ਪੰਜਾਬ ਦੇ ਉਦਯੋਗਿਕ ਵਿਕਾਸ ਵਿੱਚ ਅਹਿਮ ਯੋਗਦਾਨ ਪਾਉਂਦੀ ਹੈ।

ਇਸ ਭਾਈਵਾਲੀ ਦੇ ਮੁੱਖ ਉਦੇਸ਼ਾਂ ਨੂੰ ਉਜਾਗਰ ਕਰਦਿਆਂ ਸ੍ਰੀ ਅਮਨ ਅਰੋੜਾ ਨੇ ਕਿਹਾ ਕਿ ਇਸ ਭਾਈਵਾਲੀ ਤਹਿਤ ਫੁੱਟਵੀਅਰ ਸੈਕਟਰ ਵਿੱਚ ਰਾਸ਼ਟਰੀ ਮਹੱਤਤਾ ਦੀ ਇੱਕ ਪ੍ਰਮੁੱਖ ਸੰਸਥਾ ਵਜੋਂ ਐਫਡੀਡੀਆਈ ਦੀ ਮੁਹਾਰਤ, ਪਹਿਰਾਵੇ ਅਤੇ ਫੈਸ਼ਨ ਵਿੱਚ ਐਨਆਈਆਈਐਫਟੀ ਦੀ ਖ਼ਾਸੀਅਤ ਅਤੇ ਆਟੋਮੋਟਿਵ ਅਤੇ ਡਰਾਈਵਿੰਗ ਵਿੱਚ ਐਸਆਈਏਡੀਐਸ ਦੀ ਮੁਹਾਰਤ ਦਾ ਲਾਭ ਲੈਣਗੀਆਂ।

ਇਹਨਾਂ ਭਾਈਵਾਲੀਆਂ ਦਾ ਉਦੇਸ਼ ਸੰਸਥਾਗਤ ਸਹਿਯੋਗ ਨੂੰ ਮਜ਼ਬੂਤ ਕਰਨਾ, ਉਦਯੋਗ-ਆਧਾਰਿਤ ਹੁਨਰ ਸਿਖਲਾਈ ਨੂੰ ਉਤਸ਼ਾਹਿਤ ਕਰਨਾ, ਰੋਜ਼ਗਾਰਯੋਗਤਾ ਨੂੰ ਵਧਾਉਣਾ ਅਤੇ ਉਦਯੋਗ ਦੀਆਂ ਜ਼ਰੂਰਤਾਂ ਨੂੰ ਪੂਰਾ ਕਰਨਾ ਹੈ, ਜਿਸ ਵਿੱਚ ਐਨਐਸਕਿਊਐਫ -ਆਧਾਰਿਤ ਪ੍ਰੋਗਰਾਮ, ਪਲੇਸਮੈਂਟ, ਅਪ੍ਰੈਂਟਿਸਸ਼ਿਪਾਂ ਅਤੇ ਉੱਦਮਤਾ ਵਿਕਾਸ ’ਤੇ ਧਿਆਨ ਕੇਂਦਰਿਤ ਕੀਤਾ ਜਾਵੇਗਾ।

ਇਨ੍ਹਾਂ ਸਮਝੌਤਿਆਂ ਉੱਤੇ ਹਸਤਾਖ਼ਰ ਪੀਐਸਡੀਐਮ ਦੇ ਡਾਇਰੈਕਟਰ ਸ੍ਰੀਮਤੀ ਅੰਮ੍ਰਿਤ ਸਿੰਘ ਵੱਲੋਂ ਕੀਤੇ ਗਏ। ਉਨ੍ਹਾਂ ਕਿਹਾ ਕਿ ਇਹ ਭਾਈਵਾਲੀ ਐਨਐਸਕਿਊਐਫ -ਅਧਾਰਿਤ ਸਿਖਲਾਈ, ਪਲੇਸਮੈਂਟ, ਅਪ੍ਰੈਂਟਿਸਸ਼ਿਪਾਂ ਅਤੇ ਉੱਦਮਤਾ ਪ੍ਰਦਾਨ ਕਰਨਗੇ ਤਾਂ ਜੋ ਹੁਨਰ ਦੇ ਪਾੜੇ ਨੂੰ ਪੂਰਿਆ ਜਾ ਸਕੇ, ਰੋਜ਼ਗਾਰਯੋਗਤਾ ਨੂੰ ਵਧਾਇਆ ਜਾ ਸਕੇ ਅਤੇ ਪੰਜਾਬ ਦੇ ਨੌਜਵਾਨਾਂ ਲਈ ਕਰੀਅਰ ਦੇ ਬਿਹਤਰ ਮੌਕੇ ਪੈਦਾ ਕੀਤੇ ਜਾ ਸਕਣ।

ਸ੍ਰੀਮਤੀ ਅੰਮ੍ਰਿਤ ਸਿੰਘ ਨੇ ਦੱਸਿਆ ਕਿ ਪੀਐਸਡੀਐਮ ਅਤੇ ਸਟੇਟ ਇੰਸਟੀਚਿਊਟ ਆਫ਼ ਆਟੋਮੋਟਿਵ ਐਂਡ ਡਰਾਈਵਿੰਗ ਸਕਿੱਲਜ਼ (ਐਸਆਈਏਡੀਐਸ), ਮਾਹੂਆਣਾ ਦਰਮਿਆਨ ਪਹਿਲਾ ਸਮਝੌਤਾ ਸਹੀਬੱਧ ਕੀਤਾ ਗਿਆ, ਜਿਸ ਤਹਿਤ ਉੱਚ-ਮੰਗ ਵਾਲੇ ਆਟੋਮੋਟਿਵ ਅਤੇ ਡਰਾਈਵਿੰਗ ਖੇਤਰਾਂ ਵਿੱਚ ਕਿੱਤਾਮੁਖੀ ਸਿਖਲਾਈ ਦਿੱਤੀ ਜਾਵੇਗੀ, ਜਿਸ ਨਾਲ ਸਿਖਿਆਰਥੀਆਂ ਨੂੰ ਵਿਕਸਤ ਹੋ ਰਹੇ ਆਵਾਜਾਈ ਉਦਯੋਗ ਲਈ ਲੋੜੀਂਦੇ ਤਕਨੀਕੀ ਹੁਨਰਾਂ ਨਾਲ ਲੈਸ ਕੀਤਾ ਜਾਵੇਗਾ।

ਉਨ੍ਹਾਂ ਦੱਸਿਆ ਕਿ ਦੂਜਾ ਸਮਝੌਤਾ ਪੀਐਸਡੀਐਮ, ਨਾਰਦਰਨ ਇੰਡੀਆ ਇੰਸਟੀਚਿਊਟ ਆਫ਼ ਫੈਸ਼ਨ ਟੈਕਨਾਲੋਜੀ (ਐਨਆਈਆਈ ਐਫਟੀ), ਉਦਯੋਗ ਤੇ ਵਣਜ ਵਿਭਾਗ, ਪੰਜਾਬ ਸਰਕਾਰ ਅਤੇ ਫੁੱਟਵੀਅਰ ਡਿਜ਼ਾਈਨ ਐਂਡ ਡਿਵੈਲਪਮੈਂਟ ਇੰਸਟੀਚਿਊਟ (ਐਫਡੀਡੀਆਈ) ਦਰਮਿਆਨ ਸਹੀਬੱਧ ਕੀਤਾ ਗਿਆ, ਜੋ ਉਦਯੋਗਾਂ ਦੀਆਂ ਲੋੜਾਂ ਮੁਤਾਬਕ ਅਤੇ ਰੁਜ਼ਗਾਰ ਅਧਾਰਤ ਸਿਖਲਾਈ ’ਤੇ ਕੇਂਦ੍ਰਿਤ ਹੋਵੇਗਾ। ਇਸ ਵਿੱਚ ਫੁੱਟਵੀਅਰ ਅੱਪਰ ਸਟਿੱਚਿੰਗ ਟੈਕਨੀਸ਼ੀਅਨ, ਸਪੋਰਟਸ ਫੁੱਟਵੀਅਰ ਅਸੈਂਬਲੀ ਟੈਕਨੀਸ਼ੀਅਨ, ਫੁੱਟਵੀਅਰ ਸੀਏਡੀ/ਸੀਏਐਮ ਅਪਰੇਟਰ ਅਤੇ ਫੁੱਟਵੀਅਰ ਪੈਟਰਨ ਕਟਰ ਦੀ ਸਿਖਲਾਈ ਦਿੱਤੀ ਜਾਵੇਗੀ।

ਪੈਟਰੋਲ ਪੰਪ ’ਤੇ ਮੁੜ ਸਰਕਾਰੀ ਅਧਿਕਾਰੀਆਂ ਦੀ ਰੇਡ, ਜਗਮੀਤ ਸਿੰਘ ਹਰਿਆਊ ਨੇ ਹਾਕਮ ਧਿਰ ’ਤੇ ਕੱਢੀ ਭੜਾਸ



ਪਾਤੜਾਂ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਸ਼੍ਰੋਮਣੀ ਅਕਾਲੀ ਦਲ ਦੇ ਪਟਿਆਲਾ ਜ਼ਿਲ੍ਹਾ ਪ੍ਰਧਾਨ ਜਗਮੀਤ ਸਿੰਘ ਹਰਿਆਊ ਦੇ ਨਰਵਾਣਾ ਰੋਡ, ਪਾਤੜਾਂ ਵਿਖੇ ਸਥਿਤ ਪੈਟਰੋਲ ਪੰਪ ’ਤੇ ਇੱਕ ਵਾਰ ਫਿਰ ਸਰਕਾਰੀ ਅਧਿਕਾਰੀਆਂ ਵੱਲੋਂ ਰੇਡ ਕਰਕੇ ਚੈਕਿੰਗ ਕੀਤੇ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਵੀ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਨਾਲ ਸਬੰਧਤ ਹੋਟਲ ਅਤੇ ਮੈਰਿਜ ਪੈਲੇਸ ਵਿਖੇ ਸਰਕਾਰੀ ਅਧਿਕਾਰੀਆਂ ਵੱਲੋਂ ਛਾਪੇਮਾਰੀ ਕਰਕੇ ਜਾਂਚ ਕੀਤੀ ਗਈ ਸੀ। ਲਗਾਤਾਰ ਹੋ ਰਹੀਆਂ ਇਨ੍ਹਾਂ ਕਾਰਵਾਈਆਂ ਨੂੰ ਲੈ ਕੇ ਸਿਆਸੀ ਹਲਕਿਆਂ ਵਿੱਚ ਚਰਚਾ ਤੇਜ਼ ਹੋ ਗਈ ਹੈ। ਇਸ ਮੌਕੇ ਗੱਲਬਾਤ ਕਰਦਿਆਂ ਜਗਮੀਤ ਸਿੰਘ ਹਰਿਆਊ ਨੇ ਕਿਹਾ ਕਿ ਹਾਕਮ ਸਰਕਾਰ ਵੱਲੋਂ ਸ਼੍ਰੋਮਣੀ ਅਕਾਲੀ ਦਲ ਨੂੰ ਸਿਆਸੀ ਤੌਰ ’ਤੇ ਦਬਾਉਣ ਲਈ ਵੱਖ-ਵੱਖ ਹਥਕੰਡੇ ਅਪਣਾਏ ਜਾ ਰਹੇ ਹਨ, ਪਰ ਪਾਰਟੀ ਦੇ ਆਗੂ ਅਜਿਹੀਆਂ ਕਾਰਵਾਈਆਂ ਤੋਂ ਘਬਰਾਉਣ ਵਾਲੇ ਨਹੀਂ ਹਨ ਅਤੇ ਹਰ ਕਾਰਵਾਈ ਦਾ ਡਟ ਕੇ ਸਾਹਮਣਾ ਕਰਨਗੇ।

ਉਨ੍ਹਾਂ ਕਿਹਾ ਕਿ ਪਟਿਆਲਾ ਜ਼ਿਲ੍ਹੇ ਅੰਦਰ ਸ਼੍ਰੋਮਣੀ ਅਕਾਲੀ ਦਲ ਦੀ ਵਧ ਰਹੀ ਲੋਕਪ੍ਰਿਯਤਾ ਅਤੇ ਮਜ਼ਬੂਤ ਹੋ ਰਹੇ ਜਨ ਆਧਾਰ ਨੂੰ ਦੇਖ ਕੇ ਹਾਕਮ ਧਿਰ ਬੁਖਲਾਹਟ ਵਿੱਚ ਆਈ ਹੋਈ ਹੈ। ਇਸੇ ਬੁਖਲਾਹਟ ਤਹਿਤ ਉਨ੍ਹਾਂ ਦੇ ਲੰਮੇ ਸਮੇਂ ਤੋਂ ਚੱਲ ਰਹੇ ਕਾਰੋਬਾਰਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹਾ ਹੈ ਅਤੇ ਸਰਕਾਰੀ ਅਧਿਕਾਰੀਆਂ ਰਾਹੀਂ ਵਾਰ-ਵਾਰ ਛਾਪੇਮਾਰੀ ਕਰਵਾ ਕੇ ਉਨ੍ਹਾਂ ਨੂੰ ਤੰਗ-ਪਰੇਸ਼ਾਨ ਕਰਨ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਜ਼ਿਲ੍ਹਾ ਪ੍ਰਧਾਨ ਨੇ ਕਿਹਾ ਕਿ ਉਨ੍ਹਾਂ ਦੇ ਕਾਰੋਬਾਰ ਕਾਫ਼ੀ ਲੰਮੇ ਸਮੇਂ ਤੋਂ ਚੱਲ ਰਹੇ ਹਨ ਅਤੇ ਉਨ੍ਹਾਂ ਵੱਲੋਂ ਕਾਨੂੰਨ ਅਨੁਸਾਰ ਸਾਰੀਆਂ ਲੋੜੀਂਦੀਆਂ ਸ਼ਰਤਾਂ ਅਤੇ ਨਿਯਮਾਂ ਦੀ ਪਾਲਣਾ ਕੀਤੀ ਜਾਂਦੀ ਹੈ।

ਇਸ ਦੇ ਬਾਵਜੂਦ ਸਰਕਾਰੀ ਅਧਿਕਾਰੀਆਂ ਵੱਲੋਂ ਵਾਰ-ਵਾਰ ਚੈਕਿੰਗ ਅਤੇ ਛਾਪੇਮਾਰੀ ਕਰਨਾ ਕਈ ਸਵਾਲ ਖੜ੍ਹੇ ਕਰਦਾ ਹੈ। ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਦੇ ਦਬਾਅ ਹੇਠ ਅਧਿਕਾਰੀ ਅਜਿਹੀਆਂ ਕਾਰਵਾਈਆਂ ਕਰਕੇ ਲੋਕਾਂ ਵਿੱਚ ਦਹਿਸ਼ਤ ਦਾ ਮਾਹੌਲ ਪੈਦਾ ਕਰਨਾ ਚਾਹੁੰਦੇ ਹਨ, ਪਰ ਇਲਾਕੇ ਦੇ ਲੋਕ ਸਾਰੀ ਸਥਿਤੀ ਤੋਂ ਭਲੀ-ਭਾਂਤ ਜਾਣੂ ਹਨ।

ਉਨ੍ਹਾਂ ਸਪੱਸ਼ਟ ਕੀਤਾ ਕਿ ਅਜਿਹੀਆਂ ਕਾਰਵਾਈਆਂ ਨਾਲ ਨਾ ਤਾਂ ਉਨ੍ਹਾਂ ਦੇ ਹੌਸਲੇ ਪਸਤ ਹੋਣਗੇ ਅਤੇ ਨਾ ਹੀ ਸ਼੍ਰੋਮਣੀ ਅਕਾਲੀ ਦਲ ਦੀਆਂ ਸਰਗਰਮੀਆਂ ਨੂੰ ਰੋਕਿਆ ਜਾ ਸਕੇਗਾ। ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਵੱਡੀ ਗਿਣਤੀ ਵਿੱਚ ਆਗੂ ਅਤੇ ਵਰਕਰ ਵੀ ਮੌਜੂਦ ਸਨ।

ਭਗਵੰਤ ਮਾਨ ਸਰਕਾਰ ਨੇ ਲਗਪਗ 600 ਸਰਕਾਰੀ ਸਕੂਲਾਂ ਵਿੱਚ ਬੁਨਿਆਦੀ ਢਾਂਚੇ ਨੂੰ ਕੀਤਾ ਅਪਗ੍ਰੇਡ, ਦੋ ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਮਿਲ ਰਿਹੈ ਲਾਭ

➢ ਸਰਕਾਰੀ ਸਕੂਲ ਅਜਿਹੇ ਅਦਾਰੇ ਬਣਨੇ ਚਾਹੀਦੇ ਹਨ, ਜਿਨ੍ਹਾਂ ’ਤੇ ਹਰ ਬੱਚੇ ਅਤੇ ਮਾਪੇ ਮਾਣ ਕਰ ਸਕਣ ➢ ਅਪਗ੍ਰੇਡ ਕੀਤੇ ਗਏ ਕਲਾਸਰੂਮ, ਸਾਇੰਸ ਲੈਬਾਂ, ਲਾਇਬ੍ਰੇਰੀਆਂ ਅਤੇ ਆਰਟ ਰੂਮ ਵਿਦਿਆਰਥੀਆਂ ਨੂੰ ਸਿੱਖਣ ਲਈ ਬਿਹਤਰੀਨ ਮਾਹੌਲ ਪ੍ਰਦਾਨ ਕਰਦੇ ਹਨ ➢ਪੰਜਾਬ ਸਿੱਖਿਆ ਕ੍ਰਾਂਤੀ’ ਰਾਹੀਂ ਪੂਰੇ ਸੂਬੇ ਵਿੱਚ ਆਧੁਨਿਕ ਸਰਕਾਰੀ ਸਕੂਲ ਉਸਾਰੇ ਜਾ ਰਹੇ ਹਨ, ਜਿਸ ਨਾਲ ‘ਰੰਗਲਾ ਪੰਜਾਬ’ ਸਿਰਜਿਆ ਜਾਵੇਗਾ

ਚੰਡੀਗੜ੍ਹ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-

ਭਗਵੰਤ ਮਾਨ ਸਰਕਾਰ ਵੱਲੋਂ ਆਪਣੀ ਪ੍ਰਮੁੱਖ ਪਹਿਲਕਦਮੀ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ 27 ਅਕਤੂਬਰ ਤੋਂ 14 ਨਵੰਬਰ, 2026 ਤੱਕ ਸੂਬੇ ਭਰ ਵਿੱਚ ਸਕੂਲਾਂ ਦੇ ਬੁਨਿਆਦੀ ਢਾਂਚੇ ਦੀ ਅਪਗ੍ਰੇਡੇਸ਼ਨ ਸਬੰਧੀ ਮੁਹਿੰਮ ਚਲਾਈ ਗਈ, ਜੋ ਸੂਬੇ ਭਰ ਵਿੱਚ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਦੀ ਨੁਹਾਰ ਬਦਲਣ ਵਿੱਚ ਅਹਿਮ ਮੀਲ ਪੱਥਰ ਹੈ।

ਭਗਵੰਤ ਮਾਨ ਸਰਕਾਰ ਵੱਲੋਂ ਸਕੂਲਾਂ ਦੇ ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਲਈ ਵੱਡੇ ਪੱਧਰ ’ਤੇ ਕਦਮ ਚੁੱਕੇ ਗਏ ਹਨ ਤਾਂ ਜੋ ਸਰਕਾਰੀ ਸਕੂਲਾਂ ਨੂੰ ਆਧੁਨਿਕ, ਸਹੂਲਤਾਂ ਨਾਲ ਪੂਰੀ ਤਰ੍ਹਾਂ ਲੈਸ ਅਤੇ ਵਿਦਿਆਰਥੀ ਪੱਖੀ ਲਰਨਿੰਗ ਸਥਾਨ ਬਣਾਇਆ ਜਾ ਸਕੇ। ਇਸ ਮੁਹਿੰਮ ਦੇ ਹਿੱਸੇ ਵਜੋਂ ਲਗਪਗ 600 ਸਰਕਾਰੀ ਸਕੂਲਾਂ ਵਿੱਚ ਅਪਗ੍ਰੇਡ ਕੀਤੇ ਗਏ ਬੁਨਿਆਦੀ ਢਾਂਚੇ ਦਾ ਉਦਘਾਟਨ ਕੀਤਾ ਗਿਆ, ਜਿਸ ਨਾਲ 2 ਲੱਖ ਤੋਂ ਵੱਧ ਵਿਦਿਆਰਥੀਆਂ ਨੂੰ ਲਾਭ ਮਿਲ ਰਿਹਾ ਹੈ।

ਇਸ ਬਾਰੇ ਮੁੱਖ ਮੰਤਰੀ ਭਗਵੰਤ ਮਾਨ ਨੇ ਕਿਹਾ, ਅਸੀਂ ਸਰਕਾਰੀ ਸਕੂਲਾਂ ਨੂੰ ਅਜਿਹੀਆਂ ਸੰਸਥਾਵਾਂ ਵਿੱਚ ਬਦਲਣ ਲਈ ਵਚਨਬੱਧ ਹਾਂ, ਜਿਨ੍ਹਾਂ ’ਤੇ ਬੱਚੇ ਅਤੇ ਮਾਪੇ ਮਾਣ ਕਰ ਸਕਣ। ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਦੇ ਨਾਲ-ਨਾਲ ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਸਾਡੇ ਸਕੂਲ ਵਿਦਿਆਰਥੀਆਂ ਨੂੰ ਸਿੱਖਣ ਲਈ ਸੁਖਾਵਾਂ ਮਾਹੌਲ ਪ੍ਰਦਾਨ ਕਰਨ। ਬੁਨਿਆਦੀ ਢਾਂਚੇ ਵਿੱਚ ਕੀਤੇ ਜਾ ਰਹੇ ਇਹ ਸੁਧਾਰ ਉਸੇ ਸੁਪਨੇ ਨੂੰ ਸਾਕਾਰ ਕਰਨ ਵੱਲ ਅਹਿਮ ਕਦਮ ਹੈ।

ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨਾ ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਣ ਵਿੱਚ ਸਹਾਈ ਹੁੰਦਾ ਹੈ

ਬੁਨਿਆਦੀ ਢਾਂਚੇ ਨੂੰ ਅਪਗ੍ਰੇਡ ਕਰਨ ਸਬੰਧੀ ਕੰਮਾਂ ਵਿੱਚ ਵਾਧੂ ਕਲਾਸਰੂਮਾਂ, ਸਾਇੰਸ ਲੈਬਾਂ, ਲਾਇਬ੍ਰੇਰੀਆਂ, ਕਲਾ ਅਤੇ ਸ਼ਿਲਪਕਾਰੀ ਰੂਮ ਅਤੇ ਹੋਰ ਜ਼ਰੂਰੀ ਸਕੂਲੀ ਸਹੂਲਤਾਂ ਦੀ ਉਸਾਰੀ ਅਤੇ ਨਵੀਨੀਕਰਨ ਸ਼ਾਮਲ ਹੈ, ਜਿਸ ਦਾ ਉਦੇਸ਼ ਸਿੱਖਿਆ ਤੱਕ ਆਸਾਨ ਪਹੁੰਚ ਅਤੇ ਮਿਆਰੀ ਸਿੱਖਿਆ ਯਕੀਨੀ ਬਣਾਉਣਾ ਹੈ। ਇਹ ਪਹਿਲਕਦਮੀ ਸਾਧਾਰਨ ਬੁਨਿਆਦੀ ਢਾਂਚੇ ਤੋਂ ਗੁਣਵੱਤਾ ਵਾਲੇ ਬੁਨਿਆਦੀ ਢਾਂਚੇ ਵੱਲ ਤਬਦੀਲੀ ਨੂੰ ਦਰਸਾਉਂਦੀ ਹੈ, ਜਿਸ ਨਾਲ ਸਿੱਖਣ ਦੇ ਨਤੀਜੇ ਬਿਹਤਰ ਹੁੰਦੇ ਹੈ। ਅਪਗ੍ਰੇਡ ਕੀਤੇ ਕਲਾਸਰੂਮ, ਕਾਰਜਸ਼ੀਲ ਲੈਬਾਂ ਅਤੇ ਬਿਹਤਰ ਸਹੂਲਤਾਂ ਸਕੂਲਾਂ ਨੂੰ ਵਧੇਰੇ ਦਿਲਚਸਪ ਅਤੇ ਸਿੱਖਣ ਦੇ ਪ੍ਰਭਾਵਸ਼ਾਲੀ ਵਾਤਾਵਰਣ ਨੂੰ ਯਕੀਨੀ ਬਣਾ ਰਹੀਆਂ ਹਨ।

ਵੱਖ-ਵੱਖ ਜ਼ਿਲ੍ਹਿਆਂ ਵਿੱਚ ਉਦਘਾਟਨੀ ਸਮਾਗਮ ਸ਼ੁਰੂ ਹੋ ਗਏ ਹਨ, ਜਿਨ੍ਹਾਂ ਵਿੱਚ ਕੈਬਨਿਟ ਮੰਤਰੀਆਂ, ਵਿਧਾਇਕਾਂ, ਸਥਾਨਕ ਨੁਮਾਇੰਦਿਆਂ, ਭਾਈਚਾਰਕ ਆਗੂਆਂ, ਸਕੂਲ ਪ੍ਰਬੰਧਨ ਕਮੇਟੀਆਂ ਅਤੇ ਮਾਪਿਆਂ ਵੱਲੋਂ ਸਰਗਰਮ ਸ਼ਮੂਲੀਅਤ ਕੀਤੀ ਜਾ ਰਹੀ ਹੈ। ਇਹ ਵਿੱਦਿਅਕ ਤਬਦੀਲੀ ਪੂਰੀ ਤਰ੍ਹਾਂ ਭਾਈਚਾਰੇ ਦੇ ਸਹਿਯੋਗ ਨਾਲ ਸੰਭਵ ਹੋ ਰਹੀ ਹੈ। ਸਕੂਲਾਂ ਵਿੱਚ ਸੁਰੱਖਿਅਤ ਅਤੇ ਸਹੂਲਤਾਂ ਨਾਲ ਭਰਪੂਰ ਮਾਹੌਲ ਸਿਰਜ ਕੇ ਸਰਕਾਰ ਵਿਦਿਆਰਥੀਆਂ ਦੀ ਹਾਜ਼ਰੀ, ਉਨ੍ਹਾਂ ਦੀ ਸ਼ਮੂਲੀਅਤ ਅਤੇ ਸਿੱਖਣ ਦੇ ਸਮੁੱਚੇ ਤਜਰਬੇ ਨੂੰ ਬਿਹਤਰ ਬਣਾਏਗੀ।

ਸੂਬੇ ਭਰ ਦੇ ਅਧਿਆਪਕਾਂ ਨੇ ਬੁਨਿਆਦੀ ਢਾਂਚੇ ਵਿੱਚ ਸੁਧਾਰਾਂ ਦੇ ਪ੍ਰਭਾਵ ਦੀ ਕੀਤੀ ਸ਼ਲਾਘਾ

ਮਾਨਸਾ ਦੇ ਜੀ.ਐਸ.ਐਸ.ਐਸ. ਰੰਘੜਿਆਲ ਦੇ ਅਧਿਆਪਕ ਅਮਰਜੀਤ ਸਿੰਘ ਚਾਹਲ ਨੇ ਕਿਹਾ, ਕਲਾਸਰੂਮਾਂ, ਲੈਬਾਂ ਅਤੇ ਸਕੂਲਾਂ ਵਿੱਚ ਸੁਧਾਰ ਹੋਣ ਨਾਲ ਅਸੀਂ ਪਾਠਾਂ ਨੂੰ ਵਧੇਰੇ ਪ੍ਰਭਾਵਸ਼ਾਲੀ ਢੰਗ ਨਾਲ ਪੜ੍ਹਾਉਣ ਦੇ ਯੋਗ ਹੋਏ ਹਾਂ। ਵਿਦਿਆਰਥੀ ਪੜ੍ਹਾਈ ਵਿੱਚ ਵਧੇਰੇ ਦਿਲਚਸਪੀ ਲੈ ਰਹੇ ਹਨ ਅਤੇ ਅਸੀਂ ਅਧਿਆਪਨ ਅਤੇ ਸਿੱਖਣ ਦੀ ਪ੍ਰਕਿਰਿਆ ’ਤੇ ਬਿਹਤਰ ਢੰਗ ਨਾਲ ਧਿਆਨ ਕੇਂਦਰਿਤ ਕਰ ਸਕਦੇ ਹਾਂ।

ਫਾਜ਼ਿਲਕਾ ਦੇ ਜੀ.ਪੀ.ਐਸ. ਚੰਨਣਵਾਲਾ ਦੇ ਅਧਿਆਪਕ ਲਵਜੀਤ ਗਰੇਵਾਲ ਨੇ ਕਿਹਾ, ਬੁਨਿਆਦੀ ਢਾਂਚੇ ਵਿੱਚ ਤਬਦੀਲੀ ਸਦਕਾ ਸਕੂਲਾਂ ਵਿੱਚ ਬੱਚਿਆਂ ਦੀ ਆਮਦ ਵਧ ਰਹੀ ਹੈ। ਇਸ ਨਾਲ ਹਾਜ਼ਰੀ ਵਿੱਚ ਸੁਧਾਰ ਹੋਇਆ ਹੈ ਅਤੇ ਬੱਚਿਆਂ ਲਈ ਸਿੱਖਣ ਵਾਸਤੇ ਵਧੇਰੇ ਸਕਾਰਾਤਮਕ ਦਾ ਮਾਹੌਲ ਸਿਰਜਿਆ ਗਿਆ ਹੈ। ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਭਗਵੰਤ ਮਾਨ ਸਰਕਾਰ ਸੁਰੱਖਿਅਤ ਅਤੇ ਵਿਦਿਆਰਥੀ-ਅਨੁਕੂਲ ਸਿੱਖਣ ਦਾ ਮਾਹੌਲ ਯਕੀਨੀ ਬਣਾਉਂਦੇ ਹੋਏ ਕਲਾਸਰੂਮਾਂ, ਲੈਬਾਂ, ਲਾਇਬ੍ਰੇਰੀਆਂ ਅਤੇ ਹੋਰ ਜ਼ਰੂਰੀ ਸਕੂਲੀ ਸਹੂਲਤਾਂ ਨੂੰ ਅਪਗ੍ਰੇਡ ਕਰਨ ’ਤੇ ਧਿਆਨ ਕੇਂਦਰਿਤ ਕਰਨਾ ਜਾਰੀ ਰੱਖੇਗੀ। ਇਸ ਪਹਿਲਕਦਮੀ ਤਹਿਤ ਸਰਕਾਰੀ ਸਕੂਲਾਂ ਨੂੰ ਮਜ਼ਬੂਤ ਕਰਨ ਲਈ ਮਾਪਿਆਂ, ਸਕੂਲ ਪ੍ਰਬੰਧਨ ਕਮੇਟੀਆਂ ਅਤੇ ਸਥਾਨਕ ਆਗੂਆਂ ਦੀ ਸ਼ਮੂਲੀਅਤ ’ਤੇ ਵੀ ਜ਼ੋਰ ਦਿੱਤਾ ਗਿਆ ਹੈ। ਬੁਨਿਆਦੀ ਢਾਂਚੇ ਵਿੱਚ ਸੁਧਾਰ ਵਿਦਿਆਰਥੀਆਂ ਦੀ ਬਿਹਤਰ ਹਾਜ਼ਰੀ, ਸ਼ਮੂਲੀਅਤ ਅਤੇ ਸਿੱਖਣ ਦੇ ਨਤੀਜਿਆਂ ਨੂੰ ਬਿਹਤਰ ਬਣਾਉਂਦਾ ਹੈ।

ਪੰਜਾਬ ਸਿੱਖਿਆ ਕ੍ਰਾਂਤੀ’ ਇੱਕ ਵਿਆਪਕ ਅਤੇ ਮਿਆਰੀ ਸਿੱਖਿਆ ਪ੍ਰਣਾਲੀ ਦੀ ਸਿਰਜਣਾ ਵੱਲ ਫੈਸਲਾਕੁਨ ਕਦਮ ਹੈ, ਜਿਸ ਤਹਿਤ ਭਗਵੰਤ ਮਾਨ ਸਰਕਾਰ ਕਲਾਸਰੂਮਾਂ ਦੀ ਨੁਹਾਰ ਬਦਲਣ ਅਤੇ ‘ਰੰਗਲਾ ਪੰਜਾਬ’ ਸਿਰਜਣ ਲਈ ਕੰਮ ਕਰ ਰਹੀ ਹੈ।



ਹਰਿਆਣਾ ਖ਼ਬਰਨਾਮਾ



ਰਾਜ ਪੱਧਰੀ ਕਪਾਲਮੋਚਨ ਮੇਲੇ ਨੂੰ ਦਿੱਤਾ ਜਾਵੇ ਭਵ ਅਤੇ ਦਿਵ ਸਰੂਪ, ਸ਼ਰਧਾਲੂਆਂ ਦੀਆਂ ਸਹੂਲਤਾਂ ਵਿੱਚ ਨਾ ਰਹੇ ਕੋਈ ਕਮੀ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ, 12 ਨਵੰਬਰ
-ਸੰਜੀਵ ਸ਼ਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਯਮੁਨਾਨਗਰ ਜ਼ਿਲ੍ਹੇ ਦੇ ਬਿਲਾਸਪੁਰ ਵਿੱਚ ਆਯੋਜਿਤ ਹੋਣ ਵਾਲੇ ਰਾਜ ਪੱਧਰੀ ਕਪਾਲਮੋਚਨ ਮੇਲੇ ਨੂੰ ਸ਼ਾਨਦਾਰ, ਦਿਵਯ ਅਤੇ ਆਕਰਸ਼ਕ ਸਰੂਪ ਪ੍ਰਦਾਨ ਕੀਤਾ ਜਾਵੇ। ਮੇਲੇ ਵਿੱਚ ਆਉਣ ਵਾਲੇ ਲੱਖਾਂ ਸ਼ਰਧਾਲੂਆਂ ਨੂੰ ਅਧਿਆਤਮਿਕ ਵਾਤਾਵਰਣ ਦੇ ਨਾਲ-ਨਾਲ ਬਿਹਤਰ ਸਹੂਲਤਾਂ ਉਪਲਬਧ ਕਰਵਾਈਆਂ ਜਾਣ, ਤਾਂ ਜੋ ਉਨ੍ਹਾਂ ਨੂੰ ਕਿਸੇ ਵੀ ਪ੍ਰਕਾਰ ਦੀ ਤਕਲੀਫ਼ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਕਿਹਾ ਕਿ ਇਹ ਇਤਿਹਾਸਕ ਮੇਲਾ ਸੂਬੇ ਦੀ ਅਮੀਰ ਧਾਰਮਿਕ, ਸੱਭਿਆਚਾਰਕ ਅਤੇ ਅਧਿਆਤਮਿਕ ਵਿਰਾਸਤ ਦਾ ਪ੍ਰਤੀਕ ਹੈ। ਇਸ ਦੀ ਗਰਿਮਾ ਅਤੇ ਇਤਿਹਾਸਕ ਮਹੱਤਤਾ ਦੇ ਅਨੁਕੂਲ ਸਾਰੀਆਂ ਤਿਆਰੀਆਂ ਸਮਾਂਬੱਧ ਢੰਗ ਨਾਲ ਪੂਰੀਆਂ ਕੀਤੀਆਂ ਜਾਣ।

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਮੰਗਲਵਾਰ ਨੂੰ ਰਾਜ ਪੱਧਰੀ ਕਪਾਲਮੋਚਨ ਮੇਲੇ ਦੀਆਂ ਤਿਆਰੀਆਂ ਦੀ ਸਮੀਖਿਆ ਲਈ ਆਯੋਜਿਤ ਉੱਚ-ਪੱਧਰੀ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਬਿਲਾਸਪੁਰ ਵਿੱਚ ਲਗਭਗ 122 ਏਕੜ ਖੇਤਰ ਵਿੱਚ 20 ਤੋਂ 24 ਨਵੰਬਰ ਤੱਕ ਆਯੋਜਿਤ ਹੋਣ ਵਾਲੇ ਇਸ ਪੰਜ ਰੋਜ਼ਾ ਮੇਲੇ ਵਿੱਚ ਸ਼ਰਧਾਲੂਆਂ ਦੀ ਸਹੂਲਤ, ਸੁਰੱਖਿਆ, ਸਫ਼ਾਈ ਅਤੇ ਸੁਚਾਰੂ ਆਵਾਜਾਈ ਨੂੰ ਸਰਵਉੱਚ ਪਹਿਲ ਦਿੱਤੀ ਜਾਵੇ।

ਮੀਟਿੰਗ ਵਿੱਚ ਮੁੱਖ ਸਕੱਤਰ ਸ਼੍ਰੀ ਅਨੁਰਾਗ ਰਸਤੋਗੀ, ਮੁੱਖ ਮੰਤਰੀ ਦੇ ਉਪ ਪ੍ਰਧਾਨ ਸਕੱਤਰ ਡਾ. ਯਸ਼ਪਾਲ ਯਾਦਵ, ਮੁੱਖ ਮੰਤਰੀ ਦੇ ਓ.ਐਸ.ਡੀ. ਸ਼੍ਰੀ ਬੀ.ਬੀ. ਭਾਰਤੀ, ਸੂਚਨਾ, ਲੋਕ ਸੰਪਰਕ ਅਤੇ ਭਾਸ਼ਾ ਵਿਭਾਗ ਦੇ ਨਿਰਦੇਸ਼ਕ ਡਾ. ਆਦਿੱਤਿਆ ਦਹੀਆ, ਯਮੁਨਾਨਗਰ ਦੀ ਡਿਪਟੀ ਕਮਿਸ਼ਨਰ ਸ਼੍ਰੀਮਤੀ ਪ੍ਰੀਤੀ, ਵਿਭਾਗ ਦੇ ਵਧੀਕ ਨਿਰਦੇਸ਼ਕ ਸ਼੍ਰੀ ਵਿਵੇਕ ਕਾਲੀਆ ਅਤੇ ਯਮੁਨਾਨਗਰ ਦੇ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਨਵੀਨ ਆਹੂਜਾ ਸਮੇਤ ਹੋਰ ਸੀਨੀਅਰ ਅਧਿਕਾਰੀ ਹਾਜ਼ਰ ਸਨ।

ਮੇਲੇ ਵਿੱਚ ਦਿਸੇਗੀ ਸਿੱਖ ਗੁਰੂਆਂ ਦੀ ਗੌਰਵਸ਼ਾਲੀ ਵਿਰਾਸਤ, ਜਨ-ਕਲਿਆਣਕਾਰੀ ਯੋਜਨਾਵਾਂ ਦੀ ਵੀ ਮਿਲੇਗੀ ਜਾਣਕਾਰੀ:

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਕਪਾਲਮੋਚਨ ਮੇਲੇ ਵਿੱਚ ਇੱਕ ਭਵ ਅਤੇ ਆਕਰਸ਼ਕ ਪ੍ਰਦਰਸ਼ਨੀ ਲਗਾਈ ਜਾਵੇ, ਜਿਸ ਵਿੱਚ ਸਿੱਖ ਧਰਮ ਦੇ ਸਾਰੇ ਦਸ ਗੁਰੂਆਂ ਦੇ ਗੌਰਵਸ਼ਾਲੀ ਇਤਿਹਾਸ, ਉਨ੍ਹਾਂ ਦੇ ਜੀਵਨ ਦਰਸ਼ਨ, ਸਿੱਖਿਆਵਾਂ ਅਤੇ ਸਮਾਜ ਲਈ ਯੋਗਦਾਨ ਨੂੰ ਤਸਵੀਰਾਂ ਸਮੇਤ ਪ੍ਰਦਰਸ਼ਿਤ ਕੀਤਾ ਜਾਵੇ। ਇਸ ਦੇ ਨਾਲ ਹੀ ਕੇਂਦਰ ਅਤੇ ਰਾਜ ਸਰਕਾਰ ਦੀਆਂ ਵੱਖ-ਵੱਖ ਵਿਕਾਸਮੁਖੀ ਅਤੇ ਜਨ-ਕਲਿਆਣਕਾਰੀ ਯੋਜਨਾਵਾਂ ਦੀ ਜਾਣਕਾਰੀ ਵੀ ਆਮ ਲੋਕਾਂ ਤੱਕ ਪਹੁੰਚਾਈ ਜਾਵੇ। ਉਨ੍ਹਾਂ ਕਿਹਾ ਕਿ ਪ੍ਰਦਰਸ਼ਨੀ ਵਿੱਚ ਪਹਿਲੇ ਆਜ਼ਾਦੀ ਸੰਗਰਾਮ 1857 ਦੀ ਯਾਦ ਵਿੱਚ ਅੰਬਾਲਾ ਵਿੱਚ ਬਣਾਏ ਗਏ ਸ਼ਹੀਦੀ ਸਮਾਰਕ ਦੀ ਇਤਿਹਾਸਕ ਮਹੱਤਤਾ ਨੂੰ ਵੀ ਪ੍ਰਮੁੱਖਤਾ ਨਾਲ ਦਰਸਾਇਆ ਜਾਵੇ, ਤਾਂ ਜੋ ਸ਼ਰਧਾਲੂ ਦੇਸ਼ ਦੇ ਮਹਾਨ ਆਜ਼ਾਦੀ ਘੁਲਾਟੀਆਂ ਦੇ ਬਲੀਦਾਨ ਅਤੇ ਸੰਘਰਸ਼ ਤੋਂ ਜਾਣੂ ਹੋ ਸਕਣ। ਇਸ ਤੋਂ ਇਲਾਵਾ ਐਲ.ਈ.ਡੀ. ਸਕ੍ਰੀਨਾਂ ਰਾਹੀਂ ਲਘੂ ਫ਼ਿਲਮਾਂ ਦਾ ਪ੍ਰਦਰਸ਼ਨ ਕਰਕੇ ਸੂਬੇ ਦੀ ਵਿਕਾਸ ਯਾਤਰਾ ਅਤੇ ਵੱਖ-ਵੱਖ ਜਨ-ਕਲਿਆਣਕਾਰੀ ਯੋਜਨਾਵਾਂ ਦੀ ਜਾਣਕਾਰੀ ਦਿੱਤੀ ਜਾਵੇ।

ਮੁੱਖ ਮੰਤਰੀ ਨੇ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਦੇ ਵਿਸ਼ੇਸ਼ ਮਹਿਮਾਨ ਵੀ ਇਸ ਪ੍ਰਦਰਸ਼ਨੀ ਦਾ ਨਿਰੀਖਣ ਕਰਨਗੇ। ਉਨ੍ਹਾਂ ਦੱਸਿਆ ਕਿ ਸੰਤ-ਮਹਾਪੁਰਸ਼ ਸਨਮਾਨ ਅਤੇ ਵਿਚਾਰ ਪ੍ਰਸਾਰ ਯੋਜਨਾ ਤਹਿਤ 24 ਨਵੰਬਰ ਨੂੰ ਸਿੱਖਾਂ ਦੇ ਪਹਿਲੇ ਗੁਰੂ ਸ਼੍ਰੀ ਗੁਰੂ ਨਾਨਕ ਦੇਵ ਜੀ ਦਾ ਰਾਜ ਪੱਧਰੀ ਪ੍ਰਕਾਸ਼ ਪੁਰਬ ਵੀ ਬਿਲਾਸਪੁਰ ਵਿੱਚ ਮਨਾਇਆ ਜਾਵੇਗਾ।

ਗੁਰੂ ਨਾਨਕ ਦੇਵ ਜੀ ਦੇ ਜੀਵਨ 'ਤੇ ਆਧਾਰਿਤ ਡਰੋਨ ਸ਼ੋਅ ਅਤੇ ਲਾਈਟ ਐਂਡ ਸਾਊਂਡ ਸ਼ੋਅ ਹੋਣਗੇ ਵਿਸ਼ੇਸ਼ ਖਿੱਚ:

ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਮੇਲੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਨੂੰ ਇੱਕ ਯਾਦਗਾਰ ਅਧਿਆਤਮਿਕ ਅਤੇ ਸੱਭਿਆਚਾਰਕ ਤਜਰਬਾ ਪ੍ਰਦਾਨ ਕਰਨ ਲਈ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਇਸ ਮੌਕੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਜੀਵਨ, ਸਿੱਖਿਆਵਾਂ ਅਤੇ ਮਾਨਵਤਾ ਲਈ ਉਨ੍ਹਾਂ ਦੇ ਸੰਦੇਸ਼ 'ਤੇ ਆਧਾਰਿਤ ਭਵ ਡਰੋਨ ਸ਼ੋਅ ਅਤੇ ਲਾਈਟ ਐਂਡ ਸਾਊਂਡ ਸ਼ੋਅ ਆਯੋਜਿਤ ਕੀਤੇ ਜਾਣ।

ਉਨ੍ਹਾਂ ਕਿਹਾ ਕਿ ਮੇਲੇ ਦੇ ਸਾਰੇ ਮੁੱਖ ਦਾਖਲਾ ਮਾਰਗਾਂ 'ਤੇ ਆਕਰਸ਼ਕ ਅਤੇ ਭਵ ਸੁਆਗਤੀ ਗੇਟ ਬਣਾਏ ਜਾਣ। ਇਹਨਾਂ ਸੁਆਗਤੀ ਗੇਟਾਂ ਦੇ ਨਾਂ ਸ਼੍ਰੀ ਗੁਰੂ ਨਾਨਕ ਦੇਵ ਜੀ, ਬਾਬਾ ਬੰਦਾ ਸਿੰਘ ਬਹਾਦਰ ਸਮੇਤ ਹੋਰ ਮਹਾਨ ਸੰਤਾਂ ਅਤੇ ਮਹਾਪੁਰਸ਼ਾਂ ਦੇ ਨਾਂ 'ਤੇ ਰੱਖੇ ਜਾਣ। ਸੁਆਗਤੀ ਗੇਟਾਂ ਅਤੇ ਮੇਲਾ ਪਰਿਸਰ ਵਿੱਚ ਗੁਰਬਾਣੀ ਦੇ ਪਵਿੱਤਰ ਬੋਲ ਗੂੰਜਦੇ ਰਹਿਣ, ਤਾਂ ਜੋ ਸ਼ਰਧਾਲੂਆਂ ਨੂੰ ਅਧਿਆਤਮਿਕ ਵਾਤਾਵਰਣ ਦੀ ਮਹਿਸੂਸਗੀ ਹੋਵੇ।

ਸ਼ਰਧਾਲੂਆਂ ਲਈ ਲੰਗਰ, ਰਹਿਣ, ਸਾਫ਼ ਪੀਣ ਵਾਲੇ ਪਾਣੀ ਅਤੇ ਪਖਾਨਿਆਂ ਦੇ ਹੋਣ ਯੋਗ ਪ੍ਰਬੰਧ:

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮੇਲੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਦੀ ਸਹੂਲਤ ਲਈ ਵਿਆਪਕ ਪੱਧਰ 'ਤੇ ਇੰਤਜ਼ਾਮ ਯਕੀਨੀ ਬਣਾਏ ਜਾਣ। ਸ਼ਰਧਾਲੂਆਂ ਲਈ ਲੰਗਰ/ਭੰਡਾਰੇ, ਠਹਿਰਨ ਲਈ ਢੁਕਵੀਆਂ ਥਾਵਾਂ, ਸਾਫ਼ ਪੀਣ ਵਾਲਾ ਪਾਣੀ ਅਤੇ ਔਰਤਾਂ ਤੇ ਮਰਦਾਂ ਲਈ ਅਲੱਗ-ਅਲੱਗ ਪਖਾਨਿਆਂ ਦਾ ਪ੍ਰਬੰਧ ਕੀਤਾ ਜਾਵੇ।

ਉਨ੍ਹਾਂ ਨਿਰਦੇਸ਼ ਦਿੱਤੇ ਕਿ ਮੇਲਾ ਖੇਤਰ ਵਿੱਚ ਸਾਫ਼-ਸਫ਼ਾਈ ਦਾ ਵਿਸ਼ੇਸ਼ ਧਿਆਨ ਰੱਖਿਆ ਜਾਵੇ ਅਤੇ ਨਿਰਧਾਰਿਤ ਥਾਵਾਂ 'ਤੇ ਕਾਫ਼ੀ ਗਿਣਤੀ ਵਿੱਚ ਕੂੜੇਦਾਨ ਰੱਖੇ ਜਾਣ। ਸਫ਼ਾਈ ਵਿਵਸਥਾ ਅਜਿਹੀ ਹੋਵੇ ਕਿ ਪੂਰੇ ਮੇਲਾ ਖੇਤਰ ਵਿੱਚ ਕਿਤੇ ਵੀ ਕੂੜਾ-ਕਰਕਟ ਨਜ਼ਰ ਨਾ ਆਵੇ।

ਮੁੱਖ ਮੰਤਰੀ ਨੇ ਕਿਹਾ ਕਿ ਮੇਲੇ ਵਿੱਚ ਸਵੈ-ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਸਵਦੇਸ਼ੀ ਉਤਪਾਦਾਂ ਦੀ ਪ੍ਰਦਰਸ਼ਨੀ ਅਤੇ ਵਿਕਰੀ ਲਈ ਵੀ ਵਿਸ਼ੇਸ਼ ਪ੍ਰਬੰਧ ਕੀਤੇ ਜਾਣ। ਇਸ ਨਾਲ ਸ਼ਰਧਾਲੂਆਂ ਨੂੰ ਸਥਾਨਕ ਅਤੇ ਸਵਦੇਸ਼ੀ ਉਤਪਾਦਾਂ ਤੋਂ ਜਾਣੂ ਹੋਣ ਦਾ ਮੌਕਾ ਮਿਲੇਗਾ। ਇਸ ਤੋਂ ਇਲਾਵਾ ਵੱਖ-ਵੱਖ ਥਾਵਾਂ 'ਤੇ ਐਲ.ਈ.ਡੀ. ਸਕ੍ਰੀਨਾਂ ਲਗਾਈਆਂ ਜਾਣ, ਤਾਂ ਜੋ ਸ਼ਰਧਾਲੂ ਮੇਲੇ ਦੇ ਮੁੱਖ ਪ੍ਰੋਗਰਾਮਾਂ ਦਾ ਆਨੰਦ ਮਾਣ ਸਕਣ।

ਕਪਾਲਮੋਚਨ ਮੇਲੇ ਦਾ ਵਿਸ਼ੇਸ਼ ਧਾਰਮਿਕ ਅਤੇ ਪੌਰਾਣਿਕ ਮਹੱਤਵ, ਕਈ ਰਾਜਾਂ ਤੋਂ ਪਹੁੰਚਦੇ ਹਨ ਲੱਖਾਂ ਸ਼ਰਧਾਲੂ :

ਮੁੱਖ ਮੰਤਰੀ ਨੇ ਕਿਹਾ ਕਿ ਕੱਤਕ ਦੀ ਪੂਰਨਮਾਸ਼ੀ ਅਤੇ ਸ਼੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਦੇ ਮੌਕੇ 'ਤੇ ਆਯੋਜਿਤ ਹੋਣ ਵਾਲਾ ਇਤਿਹਾਸਕ ਕਪਾਲਮੋਚਨ ਮੇਲਾ ਸ਼ਰਧਾ, ਅਕੀਦਤ ਅਤੇ ਅਧਿਆਤਮਿਕ ਪਰੰਪਰਾਵਾਂ ਦਾ ਮਹੱਤਵਪੂਰਨ ਕੇਂਦਰ ਹੈ। ਇਸ ਮੇਲੇ ਵਿੱਚ ਹਰ ਸਾਲ ਹਰਿਆਣਾ ਤੋਂ ਇਲਾਵਾ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਸਮੇਤ ਵੱਖ-ਵੱਖ ਰਾਜਾਂ ਤੋਂ ਲੱਖਾਂ ਸ਼ਰਧਾਲੂ ਪਹੁੰਚਦੇ ਹਨ। ਉਨ੍ਹਾਂ ਕਿਹਾ ਕਿ ਕਪਾਲਮੋਚਨ ਤੀਰਥ ਦਾ ਵਿਸ਼ੇਸ਼ ਪੌਰਾਣਿਕ ਮਹੱਤਵ ਹੈ। ਇੱਥੇ ਸਥਿਤ ਸ਼੍ਰੀ ਕਪਾਲਮੋਚਨ, ਸ਼੍ਰੀ ਰਿਣਮੋਚਨ ਅਤੇ ਸ਼੍ਰੀ ਸੂਰਜਕੁੰਡ ਸਰੋਵਰ ਸ਼ਰਧਾਲੂਆਂ ਦੀ ਡੂੰਘੀ ਅਕੀਦਤ ਦੇ ਕੇਂਦਰ ਹਨ। ਸ਼ਰਧਾਲੂ ਇਹਨਾਂ ਪਵਿੱਤਰ ਸਰੋਵਰਾਂ ਵਿੱਚ ਸ਼ਰਧਾ ਦੀ ਡੁਬਕੀ ਲਗਾਉਂਦੇ ਹਨ। ਉਨ੍ਹਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਇਹਨਾਂ ਸਰੋਵਰਾਂ ਦੀ ਲੋੜੀਂਦੀ ਮੁਰੰਮਤ ਅਤੇ ਸਾਫ਼-ਸਫ਼ਾਈ ਕਰਵਾਈ ਜਾਵੇ ਅਤੇ ਇਸ਼ਨਾਨ ਲਈ ਸਾਫ਼ ਜਲ ਦੀ ਢੁਕਵੀਂ ਵਿਵਸਥਾ ਯਕੀਨੀ ਬਣਾਈ ਜਾਵੇ।

ਮੇਲੇ ਵੱਲ ਜਾਣ ਵਾਲੀਆਂ ਸੜਕਾਂ ਦੀ ਹੋਵੇ ਮੁਰੰਮਤ, ਰੋਸ਼ਨੀ ਦੇ ਪ੍ਰਬੰਧ ਅਤੇ ਸੀ.ਸੀ.ਟੀ.ਵੀ. ਕੈਮਰਿਆਂ ਨਾਲ ਹੋਵੇਗੀ ਨਿਗਰਾਨੀ:

ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਮੇਲੇ ਵੱਲ ਜਾਣ ਵਾਲੀਆਂ ਸਾਰੀਆਂ ਸੜਕਾਂ ਦੀ ਲੋੜੀਂਦੀ ਮੁਰੰਮਤ ਸਮਾਂ ਰਹਿੰਦੇ ਪੂਰੀ ਕਰਵਾਈ ਜਾਵੇ। ਸਾਰੇ ਮੁੱਖ ਮਾਰਗਾਂ 'ਤੇ ਰੋਸ਼ਨੀ ਦੇ ਢੁਕਵੇਂ ਪ੍ਰਬੰਧ ਯਕੀਨੀ ਬਣਾਏ ਜਾਣ ਅਤੇ ਸੁਰੱਖਿਆ ਦੇ ਲਿਹਾਜ਼ ਨਾਲ ਮਹੱਤਵਪੂਰਨ ਥਾਵਾਂ 'ਤੇ ਸੀ.ਸੀ.ਟੀ.ਵੀ. ਕੈਮਰੇ ਲਗਾਏ ਜਾਣ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰਾਂ ਤੋਂ ਮੇਲੇ ਵਿੱਚ ਆਉਣ ਵਾਲੇ ਸ਼ਰਧਾਲੂਆਂ ਲਈ ਵੀ ਆਵਾਜਾਈ ਅਤੇ ਟ੍ਰੈਫਿਕ ਦਾ ਸੁਚਾਰੂ ਪ੍ਰਬੰਧ ਕੀਤਾ ਜਾਵੇ। ਮੇਲਾ ਪਰਿਸਰ ਦੇ ਹਰੇਕ ਸੈਕਟਰ ਵਿੱਚ ਵਾਹਨਾਂ ਲਈ ਪਾਰਕਿੰਗ ਦੀ ਵਿਵਸਥਾ ਹੋਵੇ ਅਤੇ ਟ੍ਰੈਫਿਕ ਨੂੰ ਸੁਚਾਰੂ ਬਣਾਈ ਰੱਖਣ ਲਈ ਪ੍ਰਭਾਵਸ਼ਾਲੀ ਇੰਤਜ਼ਾਮ ਕੀਤੇ ਜਾਣ।

ਮੁੱਖ ਮੰਤਰੀ ਨੇ ਇਤਿਹਾਸਕ ਅਜਾਇਬ ਘਰ ਦੀ ਦੇਖਭਾਲ ਅਤੇ ਲੋੜੀਂਦੀ ਮੁਰੰਮਤ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਕਿਹਾ ਕਿ ਮੇਲੇ ਦੌਰਾਨ ਸਿਹਤ/ਮੈਡੀਕਲ ਸਹੂਲਤਾਂ ਦੀ ਪਰਿਆਪਤ ਉਪਲਬਧਤਾ ਯਕੀਨੀ ਬਣਾਈ ਜਾਵੇ, ਤਾਂ ਜੋ ਲੋੜ ਪੈਣ 'ਤੇ ਸ਼ਰਧਾਲੂਆਂ ਨੂੰ ਤੁਰੰਤ ਡਾਕਟਰੀ ਸਹਾਇਤਾ ਮਿਲ ਸਕੇ।

ਮੁੱਖ ਮੰਤਰੀ ਨੇ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸਾਰੇ ਸਬੰਧਿਤ ਵਿਭਾਗ ਆਪਸੀ ਤਾਲਮੇਲ ਨਾਲ ਕੰਮ ਕਰਨ ਅਤੇ ਮੇਲੇ ਨਾਲ ਜੁੜੇ ਹਰੇਕ ਪ੍ਰਬੰਧ ਨੂੰ ਸਮਾਂ ਰਹਿੰਦੇ ਅੰਤਿਮ ਰੂਪ ਦੇਣ। ਉਨ੍ਹਾਂ ਕਿਹਾ ਕਿ ਰਾਜ ਪੱਧਰੀ ਕਪਾਲਮੋਚਨ ਮੇਲੇ ਦੀ ਇਤਿਹਾਸਕ ਗਰਿਮਾ, ਧਾਰਮਿਕ ਅਕੀਦਤ ਅਤੇ ਸੱਭਿਆਚਾਰਕ ਮਹੱਤਤਾ ਨੂੰ ਧਿਆਨ ਵਿੱਚ ਰੱਖਦਿਆਂ ਇਸ ਆਯੋਜਨ ਨੂੰ ਭਵ ਅਤੇ ਸੁਚੱਜਾ ਬਣਾਇਆ ਜਾਵੇ, ਤਾਂ ਜੋ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਆਉਣ ਵਾਲੇ ਸ਼ਰਧਾਲੂ ਸੁਖਦ ਅਨੁਭਵ ਲੈ ਕੇ ਵਾਪਸ ਮੁੜਨ।

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਖੇਡਾਂ ਨੂੰ ਮਿਲੀ ਨਵੀਂ ਪਛਾਣ ਅਤੇ ਨਵੀਂ ਦਿਸ਼ਾ : ਗੌਰਵ ਗੌਤਮ

ਚੰਡੀਗੜ੍ਹ, 11 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਖੇਡ ਅਤੇ ਯੁਵਾ ਅਧਿਕਾਰਤਾ ਰਾਜ ਮੰਤਰੀ ਸ਼੍ਰੀ ਗੌਰਵ ਗੌਤਮ ਨੇ ਪਲਵਲ ਸਥਿਤ ਲਕਸ਼ਮਣ ਮਹਿਲਾਵਤ ਕ੍ਰਿਕਟ ਅਕੈਡਮੀ ਵਿੱਚ ਮੰਗਲਵਾਰ ਨੂੰ ਸ੍ਰੀਲੰਕਾ ਦੀ ਅੰਡਰ-14 ਕ੍ਰਿਕਟ ਟੀਮ ਅਤੇ ਸਰਸਵਤੀ ਕ੍ਰਿਕਟ ਅਕੈਡਮੀ ਦੀ ਅੰਡਰ-14 ਕ੍ਰਿਕਟ ਟੀਮ ਵਿਚਕਾਰ ਕ੍ਰਿਕਟ ਮੈਚ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ।

ਸ਼੍ਰੀ ਗੌਰਵ ਗੌਤਮ ਨੇ ਕਿਹਾ ਕਿ ਖੇਡਾਂ ਸਿਰਫ਼ ਸਰੀਰਕ ਵਿਕਾਸ ਦਾ ਮਾਧਿਅਮ ਨਹੀਂ ਹਨ, ਸਗੋਂ ਇਹ ਅਨੁਸ਼ਾਸਨ, ਆਤਮ-ਵਿਸ਼ਵਾਸ, ਲੀਡਰਸ਼ਿਪ ਸਮਰੱਥਾ, ਆਪਸੀ ਭਾਈਚਾਰੇ ਅਤੇ ਅੰਤਰਰਾਸ਼ਟਰੀ ਸਦਭਾਵਨਾ ਨੂੰ ਵੀ ਉਤਸ਼ਾਹਿਤ ਕਰਦੀਆਂ ਹਨ।

ਸ੍ਰੀਲੰਕਾ ਅਤੇ ਭਾਰਤ ਦੇ ਨੌਜਵਾਨ ਖਿਡਾਰੀਆਂ ਵਿਚਕਾਰ ਆਯੋਜਿਤ ਇਹ ਫਰੈਂਡਲੀ ਮੁਕਾਬਲਾ ਦੋਵਾਂ ਦੇਸ਼ਾਂ ਦੇ ਖੇਡ ਸਬੰਧਾਂ ਨੂੰ ਮਜ਼ਬੂਤ ਕਰਨ ਦੀ ਦਿਸ਼ਾ ਵਿੱਚ ਇੱਕ ਸ਼ਲਾਘਾਯੋਗ ਪਹਿਲਕਦਮੀ ਹੈ। ਅਜਿਹੇ ਆਯੋਜਨਾਂ ਨਾਲ ਨੌਜਵਾਨ ਖਿਡਾਰੀਆਂ ਨੂੰ ਅੰਤਰਰਾਸ਼ਟਰੀ ਪੱਧਰ ਦੇ ਖਿਡਾਰੀਆਂ ਨਾਲ ਖੇਡਣ ਅਤੇ ਉਨ੍ਹਾਂ ਤੋਂ ਸਿੱਖਣ ਦਾ ਮੌਕਾ ਮਿਲਦਾ ਹੈ।

ਖੇਡ ਰਾਜ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਵਿੱਚ ਖੇਡਾਂ ਨੂੰ ਨਵੀਂ ਪਛਾਣ ਅਤੇ ਨਵੀਂ ਦਿਸ਼ਾ ਮਿਲੀ ਹੈ। ਪ੍ਰਧਾਨ ਮੰਤਰੀ ਦੇ ਵਿਜ਼ਨ ਅਨੁਸਾਰ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਉਤਸ਼ਾਹਿਤ ਕਰਨ ਅਤੇ ਖੇਡਾਂ ਲਈ ਬਿਹਤਰ ਸਹੂਲਤਾਂ ਉਪਲਬਧ ਕਰਵਾਉਣ 'ਤੇ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ।

ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਦੀ ਅਗਵਾਈ ਹੇਠ ਸੂਬਾ ਸਰਕਾਰ ਵੀ ਖੇਡ ਪ੍ਰਤਿਭਾਵਾਂ ਨੂੰ ਅੱਗੇ ਵਧਾਉਣ ਲਈ ਨਿਰੰਤਰ ਯਤਨਸ਼ੀਲ ਹੈ।

ਖੇਡ ਰਾਜ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਦੀ ਖੇਡ ਨੀਤੀ, ਖਿਡਾਰੀਆਂ ਨੂੰ ਹੱਲਾਸ਼ੇਰੀ ਅਤੇ ਆਧੁਨਿਕ ਖੇਡ ਸਹੂਲਤਾਂ ਦੇ ਚਲਦਿਆਂ ਸੂਬੇ ਦੇ ਖਿਡਾਰੀ ਰਾਸ਼ਟਰੀ ਅਤੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਲੋਹਾ ਮਨਵਾ ਰਹੇ ਹਨ। ਹਰਿਆਣਾ ਦੀ ਖੇਡ ਨੀਤੀ ਦੀ ਸ਼ਲਾਘਾ ਪੂਰੇ ਦੇਸ਼ ਵਿੱਚ ਹੋ ਰਹੀ ਹੈ। ਹਰਿਆਣਾ ਇੱਕੋ-ਇੱਕ ਅਜਿਹਾ ਰਾਜ ਹੈ ਜਿੱਥੋਂ ਦੇ ਖਿਡਾਰੀ ਦੇਸ਼-ਦੁਨੀਆ ਵਿੱਚ ਰਾਜ ਦਾ ਨਾਂ ਰੋਸ਼ਨ ਕਰ ਰਹੇ ਹਨ। ਪੂਰੀ ਦੁਨੀਆ ਵਿੱਚ ਲੋਕ ਹਰਿਆਣਾ ਨੂੰ ਖੇਡਾਂ ਦੇ ਨਾਂ ਨਾਲ ਜਾਣਦੇ ਹਨ ਅਤੇ ਖੇਡਾਂ ਨੂੰ ਹਰਿਆਣਾ ਦੇ ਨਾਂ ਨਾਲ ਜਾਣਦੇ ਹਨ। ਖੇਡ ਰਾਜ ਮੰਤਰੀ ਗੌਰਵ ਗੌਤਮ ਨੇ ਕਿਹਾ ਕਿ 'ਮਿਸ਼ਨ ਓਲੰਪਿਕ 2036' ਤਹਿਤ ਨੌਜਵਾਨਾਂ ਨੂੰ ਓਲੰਪਿਕ ਮੁਕਾਬਲਿਆਂ ਲਈ ਤਿਆਰ ਕੀਤਾ ਜਾ ਰਿਹਾ ਹੈ।

ਇਸ ਦਾ ਉਦੇਸ਼ ਸੂਬੇ ਵਿੱਚ ਖੇਡ ਪ੍ਰਤਿਭਾਵਾਂ ਦੀ ਪਛਾਣ ਕਰਕੇ ਉਨ੍ਹਾਂ ਨੂੰ ਢੁਕਵੀਂ ਸਿਖਲਾਈ, ਸਰੋਤ ਅਤੇ ਬਿਹਤਰ ਮੌਕੇ ਉਪਲਬਧ ਕਰਵਾਉਣਾ ਹੈ, ਤਾਂ ਜੋ ਹਰਿਆਣਾ ਦੇ ਖਿਡਾਰੀ ਓਲੰਪਿਕ 2036 ਸਮੇਤ ਹੋਰ ਵਿਸ਼ਵ-ਪੱਧਰੀ ਮੁਕਾਬਲਿਆਂ ਵਿੱਚ ਦੇਸ਼ ਦਾ ਨਾਂ ਰੋਸ਼ਨ ਕਰ ਸਕਣ। ਉਨ੍ਹਾਂ ਨੇ ਨੌਜਵਾਨ ਖਿਡਾਰੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਦਾ ਸੱਦਾ ਦਿੱਤਾ।

ਵਿਕਾਸ ਕਾਰਜਾਂ ਦੇ ਟੈਂਡਰਾਂ ਵਿੱਚ ਤੇਜ਼ੀ ਲਈ ਵੱਖਰਾ ਕਾਰਪੋਰੇਸ਼ਨ ਬਣਾਇਆ ਜਾਵੇ : ਮੁੱਖ ਮੰਤਰੀ ਨਾਇਬ ਸਿੰਘ ਸੈਣੀ

ਚੰਡੀਗੜ੍ਹ, 12 ਨਵੰਬਰ
-ਸੰਜੀਵ ਸ਼ਰਮਾ-
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਦੇ ਮੁੱਖ ਮੰਤਰੀ ਸ਼੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਮਹੱਤਵਪੂਰਨ ਵਿਕਾਸ ਕੰਮਾਂ ਦੀ ਟੈਂਡਰ ਪ੍ਰਕਿਰਿਆ ਨੂੰ ਤੇਜ਼ੀ ਨਾਲ ਸਿਰੇ ਚਾੜ੍ਹਨ ਲਈ ਸਿੰਗਾਪੁਰ ਦੀ ਤਰਜ਼ @ਤੇ ਵੱਖਰਾ ਕਾਰਪੋਰੇਸ਼ਨ ਬਣਾਇਆ ਜਾਵੇ ਜੋ ਸਾਰੇ ਵਿਭਾਗਾਂ ਦੇ ਵੱਡੇ ਅਤੇ ਮਹੱਤਵਪੂਰਨ ਟੈਂਡਰਾਂ ਦੀ ਪ੍ਰਕਿਰਿਆ ਨੂੰ ਬਿਨਾਂ ਦੇਰੀ ਪੂਰਾ ਕਰਵਾਏ। ਇਸ ਨਾਲ ਵਿਕਾਸ ਕਾਰਜਾਂ ਵਿੱਚ ਤੇਜ਼ੀ ਆਵੇਗੀ ਅਤੇ ਬਜਟ ਦੀ ਯੋਗ ਵਰਤੋਂ ਯਕੀਨੀ ਹੋ ਸਕੇਗੀ।

ਮੁੱਖ ਮੰਤਰੀ ਨੇ ਇਹ ਗੱਲ ਬੁੱਧਵਾਰ ਨੂੰ ਹਰਿਆਣਾ ਸਿਵਲ ਸਕੱਤਰੇਤ ਵਿੱਚ ਅਗਲੇ ਵਿੱਤੀ ਸਾਲ ਦੇ ਬਜਟ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਚਾਲੂ ਵਿੱਤੀ ਸਾਲ ਦੇ ਵਿਭਾਗਵਾਰ ਖਰਚੇ ਦੀ ਸਮੀਖਿਆ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਕਹੀ। ਉਨ੍ਹਾਂ ਸਾਰੇ ਵਿਭਾਗਾਂ ਨੂੰ ਅਲਾਟ ਕੀਤੇ ਗਏ ਬਜਟ ਦੇ ਖਰਚੇ ਦੀ ਸਮੀਖਿਆ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਨੂੰ ਤੇਜ਼ ਗਤੀ ਨਾਲ ਪੂਰਾ ਕਰਵਾਇਆ ਜਾਵੇ ਤਾਂ ਜੋ ਅਲਾਟ ਕੀਤੇ ਗਏ ਬਜਟ ਦੀ ਚਾਲੂ ਵਿੱਤੀ ਸਾਲ ਦੀ ਸਮਾਪਤੀ ਤੋਂ ਪਹਿਲਾਂ ਯੋਗ ਵਰਤੋਂ ਹੋ ਸਕੇ।

ਸਮੀਖਿਆ ਮੀਟਿੰਗ ਵਿੱਚ ਕੁੱਝ ਵਿਭਾਗਾਂ ਦੇ ਟੈਂਡਰਾਂ ਵਿੱਚ ਦੇਰੀ ਦਾ ਮਾਮਲਾ ਸਾਹਮਣੇ ਆਉਣ @ਤੇ ਮੁੱਖ ਮੰਤਰੀ ਨੇ ਨਿਰਦੇਸ਼ ਦਿੱਤੇ ਕਿ ਵਿਕਾਸ ਕਾਰਜਾਂ ਦੀ ਪ੍ਰਵਿਰਤੀ ਦੇ ਅਨੁਸਾਰ ਨਵਾਂ ਕਾਰਪੋਰੇਸ਼ਨ ਬਣਾਉਣ ਦੇ ਨਾਲ-ਨਾਲ ਕੰਸਲਟੈਂਟ ਕੰਪਨੀਆਂ ਨੂੰ ਸੂਚੀਬੱਧ ਕਰਨ ਅਤੇ ਟਾਊਨਸ਼ਿਪ ਕੰਸਲਟੈਂਟ ਹਾਇਰ ਕਰਨ ਦੇ ਵਿਕਲਪ ਅਪਣਾਏ ਜਾਣ। ਇਸ ਲਈ ਮੁੱਖ ਸਕੱਤਰ ਦੀ ਪ੍ਰਧਾਨਗੀ ਹੇਠ ਵੱਡੇ ਵਿਭਾਗਾਂ ਦੇ ਅਧਿਕਾਰੀ ਉਚਿਤ ਯੋਜਨਾ ਬਣਾ ਕੇ ਇਸ ਨੂੰ ਅਮਲ ਵਿੱਚ ਲਿਆਉਣ।

ਉਨ੍ਹਾਂ ਕਿਹਾ ਕਿ ਵਿਭਾਗਾਂ ਲਈ ਟੈਂਡਰ ਦਸਤਾਵੇਜ਼ ਤਿਆਰ ਕਰਨ ਤੋਂ ਲੈ ਕੇ ਟੈਂਡਰ ਅਲਾਟ ਕਰਨ ਤੱਕ ਦੀ ਪ੍ਰਕਿਰਿਆ ਕਾਰਪੋਰੇਸ਼ਨ ਅਤੇ ਮਾਹਰ ਕੰਸਲਟੈਂਟਾਂ ਰਾਹੀਂ ਹੋਵੇਗੀ ਤਾਂ ਟੈਂਡਰ ਪ੍ਰਕਿਰਿਆ ਤੇਜ਼ ਗਤੀ ਨਾਲ ਪੂਰੀ ਹੋ ਸਕੇਗੀ, ਜਿਸ ਨਾਲ ਵਿਕਾਸ ਕਾਰਜਾਂ ਦਾ ਆਮ ਜਨਤਾ ਨੂੰ ਤੁਰੰਤ ਲਾਭ ਮਿਲ ਸਕੇਗਾ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੂਬੇ ਵਿੱਚ ਵਿਕਾਸ ਕਾਰਜਾਂ ਨੂੰ ਗਤੀ ਦੇਣ, ਜਨ-ਕਲਿਆਣਕਾਰੀ ਯੋਜਨਾਵਾਂ ਦੇ ਪ੍ਰਭਾਵਸ਼ਾਲੀ ਅਮਲ ਅਤੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਲਈ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਵਿੱਤੀ ਸਾਲ 2026-27 ਲਈ ਸੂਬੇ ਦਾ ਕੁੱਲ ਬਜਟ ਅਨੁਮਾਨ 2,23,658 ਕਰੋੜ ਰੁਪਏ ਨਿਰਧਾਰਿਤ ਕੀਤਾ ਗਿਆ ਹੈ, ਜੋ ਵਿੱਤੀ ਸਾਲ 2025-26 ਦੇ ਬਜਟ ਅਨੁਮਾਨ ਤੋਂ 9.1 ਪ੍ਰਤੀਸ਼ਤ ਵੱਧ ਹੈ। ਉਨ੍ਹਾਂ ਕਿਹਾ ਕਿ ਪਿਛਲੇ ਸਾਲ ਲਗਭਗ 95 ਪ੍ਰਤੀਸ਼ਤ ਬਜਟ ਖਰਚ ਹੋਇਆ ਸੀ। ਅਧਿਕਾਰੀ ਚਾਲੂ ਵਿੱਤੀ ਸਾਲ ਵਿੱਚ ਪ੍ਰਾਪਤ ਬਜਟ ਦਾ 100 ਪ੍ਰਤੀਸ਼ਤ ਖਰਚ ਕਰਨ ਦਾ ਟੀਚਾ ਰੱਖਣ। ਸਮੀਖਿਆ ਮੀਟਿੰਗ ਵਿੱਚ ਦੱਸਿਆ ਗਿਆ ਕਿ ਵਿਭਾਗਵਾਰ ਖਰਚੇ ਦੀ ਸਥਿਤੀ ਅਨੁਸਾਰ, 13 ਵਿਭਾਗ ਆਪਣੇ ਸਾਲਾਨਾ ਬਜਟ ਉਪਬੰਧ ਦਾ 50 ਪ੍ਰਤੀਸ਼ਤ ਤੋਂ ਵੱਧ ਖਰਚ ਕਰ ਚੁੱਕੇ ਹਨ। ਇਨ੍ਹਾਂ ਵਿੱਚ ਆਰਥਿਕ ਅਤੇ ਅੰਕੜਾ ਕਾਰਜ ਵਿਭਾਗ 91.8 ਪ੍ਰਤੀਸ਼ਤ ਖਰਚੇ ਨਾਲ ਮੋਹਰੀ ਹੈ। ਮਾਈਕ੍ਰੋ, ਲਘੂ ਅਤੇ ਮੱਧਮ ਉਦਯੋਗ (MSME) ਵਿਭਾਗ ਨੇ 73.7 ਪ੍ਰਤੀਸ਼ਤ, ਊਰਜਾ ਵਿਭਾਗ ਨੇ 72.9 ਪ੍ਰਤੀਸ਼ਤ, ਲੋਕ ਨਿਰਮਾਣ (ਭਵਨ ਅਤੇ ਸੜਕਾਂ) ਵਿਭਾਗ ਨੇ 68.6 ਪ੍ਰਤੀਸ਼ਤ, ਸਮਾਜਿਕ ਨਿਆਂ ਅਤੇ ਅਧਿਕਾਰਤਾ ਵਿਭਾਗ ਨੇ 63.2 ਪ੍ਰਤੀਸ਼ਤ ਅਤੇ ਜਨ ਸਿਹਤ ਇੰਜੀਨੀਅਰਿੰਗ ਵਿਭਾਗ ਨੇ 62.9 ਪ੍ਰਤੀਸ਼ਤ ਬਜਟ ਦੀ ਵਰਤੋਂ ਕੀਤੀ ਹੈ।

ਇਸੇ ਤਰ੍ਹਾਂ, ਪੁਲਿਸ ਵਿਭਾਗ ਵੱਲੋਂ 61 ਪ੍ਰਤੀਸ਼ਤ, ਟ੍ਰਾਂਸਪੋਰਟ ਵਿਭਾਗ ਵੱਲੋਂ 58.7 ਪ੍ਰਤੀਸ਼ਤ, ਸੈਕੰਡਰੀ ਸਿੱਖਿਆ ਵਿਭਾਗ ਵੱਲੋਂ 55.7 ਪ੍ਰਤੀਸ਼ਤ ਅਤੇ ਉੱਚ ਸਿੱਖਿਆ ਵਿਭਾਗ ਵੱਲੋਂ 51.9 ਪ੍ਰਤੀਸ਼ਤ ਬਜਟ ਖਰਚ ਕੀਤਾ ਗਿਆ ਹੈ। ਸਿਹਤ, ਮੈਡੀਕਲ ਸਿੱਖਿਆ ਅਤੇ ਖੋਜ ਅਤੇ ਪ੍ਰਾਇਮਰੀ ਸਿੱਖਿਆ ਵਰਗੇ ਮਹੱਤਵਪੂਰਨ ਖੇਤਰਾਂ ਵਿੱਚ ਵੀ ਬਜਟ ਦੀ ਪ੍ਰਭਾਵਸ਼ਾਲੀ ਵਰਤੋਂ ਕੀਤੀ ਜਾ ਰਹੀ ਹੈ। ਚੱਲ ਰਹੇ ਕੰਮਾਂ ਦੇ ਨੇਪਰੇ ਚੜ੍ਹਨ ਦੇ ਨਾਲ ਹੀ ਬਜਟ ਦੇ ਖਰਚੇ ਦੀ ਗਤੀ ਵਿੱਚ ਜ਼ਿਕਰਯੋਗ ਵਾਧਾ ਦਿਸੇਗਾ।

ਝੀਂਡਾ ਵੱਲੋਂ ਨਾਇਬ ਸੈਣੀ ਨਾਲ ਮੁਲਾਕਾਤ

ਸ਼ਾਹਬਾਦ ਮਾਰਕੰਡਾ, 12 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਬਜਟ ਪਾਸ ਨਾ ਹੋਣ ਦਾ ਮਾਮਲਾ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਤੱਕ ਪਹੁੰਚ ਗਿਆ ਹੈ। ਇਸ ਸਬੰਧੀ ਅੱਜ ਹਰਿਆਣਾ ਕਮੇਟੀ ਦੇ ਪ੍ਰਧਾਨ ਜਥੇਦਾਰ ਜਗਦੀਸ਼ ਸਿੰਘ ਝੀਂਡਾ ਅਤੇ ਕੁਝ ਮੈਂਬਰ ਮੁੱਖ ਮੰਤਰੀ ਨੂੰ ਮਿਲੇ।

ਪ੍ਰਧਾਨ ਜਗਦੀਸ਼ ਸਿੰਘ ਝੀਂਡਾ ਨੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੂੰ ਦੱਸਿਆ ਕਿ ਕੁਝ ਕਮੇਟੀ ਮੈਂਬਰ ਗੁਰਦੁਆਰਿਆਂ ਦਾ ਬਜਟ ਪਾਸ ਕਰਨ ਵਿੱਚ ਅੜਿੱਕਾ ਡਾਹ ਰਹੇ ਹਨ, ਜਿਨ੍ਹਾਂ ਬਾਰੇ ਉਨ੍ਹਾਂ ਨੇ ਮੁੱਖ ਮੰਤਰੀ ਨੂੰ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਬਜਟ ਪਾਸ ਨਾ ਹੋਣ ਕਾਰਨ ਕਈ ਪ੍ਰੇਸ਼ਾਨੀਆਂ ਆ ਰਹੀਆਂ ਹਨ ਅਤੇ ਵਿਕਾਸ ਕਾਰਜ ਰੁਕੇ ਹੋਏ ਹਨ। ਜਥੇਦਾਰ ਝੀਂਡਾ ਨੇ ਦੱਸਿਆ ਕਿ ਉਹ ਆਪਣੀ ਟੀਮ ਨੂੰ ਨਾਲ ਲੈ ਕੇ ਮੁੱਖ ਮੰਤਰੀ ਨੂੰ ਮਿਲੇ ਸਨ ਅਤੇ ਉਨ੍ਹਾਂ ਨੂੰ ਬਜਟ ਪਾਸ ਕਰਵਾਉਣ ਦੀ ਅਪੀਲ ਕੀਤੀ। ਉਨ੍ਹਾਂ ਵੱਲੋਂ ਮੁੱਖ ਮੰਤਰੀ ਨੂੰ ਦੱਸਿਆ ਗਿਆ ਕਿ ਬਜਟ ਪਾਸ ਨਾ ਹੋਣ ਕਰ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਹਮਣੇ ਬਹੁਤ ਸਾਰੀਆਂ ਸਮੱਸਿਆਵਾਂ ਆ ਰਹੀਆਂ ਹਨ। ਸੰਗਤ ਦੀ ਮੰਗ 'ਤੇ ਉਨ੍ਹਾਂ ਨੇ ਬਜਟ ਪਾਸ ਕਰਵਾਉਣ ਲਈ ਕਈ ਵਾਰ ਕਾਰਜਕਾਰਨੀ ਕਮੇਟੀ ਦੀ ਬੈਠਕ ਸੱਦੀ ਪਰ ਹਰਿਆਣਾ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਗੁਰਮੀਤ ਸਿੰਘ, ਮੀਤ ਪ੍ਰਧਾਨ ਗੁਰਬੀਰ ਸਿੰਘ, ਕਾਰਜਕਾਰਨੀ ਮੈਂਬਰ ਜਗਤਾਰ ਸਿੰਘ ਅਤੇ ਟੀ ਪੀ ਸਿੰਘ ਨਾਰਨੌਲ ਬੈਠਕ ਵਿੱਚ ਹਿੱਸਾ ਨਹੀਂ ਲੈਂਦੇ। ਉਨ੍ਹਾਂ ਮੁੱਖ ਮੰਤਰੀ ਨੂੰ ਅਪੀਲ ਕੀਤੀ ਕਿ ਜੋ ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕੰਮ ਵਿੱਚ ਅੜਿੱਕਾ ਡਾਹ ਰਹੇ ਹਨ, ਉਨ੍ਹਾਂ ਨਾਲ ਗੱਲਬਾਤ ਕਰਕੇ ਬਜਟ ਪਾਸ ਕਰਵਾਇਆ ਜਾਵੇ। ਇਸ ਮੌਕੇ ਸੰਯੁਕਤ ਸਕੱਤਰ ਬਲਵਿੰਦਰ ਸਿੰਘ ਭਿੰਡਰ, ਕਾਰਜਕਾਰਨੀ ਮੈਂਬਰ ਪਲਵਿੰਦਰ ਸਿੰਘ ਚੀਮਾ, ਰੁਪਿੰਦਰ ਸਿੰਘ ਪੰਜੋਖਰਾ ਸਾਹਿਬ ਅਤੇ ਮੈਂਬਰ ਮੇਜਰ ਸਿੰਘ ਵੀ ਮੌਜੂਦ ਸਨ।

ਮੱਛੀ ਪਾਲਕਾਂ ਲਈ ਸੂਬਾ ਸਰਕਾਰ ਨੇ ਸੋਲਰ ਸਿਸਟਮ ਸਬਸਿਡੀ ਦੀ ਸੀਮਾ ਵਧਾਈ : ਸ਼੍ਰੀ ਸ਼ਿਆਮ ਸਿੰਘ ਰਾਣਾ

ਚੰਡੀਗੜ੍ਹ, 11 ਨਵੰਬਰ
-ਸ਼ਹੀਦ-ਏ-ਆਜ਼ਮ-ਬਿਊਰੋ-



ਹਰਿਆਣਾ ਸਰਕਾਰ ਨੇ ਸੂਬੇ ਵਿੱਚ ਮੱਛੀ ਪਾਲਣ ਅਤੇ ਝੀਂਗਾ ਪਾਲਣ ਨੂੰ ਉਤਸ਼ਾਹ ਦੇਣ ਅਤੇ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਕਰਨ ਦੇ ਮਕਸਦ ਨਾਲ ਇੱਕ ਵੱਡਾ ਅਤੇ ਮਹੱਤਵਪੂਰਨ ਫ਼ੈਸਲਾ ਲਿਆ ਹੈ।

ਹਰਿਆਣਾ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਅਤੇ ਮੱਛੀ ਪਾਲਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਝੀਂਗਾ ਪਾਲਕਾਂ ਦੀ ਉਤਪਾਦਨ ਲਾਗਤ ਨੂੰ ਘਟਾਉਣ ਅਤੇ ਉਨ੍ਹਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣ ਲਈ ਸੋਲਰ ਸਿਸਟਮ 'ਤੇ ਮਿਲਣ ਵਾਲੀ ਸਬਸਿਡੀ ਦੀ ਸੀਮਾ ਵਿੱਚ ਵਿਆਪਕ ਵਾਧਾ ਕੀਤਾ ਗਿਆ ਹੈ।

ਝੀਂਗਾ ਪਾਲਣ ਦੌਰਾਨ ਬਿਜਲੀ ਅਤੇ ਜਨਰੇਟਰ 'ਤੇ ਹੋਣ ਵਾਲੇ ਭਾਰੀ ਖ਼ਰਚੇ ਨੂੰ ਧਿਆਨ ਵਿੱਚ ਰੱਖਦਿਆਂ ਸੂਬਾ ਸਰਕਾਰ ਨੇ ਸੋਲਰ ਸਿਸਟਮ ਸਬਸਿਡੀ ਦੀ ਸੀਮਾ ਨੂੰ ਪਹਿਲਾਂ ਦੇ 10 ਕਿਲੋਵਾਟ ਤੋਂ ਵਧਾ ਕੇ ਹੁਣ 30 ਕਿਲੋਵਾਟ ਤੱਕ ਕਰ ਦਿੱਤਾ ਹੈ।

ਉਨ੍ਹਾਂ ਦੱਸਿਆ ਕਿ ਵਿੱਤੀ ਵਰ੍ਹੇ 2025-26 ਦੌਰਾਨ ਰਾਜ ਦੀ ਯੋਜਨਾ ÷ਗਹਨ ਮੱਛੀ ਵਿਕਾਸ ਪ੍ਰੋਗਰਾਮ÷ ਤਹਿਤ ਸਫੈਦ ਮੱਛੀ ਪਾਲਣ ਲਈ 50,000 ਰੁਪਏ ਪ੍ਰਤੀ ਕਿਲੋਵਾਟ ਜਾਂ 30 ਕਿਲੋਵਾਟ ਲਈ 15,00,000 ਰੁਪਏ ਦੀ ਕੁੱਲ ਪ੍ਰੋਜੈਕਟ ਲਾਗਤ ਨਿਰਧਾਰਿਤ ਕੀਤੀ ਗਈ ਹੈ, ਜਿਸ 'ਤੇ ਮੱਛੀ/ਝੀਂਗਾ ਪਾਲਕਾਂ ਨੂੰ 60 ਫ਼ੀਸਦੀ ਦੀ ਭਾਰੀ ਸਬਸਿਡੀ ਪ੍ਰਦਾਨ ਕੀਤੀ ਜਾਵੇਗੀ।

ਇਸ ਪਹਿਲਕਦਮੀ ਨਾਲ ਝੀਂਗਾ ਪਾਲਕਾਂ ਦਾ ਮਹੀਨਾਵਾਰ ਬਿਜਲੀ ਬਿੱਲ ਕਾਫ਼ੀ ਹੱਦ ਤੱਕ ਘਟ ਜਾਵੇਗਾ, ਜਿਸ ਨਾਲ ਉਨ੍ਹਾਂ ਦੀ ਉਤਪਾਦਨ ਲਾਗਤ ਘਟੇਗੀ ਅਤੇ ਸ਼ੁੱਧ ਮੁਨਾਫ਼ਾ ਸਿੱਧੇ ਤੌਰ 'ਤੇ ਵਧ ਸਕੇਗਾ।

ਸ਼੍ਰੀ ਰਾਣਾ ਨੇ ਦੱਸਿਆ ਕਿ ਇਸ ਦੇ ਨਾਲ ਹੀ ਰਾਜ ਵਿੱਚ ਆਧੁਨਿਕ ਤਕਨੀਕਾਂ ਨਾਲ ਮੱਛੀ ਅਤੇ ਝੀਂਗਾ ਪਾਲਣ ਨੂੰ ਉਤਸ਼ਾਹਿਤ ਕਰਨ ਲਈ ਵਿਸ਼ਵ-ਪੱਧਰੀ ਬੁਨਿਆਦੀ ਢਾਂਚੇ ਦਾ ਵਿਕਾਸ ਕੀਤਾ ਜਾ ਰਹਾ ਹੈ, ਜਿਸ ਤਹਿਤ ਸਿਰਸਾ ਅਤੇ ਭਿਵਾਨੀ ਜ਼ਿਲ੍ਹਿਆਂ ਵਿੱਚ ਇੱਕ-ਇੱਕ ਏਕੀਕ੍ਰਿਤ ਐਕਵਾ ਪਾਰਕ ਸਥਾਪਿਤ ਕੀਤਾ ਜਾ ਰਿਹਾ ਹੈ।

ਭਿਵਾਨੀ ਵਿੱਚ ਸਥਾਪਿਤ ਹੋ ਰਹੇ ਸੈਂਟਰ ਆਫ਼ ਐਕਸੀਲੈਂਸ ਦਾ ਨਿਰਮਾਣ ਕਾਰਜ ਪਹਿਲਾਂ ਹੀ ਸ਼ੁਰੂ ਹੋ ਚੁੱਕਾ ਹੈ ਅਤੇ ਇਸ ਦੇ ਜੂਨ 2028 ਤੱਕ ਪੂਰੀ ਤਰ੍ਹਾਂ ਤਿਆਰ ਹੋਣ ਦੀ ਸੰਭਾਵਨਾ ਹੈ।

ਦੂਜੇ ਪਾਸੇ, ਸਿਰਸਾ ਜ਼ਿਲ੍ਹੇ ਦੇ ਪਿੰਡ ਪੋਹੜਕਾ ਵਿੱਚ ਕੇਂਦਰ ਸਰਕਾਰ ਦੀ ਅਹਿਮ ਯੋਜਨਾ ÷ਪ੍ਰਧਾਨ ਮੰਤਰੀ ਮੱਛੀ ਸੰਪਦਾ ਯੋਜਨਾ÷ ਦੇ ਅੰਤਰਗਤ ਏਕੀਕ੍ਰਿਤ ਐਕਵਾ ਪਾਰਕ ਸਥਾਪਿਤ ਕਰਨ ਦੀ ਪ੍ਰਕਿਰਿਆ ਵੀ ਅਧਿਕਾਰਤ ਤੌਰ 'ਤੇ ਸ਼ੁਰੂ ਕਰ ਦਿੱਤੀ ਗਈ ਹੈ। ਇਹਨਾਂ ਐਕਵਾ ਪਾਰਕਾਂ ਰਾਹੀਂ ਸਥਾਨਕ ਕਿਸਾਨਾਂ ਅਤੇ ਮੱਛੀ ਪਾਲਕਾਂ ਨੂੰ ਆਧੁਨਿਕ ਝੀਂਗਾ ਅਤੇ ਮੱਛੀ ਪਾਲਣ ਦੀ ਵਪਾਰਕ ਸਿਖਲਾਈ, ਉੱਤਮ ਨਸਲ ਦੇ ਬੀਜ ਅਤੇ ਵਿਗਿਆਨਕ ਮਾਰਗਦਰਸ਼ਨ ਇੱਕੋ ਛੱਤ ਹੇਠ ਆਸਾਨੀ ਨਾਲ ਮਿਲ ਸਕੇਗਾ।

ਮੱਛੀ ਪਾਲਣ ਮੰਤਰੀ ਸ਼੍ਰੀ ਸ਼ਿਆਮ ਸਿੰਘ ਰਾਣਾ ਨੇ ਸਪੱਸ਼ਟ ਕੀਤਾ ਕਿ ਹਰਿਆਣਾ ਸਰਕਾਰ ਮੱਛੀ ਪਾਲਕਾਂ ਅਤੇ ਕਿਸਾਨਾਂ ਦੇ ਵਿਆਪਕ ਹਿੱਤ ਵਿੱਚ ਲਗਾਤਾਰ ਠੋਸ ਕਦਮ ਚੁੱਕ ਰਹੀ ਹੈ। ਸਰਕਾਰ ਦੀ ਪਹਿਲ ਹੈ ਕਿ ਕਿਸਾਨ ਸਿਰਫ਼ ਪਰੰਪਰਾਗਤ ਕਣਕ-ਝੋਨੇ ਦੀ ਖੇਤੀ 'ਤੇ ਹੀ ਨਿਰਭਰ ਨਾ ਰਹਿਣ, ਸਗੋਂ ਮੱਛੀ ਪਾਲਣ ਅਤੇ ਝੀਂਗਾ ਪਾਲਣ ਵਰਗੇ ਉੱਚ-ਆਮਦਨ ਅਤੇ ਰੁਜ਼ਗਾਰ ਦੇਣ ਵਾਲੇ ਖੇਤਰਾਂ ਵਿੱਚ ਵੀ ਆਪਣੀ ਭਾਈਵਾਲੀ ਵਧਾਉਣ। ਵਿਸ਼ੇਸ਼ ਤੌਰ 'ਤੇ ਰਾਜ ਦੇ ਉਹਨਾਂ ਇਲਾਕਿਆਂ ਵਿੱਚ ਜਿੱਥੇ ਜ਼ਮੀਨ ਜਾਂ ਪਾਣੀ ਵਿੱਚ ਖਾਰਾਪਣ (ਲੂਣਤਾ) ਜ਼ਿਆਦਾ ਹੈ, ਉੱਥੇ ਚਿੱਟੇ ਝੀਂਗੇ ਦਾ ਪਾਲਣ ਕਿਸਾਨਾਂ ਦੀ ਕਿਸਮਤ ਬਦਲਣ ਵਾਲਾ ਸਾਬਤ ਹੋ ਰਿਹਾ ਹੈ।ਸ਼੍ਰੀ ਰਾਣਾ ਨੇ ਕਿਹਾ ਕਿ ਰਾਜ ਸਰਕਾਰ ਦੀਆਂ ਇਹਨਾਂ ਨੀਤੀਆਂ ਦਾ ਅੰਤਿਮ ਨਿਸ਼ਾਨਾ ਗ੍ਰਾਮੀਣ ਅਰਥਵਿਵਸਥਾ ਨੂੰ ਮਜ਼ਬੂਤੀ ਦੇਣਾ ਅਤੇ ਨੌਜਵਾਨਾਂ ਨੂੰ ਖੇਤੀਬਾੜੀ ਨਾਲ ਜੁੜੇ ਖੇਤਰਾਂ ਵਿੱਚ ਆਤਮਨਿਰਭਰ ਬਣਾਉਣਾ ਹੈ।

SEA DESIGN COMPANY
Customized and Designer



- Wedding Invitations - Shagan Envelop
- Wedding Boxes & Cards - Sahi Chithi
(MDF/Acrylic/Foldable Boxes)
98881-88887, 93577-77786

Shaheed-e-Azam
PRINTING PRESS
WORLDWIDE SHIPPING SERVICE
★ Business Cards ★ Books & Note Books
★ Flyers & Broucher ★ Diaries
★ Poster ★ Carry Bags
Opp. Gurudwara Dukhniwaran Sahib Srihind Road, Patiala